ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 1 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੧੯ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਰਾਸ਼ਟਰਪਤੀ ਦੀ ਫੇਰੀ ਦੌਰਾਨ

# ਮੰਦਰ ’ਚ ਮਚੀ ਭਗਦੜ, 10 ਮੌਤਾਂ

**ਨਵੀਂ ਦਿੱਲੀ**, 31 ਮਾਰਚ (**ਆਵਾਜ਼ਿ ਕੌਮ ਬਿਊਰੋ**)-ਇੱਕ ਪਾਸੇ ਜਦੋਂ ਪੂਰਾ ਪ੍ਰਸ਼ਾਸਨਿਕ ਤੰਤਰ ਰਾਸ਼ਟਰਪਤੀ ਦੇ ਨਾਲੰਦਾ ਦੌਰੇ ਦੇ ਪ੍ਰਬੰਧਾਂ ਵਿੱਚ ਰੁੱਝਿਆ ਹੋਇਆ ਸੀ, ਤਾਂ ਬਿਹਾਰ ਸ਼ਰੀਫ ਜ਼ਿਲ੍ਹੇ ਤੋਂ ਬੁਰੀ ਖ਼ਬਰ ਆਈ। ਮੰਗਲਵਾਰ ਨੂੰ ਬਿਹਾਰ ਸ਼ਰੀਫ ਦੇ ਮਘਰਾ ਵਿੱਚ ਮਾਤਾ ਸ਼ੀਤਲਾ ਅਸ਼ਟਮੀ ਮੰਦਰ ਵਿੱਚ ਭਾਰੀ ਭੀੜ ਵਿਚਕਾਰ ਭਗਦੜ ਮਚ ਗਈ। ਭਗਦੜ ਵਿੱਚ 10 ਸ਼ਰਧਾਲੂਆਂ ਦੀ ਮੌਤ ਹੋ ਗਈ, ਜਦਕਿ ਅੱਧਾ ਦਰਜਨ ਤੋਂ ਵੱਧ ਹੋਰ ਜ਼ਖਮੀ ਹੋ ਗਏ। ਜ਼ਖਮੀਆਂ ਨੂੰ ਇਲਾਜ ਲਈ ਬਿਹਾਰ ਸ਼ਰੀਫ ਦੇ ਮਾਡਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਕਈਆਂ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਰਿਪੋਰਟਾਂ ਅਨੁਸਾਰ, ਸਵੇਰ ਤੋਂ ਹੀ ਮੰਦਰ ਵਿੱਚ ਸ਼ਰਧਾਲੂਆਂ ਦੀ ਵੱਡੀ ਭੀੜ ਇਕੱਠੀ ਹੋ ਗਈ ਸੀ, ਕਿਉਂਕਿ ਇਹ ਚੈਤਰਾ ਮਹੀਨੇ ਦਾ ਆਖਰੀ ਮੰਗਲਵਾਰ ਸੀ। ਅਚਾਨਕ ਇੱਕ ਅਫਵਾਹ ਫੈਲ ਗਈ, ਜਿਸ ਕਾਰਨ ਭਗਦੜ ਮਚ ਗਈ। ਭੀੜ ਦੇ ਦਬਾਅ ਹੇਠ ਬਹੁਤ ਸਾਰੇ ਲੋਕ ਡਿੱਗ ਪਏ, ਅਤੇ ਭੀੜ ਵਿੱਚ, ਲੋਕ ਇੱਕ ਦੂਜੇ ਉੱਤੇ ਚੜ੍ਹਨ ਲੱਗੇ। ਕੁਝ ਸਮੇਂ ਬਾਅਦ, ਜਦੋਂ ਭੀੜ ਨੂੰ ਕਾਬੂ ਕੀਤਾ ਗਿਆ, ਤਾਂ ਕੁਚਲੇ ਗਏ ਲੋਕਾਂ ਦੀਆਂ ਲਾਸ਼ਾਂ ਨਿਕਲਣ ਲੱਗੀਆਂ। ਘਟਨਾ ਸਥਾਨ ਤੋਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜਿਆ ਗਿਆ ਹੈ। ਘਟਨਾ ਤੋਂ ਬਾਅਦ ਘਟਨਾ ਸਥਾਨ ’ਤੇ ਹਫੜਾ-ਦਫੜੀ ਮਚ ਗਈ। ਸਥਾਨਕ ਨਿਵਾਸੀਆਂ ਅਤੇ ਪ੍ਰਸ਼ਾਸਨ ਦੀ ਮਦਦ ਨਾਲ ਜ਼ਖਮੀਆਂ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਗਿਆ। ਪੁਲਿਸ ਅਤੇ ਪ੍ਰਸ਼ਾਸਨਿਕ ਅਧਿਕਾਰੀ ਮੌਕੇ ’ਤੇ ਪਹੁੰਚੇ ਅਤੇ ਸਥਿਤੀ ਨੂੰ ਕਾਬੂ ਕਰਨਾ ਸ਼ੁਰੂ ਕਰ ਦਿੱਤਾ। ਨਾਲੰਦਾ ਪੁਲਿਸ ਦੀ ਇੱਕ ਟੀਮ ਨੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਅੱਗੇ ਦੀ ਕਾਰਵਾਈ ਜਾਰੀ ਹੈ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੇ ਅੱਜ ਨਾਲੰਦਾ ਦੌਰੇ ਕਾਰਨ, ਪ੍ਰਸ਼ਾਸਨਿਕ ਤੰਤਰ ਘਟਨਾ ਦੀ ਤਿਆਰੀ ਵਿੱਚ ਰੁੱਝਿਆ ਹੋਇਆ ਸੀ, ਅਤੇ ਇਹ ਵੱਡੀ ਘਟਨਾ ਸਾਹਮਣੇ ਆਈ। ਘਟਨਾ ਤੋਂ ਬਾਅਦ ਇੱਕ ਘੰਟੇ ਤੱਕ, ਲੋਕ ਆਪਣੇ ਰਿਸ਼ਤੇਦਾਰਾਂ ਦੀ ਭਾਲ ਵਿੱਚ ਰੁੱਝੇ ਰਹੇ। ਜ਼ਿਆਦਾਤਰ ਲੋਕ ਆਪਣੇ ਪਰਿਵਾਰਾਂ ਨਾਲ ਆਏ ਸਨ, ਜਿਸ ਕਾਰਨ ਬੱਚਿਆਂ ਦੀ ਗਿਣਤੀ ਵੀ ਜ਼ਿਆਦਾ ਸੀ।






## ਲੋਕਾਂ ਦੇ ਗੁੱਸੇ ਅੱਗੇ ਝੁਕੀ ਹਿਮਾਚਲ ਸਰਕਾਰ, ਐਂਟਰੀ ਟੈਕਸ ਵਾਧੇ ਦੇ ਫੈਸਲੇ ਨੂੰ ਲਿਆ ਵਾਪਸ

**ਸ਼ਿਮਲਾ, 31 ਮਾਰਚ (ਆਵਾਜ਼ਿ ਕੌਮ ਬਿਊਰੋ)**- ਹਿਮਾਚਲ ਪ੍ਰਦੇਸ਼ ਵਿੱਚ ਐਂਟਰੀ ਟੈਕਸ ਦੇ ਵਧਾਏ ਹੋਏ ਰੇਟ ਲਾਗੂ ਕਰਨ ਦੇ ਫੈਸਲੇ ‘ਤੇ ਵੱਡਾ ਯੂ-ਟਰਨ ਲੈਂਦੇ ਹੋਏ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਵੱਲੋਂ ਇਹ ਵਾਧਾ ਵਾਪਸ ਲੈਣ ਦਾ ਐਲਾਨ ਕਰ ਦਿੱਤਾ ਗਿਆ ਹੈ। ਇਹ ਫੈਸਲਾ ਉਸ ਵੇਲੇ ਸਾਹਮਣੇ ਆਇਆ ਜਦੋਂ ਅੱਜ ਰਾਤ 12 ਵਜੇ ਤੋਂ ਨਵੇਂ ਰੇਟ ਲਾਗੂ ਹੋਣ ਵਾਲੇ ਸਨ ਅਤੇ ਬਾਰਡਰਾਂ ‘ਤੇ ਵਿਰੋਧ ਦੀ ਤਿਆਰੀ ਜ਼ੋਰਾਂ ‘ਤੇ ਸੀ। ਸਰਕਾਰ ਦੇ ਇਸ ਤਾਜ਼ਾ ਫੈਸਲੇ ਨਾਲ ਪੰਜਾਬ ਸਮੇਤ ਦੇਸ਼ ਦੇ ਵੱਖ-ਵੱਖ ਰਾਜਾਂ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ। ਹਰ ਸਾਲ ਵੱਡੀ ਗਿਣਤੀ ਵਿੱਚ ਸੈਲਾਨੀ ਹਿਮਾਚਲ ਪ੍ਰਦੇਸ਼ ਦਾ ਰੁਖ ਕਰਦੇ ਹਨ, ਜਦਕਿ ਕਈ ਲੋਕ ਧਾਰਮਿਕ ਸਥਾਨਾਂ ‘ਤੇ ਮੱਥਾ ਟੇਕਣ ਲਈ ਵੀ ਇੱਥੇ ਆਉਂਦੇ ਹਨ। ਐਂਟਰੀ ਟੈਕਸ ਵਾਧੇ ਨਾਲ ਇਹ ਯਾਤਰਾ ਮਹਿੰਗੀ ਹੋਣ ਦੀ ਸੰਭਾਵਨਾ ਸੀ, ਜਿਸ ਕਰਕੇ ਲੋਕਾਂ ਵਿੱਚ ਨਾਰਾਜ਼ਗੀ ਵਧ ਰਹੀ ਸੀ।” ਦੂਜੇ ਪਾਸੇ, ਪੰਜਾਬ ਅਤੇ ਹਰਿਆਣਾ ਨਾਲ ਲੱਗਦੇ ਬਾਰਡਰਾਂ ‘ਤੇ ਬਣੇ ਐਂਟਰੀ ਪਲਾਜ਼ਿਆਂ ‘ਤੇ ਵੱਖ-ਵੱਖ ਜਥੇਬੰਦੀਆਂ ਵੱਲੋਂ ਵਿਰੋਧ ਅਤੇ ਧਰਨਿਆਂ ਦੀ ਤਿਆਰੀ ਕੀਤੀ ਜਾ ਰਹੀ ਸੀ।



## ਈਰਾਨ ’ਤੇ ਹਮਲੇ ਦੀ ਨਵੀਂ ਰਣਨੀਤੀ ਤਿਆਰ! ਹਿੰਦ ਮਹਾਸਾਗਰ ’ਚ ਅਮਰੀਕੀ ਜਲ-ਥਲ ਸੈਨਾ ਦੀ ਤਾਇਨਾਤੀ

**ਵਾਸ਼ਿੰਗਟਨ**, 31 ਮਾਰਚ (**ਆਵਾਜ਼ਿ ਕੌਮ ਬਿਊਰੋ**)-ਈਰਾਨ ਖ਼ਿਲਾਫ਼ ਸੰਭਾਵਿਤ ਜ਼ਮੀਨੀ ਹਮਲੇ ਦੀਆਂ ਅਟਕਲਾਂ ਦਰਮਿਆਨ ਅਮਰੀਕਾ ਨੇ ਹਿੰਦ ਮਹਾਂਸਾਗਰ ਵਿੱਚ ਆਪਣੀ ਜਲ ਅਤੇ ਥਲ ਸੈਨਾ ਭੇਜ ਦਿੱਤੀ ਹੈ। ਅਮਰੀਕੀ ਕੇਂਦਰੀ ਕਮਾਨ ਅਨੁਸਾਰ 45,000 ਟਨ ਵਜ਼ਨੀ ਉਭਯਚਰ ਹਮਲਾਵਰ ਜਹਾਜ਼ ’ਯੂਐਸਐਸ ਟ੍ਰਿਪੋਲੀ’ ਹਿੰਦ ਮਹਾਂਸਾਗਰ ਵਿੱਚ ਤਾਇਨਾਤ ਕਰ ਦਿੱਤਾ ਗਿਆ। ਜਾਰੀ ਕੀਤੀ ਗਈ ਇਕ ਤਸਵੀਰ ਵਿਚ 45 ਹਜ਼ਾਰ ਟਨ ਵਜ਼ਨੀ ਜੰਗੀ ਬੇੜੇ ਨੂੰ ਹਿੰਦ ਮਹਾਸਾਗਰ ਵਿਚ ਘੁੰਮਦੇ ਹੋਏ ਦਿਖਾਇਆ ਗਿਆ ਹੈ। ਹਾਲਾਂਕਿ ਈਰਾਨ ਤੋਂ ਇਸ ਦੀ ਦੂਰੀ ਦਾ ਸਹੀ ਖੁਲਾਸਾ ਨਹੀਂ ਕੀਤਾ ਗਿਆ। ਅਮਰੀਕੀ ਰੱਖਿਆ ਵਿਭਾਗ ਦੇ ਅੰਕੜਿਆਂ ਮੁਤਾਬਕ, ਯੂਐਸਐਸ ਟ੍ਰਿਪੋਲੀ ’ਤੇ 31ਵੀਂ ਮਰੀਨ ਐਕਸਪੀਡੀਸ਼ਨਰੀ ਯੂਨਿਟ ਦੇ ਲਗਭਗ 1,800 ਮਰੀਨ (ਸਮੁੰਦਰੀ ਸੈਨਿਕ) ਤਾਇਨਾਤ ਹਨ, ਜੋ ਕਿਸੇ ਵੀ ਤਰ੍ਹਾਂ ਦੇ ’ਜਹਾਜ਼ ਰੱਖਿਆ ਅਭਿਆਸ’ ਲਈ ਪੂਰੀ ਤਰ੍ਹਾਂ ਤਿਆਰ ਹਨ। ਜਾਰੀ ਫੁਟੇਜ ਵਿਚ ਮਰੀਨ ਜਹਾਜ਼ ਰੱਖਿਆ ਅਭਿਆਸ ਵਿਚ ਹਿੱਸਾ ਲੈਂਦੇ ਨਜ਼ਰ ਆ ਰਹੇ ਹਨ। ਅਮਰੀਕੀ ਜਲ ਸੈਨਾ ਦੇ ਅੰਕੜਿਆਂ ਦੇ ਅਨੁਸਾਰ ਜਹਾਜ਼ ਲਗਭਗ 1,850 ਮਰੀਨ ਅਤੇ ਲਗਭਗ 1,200 ਮਲਾਹਾਂ ਦੇ ਚਾਲਕ ਦਲ ਨੂੰ ਲਿਜਾਣ ਦੇ ਸਮਰੱਥ ਹੈ। ਇਸ ਦੇ ਸਮਰਥਨ ਵਿੱਚ ਉਭਯਚਰ ਟਰਾਂਸਪੋਰਟ ਜਹਾਜ਼ ਨਿਊ ਓਰਲੀਨਜ਼ ਵੀ ਤਾਇਨਾਤ ਹੈ, ਜੋ ਕਿ ਤ੍ਰਿਪੋਲੀ ਐਮਫੀਬੀਅਸ ਰੈਡੀ ਗਰੁੱਪ ਦਾ ਹਿੱਸਾ ਹੈ ਅਤੇ 700 ਵਾਧੂ ਮਰੀਨਾਂ ਨੂੰ ਰੱਖ ਸਕਦਾ ਹੈ। ਇਸ ਦੌਰਾਨ ਫੌਜੀ ਜਮਾਵੜੇ ਦੇ ਹਿੱਸੇ ਵਜੋਂ 2,200 ਮਰੀਨਾਂ ਦੇ ਨਾਲ 11ਵੀਂ ਨੇਵਲ ਐਕਸਪੀਡੀਸ਼ਨਰੀ ਫੋਰਸ ਨੂੰ ਪੱਛਮੀ ਏਸ਼ੀਆ ਵਿੱਚ ਤਾਇਨਾਤ ਕੀਤੇ ਜਾਣ ਦੀ ਰਿਪੋਰਟ ਹੈ। ਇਸ ਤੋਂ ਇਲਾਵਾ, 82ਵੀਂ ਏਅਰ ਫੋਰਸ ਯੂਨਿਟ ਦੇ ਲਗਭਗ 1,000 ਫੌਜਾਂ ਨੂੰ ਖੇਤਰ ਵਿੱਚ ਤਾਇਨਾਤ ਕੀਤੇ ਜਾਣ ਦੀ ਰਿਪੋਰਟ ਹੈ, ਜੋ ਵਧਦੇ ਤਣਾਅ ਦੇ ਵਿਚਕਾਰ ਵਿਆਪਕ ਅਮਰੀਕੀ ਫੌਜੀ ਤਿਆਰੀਆਂ ਦਾ ਸੰਕੇਤ ਹੈ। ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੰਕੇਤ ਦਿੱਤਾ ਹੈ ਕਿ ਅਮਰੀਕੀ ਫੌਜ ਈਰਾਨ ਦੇ ’ਖਾਰਗ ਟਾਪੂ’ ਨੂੰ ਨਿਸ਼ਾਨਾ ਬਣਾ ਸਕਦੀ ਹੈ, ਜੋ ਕਿ ਈਰਾਨ ਦੇ ਲਗਭਗ 90 ਪ੍ਰਤੀਸ਼ਤ ਤੇਲ ਨਿਰਯਾਤ ਦਾ ਮੁੱਖ ਕੇਂਦਰ ਹੈ। ਇਸ ਧਮਕੀ ਦੇ ਜਵਾਬ ਵਿੱਚ ਈਰਾਨ ਨੇ ਸਖ਼ਤ ਚੇਤਾਵਨੀ ਦਿੱਤੀ ਹੈ ਕਿ ਜੇਕਰ ਕੋਈ ਵੀ ਅਮਰੀਕੀ ਸੈਨਿਕ ਉਨ੍ਹਾਂ ਦੀ ਧਰਤੀ ’ਤੇ ਉਤਰਨ ਦੀ ਕੋਸ਼ਿਸ਼ ਕਰਦਾ ਹੈ, ਤਾਂ ਉਸ ਨੂੰ ’ਨੇਸਤਨਾਬੂਦ’ (ਖ਼ਤਮ) ਕਰ ਦਿੱਤਾ ਜਾਵੇਗਾ।

## ਅੰਮ੍ਰਿਤਸਰ ਏਅਰਪੋਰਟ ’ਤੇ ਅੱਜ 1 ਅਪ੍ਰੈਲ ਤੋਂ ਫਲਾਈਟ ਸੇਵਾਵਾਂ ’ਚ ਵੱਡਾ ਬਦਲਾਅ

**ਅੰਮ੍ਰਿਤਸਰ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਰਾਮਦਾਸ ਇੰਟਰਨੈਸ਼ਨਲ ਏਅਰਪੋਰਟ, ਅੰਮ੍ਰਿਤਸਰ ‘ਤੇ ਗਰਮੀ ਦੇ ਸ਼ੈਡਿਊਲ ਦੌਰਾਨ ਉਡਾਣਾਂ ਦੇ ਸੰਚਾਲਨ ਵਿੱਚ ਵੱਡਾ ਬਦਲਾਅ ਕੀਤਾ ਗਿਆ ਹੈ। ਏਅਰਪੋਰਟ ਅਥਾਰਟੀ ਆਫ ਇੰਡੀਆ ਵੱਲੋਂ ਰਨਵੇ ਦੀ ਮੁਰੰਮਤ ਅਤੇ ਅੱਪਗ੍ਰੇਡੇਸ਼ਨ ਕੰਮਾਂ ਦੇ ਮੱਦੇਨਜ਼ਰ ਇਹ ਫੈਸਲਾ ਲਿਆ ਗਿਆ ਹੈ। ਏਅਰਪੋਰਟ ਡਾਇਰੈਕਟਰ ਭੁਪਿੰਦਰ ਸਿੰਘ ਨੇ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਾਰੀ NOTAM (ਨੋਟਿਸ ਟੂ ਏਅਰਮੈਨ) ਅਨੁਸਾਰ 1 ਅਪ੍ਰੈਲ 2026 ਤੋਂ 27 ਸਤੰਬਰ 2026 ਤੱਕ ਹਰ ਰੋਜ਼ ਦੁਪਹਿਰ 1:45 ਵਜੇ ਤੋਂ ਰਾਤ 9:45 ਵਜੇ ਤੱਕ ਰਨਵੇ ਪੂਰੀ ਤਰ੍ਹਾਂ ਗੈਰ-ਚਾਲੂ ਰਹੇਗਾ। ਇਸ ਸਮੇਂ ਦੌਰਾਨ ਕਿਸੇ ਵੀ ਫਲਾਈਟ ਦਾ ਸੰਚਾਲਨ ਨਹੀਂ ਹੋਵੇਗਾ। ਸਾਰੀਆਂ ਏਅਰਲਾਈਨਜ਼ ਨੇ ਆਪਣੇ ਆਉਣ ਅਤੇ ਜਾਣ ਦੇ ਸਮੇਂ ਵਿੱਚ ਬਦਲਾਅ ਕਰ ਲਿਆ ਹੈ ਅਤੇ ਫਲਾਈਟਾਂ ਬੰਦ ਸਮੇਂ ਤੋਂ ਪਹਿਲਾਂ ਜਾਂ ਬਾਅਦ ਵਿੱਚ ਹੀ ਚਲਾਈਆਂ ਜਾਣਗੀਆਂ। ਅੰਮ੍ਰਿਤਸਰ ਏਅਰਪੋਰਟ ਦੇ ਸਮਰ ਸ਼ੈਡਿਊਲ ਵਿੱਚ ਕੁੱਲ 62 ਫਲਾਈਟਾਂ ਸ਼ਾਮਲ ਹਨ, ਜਿਨ੍ਹਾਂ ਵਿੱਚ 40 ਘਰੇਲੂ ਅਤੇ 22 ਅੰਤਰਰਾਸ਼ਟਰੀ ਫਲਾਈਟਾਂ ਹਨ। ਇਹ ਏਅਰਪੋਰਟ ਦਿੱਲੀ, ਮੁੰਬਈ, ਬੈਂਗਲੁਰੂ, ਕੋਲਕਾਤਾ, ਅਹਿਮਦਾਬਾਦ, ਕੁੱਲੂ, ਸ੍ਰੀਨਗਰ ਅਤੇ ਪੁਣੇ ਨਾਲ ਜੁੜਿਆ ਹੋਇਆ ਹੈ, ਜਦਕਿ ਅੰਤਰਰਾਸ਼ਟਰੀ ਤੌਰ ‘ਤੇ ਦੋਹਾ, ਦੁਬਈ, ਸਿੰਗਾਪੁਰ, ਬਰਮਿੰਘਮ, ਲੰਡਨ ਗੈਟਵਿਕ, ਕੁਆਲਾ ਲੰਪੁਰ, ਸ਼ਾਰਜਾਹ ਅਤੇ ਬੈਂਕਾਕ ਲਈ ਉਡਾਣਾਂ ਚਲਦੀਆਂ ਹਨ। ਏਅਰਪੋਰਟ ਪ੍ਰਸ਼ਾਸਨ ਵੱਲੋਂ ਇਸ ਦੌਰਾਨ ਰਨਵੇ ਦੀ ਰੀ-ਕਾਰਪੇਟਿੰਗ ਦਾ ਕੰਮ ਕੀਤਾ ਜਾਵੇਗਾ, ਜੋ ਲਗਭਗ 3658 ਮੀਟਰ ਲੰਬਾ ਅਤੇ 60 ਮੀਟਰ ਚੌੜਾ ਹੈ। ਇਹ ਕੰਮ ਦੋ ਪਰਤਾਂ ਵਿੱਚ ਕੀਤਾ ਜਾਵੇਗਾ, ਜਿਸ ਨਾਲ ਵੱਡੇ ਜਹਾਜ਼ਾਂ ਜਿਵੇਂ ਬੋਇੰਗ 747-800 ਦੀ ਸੁਰੱਖਿਅਤ ਲੈਂਡਿੰਗ ਅਤੇ ਟੇਕਆਫ਼ ਯਕੀਨੀ ਬਣਾਇਆ ਜਾ ਸਕੇ। ਇਸ ਤੋਂ ਇਲਾਵਾ ਰਨਵੇ ਦੇ ਦੋਹਾਂ ਸਿਰਿਆਂ ‘ਤੇ RESA (ਰਨਵੇ ਐਂਡ ਸੇਫਟੀ ਏਰੀਆ) ਨੂੰ ਅੰਤਰਰਾਸ਼ਟਰੀ ਮਿਆਰਾਂ ਅਨੁਸਾਰ ਵਿਕਸਿਤ ਕੀਤਾ ਜਾਵੇਗਾ। ਏਅਰਪੋਰਟ ‘ਤੇ ਮੌਜੂਦ 2000 ਤੋਂ ਵੱਧ ਪੁਰਾਣੀਆਂ AGL ਲਾਈਟਾਂ ਨੂੰ LED ਲਾਈਟਾਂ ਨਾਲ ਬਦਲਿਆ ਜਾਵੇਗਾ, ਜਿਸ ਨਾਲ ਘੱਟ ਬਿਜਲੀ ਖਪਤ ਦੇ ਨਾਲ ਵਧੀਆ ਦ੍ਰਿਸ਼ਟਤਾ ਮਿਲੇਗੀ। ਇਸਦੇ ਨਾਲ ਹੀ ILCMS (ਇੰਡਿਵਿਜੁਅਲ ਲਾਈਟ ਕੰਟਰੋਲ ਮਾਨੀਟਰਿੰਗ ਸਿਸਟਮ) ਵੀ ਲਗਾਇਆ ਜਾਵੇਗਾ, ਜਿਸ ਨਾਲ ਘੱਟ ਵਿਜ਼ੀਬਿਲਟੀ ਦੌਰਾਨ ਲਾਈਟਾਂ ਦੀ ਜਾਂਚ ਦਾ ਸਮਾਂ ਘਟੇਗਾ ਅਤੇ ਉਡਾਣਾਂ ਹੋਰ ਸੁਰੱਖਿਅਤ ਤੇ ਤੇਜ਼ੀ ਨਾਲ ਸੰਚਾਲਿਤ ਹੋ ਸਕਣਗੀਆਂ। ਏਅਰਪੋਰਟ ਪ੍ਰਬੰਧਨ ਵੱਲੋਂ ਯਾਤਰੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਯਾਤਰਾ ਤੋਂ ਪਹਿਲਾਂ ਆਪਣੀਆਂ ਸੰਬੰਧਤ ਏਅਰਲਾਈਨਜ਼ ਨਾਲ ਅੱਪਡੇਟਡ ਫਲਾਈਟ ਸ਼ੈਡਿਊਲ ਜ਼ਰੂਰ ਚੈੱਕ ਕਰਨ। ਪ੍ਰਸ਼ਾਸਨ ਦਾ ਕਹਿਣਾ ਹੈ ਕਿ ਇਹ ਸਾਰੇ ਕੰਮ ਯਾਤਰੀਆਂ ਦੀ ਸੁਰੱਖਿਆ ਅਤੇ ਭਵਿੱਖ ਵਿੱਚ ਬਿਹਤਰ ਸੇਵਾਵਾਂ ਲਈ ਜ਼ਰੂਰੀ ਹਨ। ਇਸ ਦੌਰਾਨ ਹੋਣ ਵਾਲੀ ਅਸੁਵਿਧਾ ਲਈ ਖੇਦ ਪ੍ਰਗਟ ਕਰਦੇ ਹੋਏ ਯਾਤਰੀਆਂ ਤੋਂ ਸਹਿਯੋਗ ਦੀ ਅਪੀਲ ਕੀਤੀ ਗਈ ਹੈ।



## ਸਾਕਾ ਨੀਲਾ ਤਾਰਾ ਦੌਰਾਨ ਜ਼ਬਤ ਵਸਤਾਂ ਦਾ ਮਾਮਲਾ; ਹਾਈਕੋਰਟ ਵੱਲੋਂ ਪੰਜਾਬ ਤੇ ਕੇਂਦਰ ਸਰਕਾਰ ਨੂੰ ਨੋਟਿਸ ਜਾਰੀ




**ਚੰਡੀਗੜ੍ਹ**, 31 ਮਾਰਚ (**ਆਵਾਜ਼ਿ ਕੌਮ ਬਿਊਰੋ**)-ਆਪਰੇਸ਼ਨ ਬੱਲੂ ਸਟਾਰ ਦੇ ਦੌਰਾਨ ਜਬਤ ਕੀਤੀਆਂ ਵਸਤਾਂ ਦੀ ਜਾਣਕਾਰੀ ਸਾਂਝਾ ਕਰਨ ਦੀ ਮੰਗ ਨੂੰ ਲੈ ਕੇ ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਕੇਂਦਰ ਸਣੇ ਪੰਜਾਬ ਸਰਕਾਰ ਕੋਲੋਂ ਜਵਾਬ ਤਲਬ ਕੀਤਾ ਗਿਆ ਹੈ। ਪਟੀਸ਼ਨ ’ਚ ਕਿਹਾ ਗਿਆ ਹੈ ਕਿ ਵਾਪਸ ਕੀਤੀ ਗਈਆਂ ਕਈ ਵਸਤਾਂ ਦੀ ਕੋਈ ਜਾਣਕਾਰੀ ਨਹੀਂ ਹੈ। ਆਪ੍ਰੇਸ਼ਨ ਬਲੂ ਸਟਾਰ ਦੌਰਾਨ ਸ੍ਰੀ ਹਰਿਮੰਦਰ ਸਾਹਿਬ ਦੀ ਸਿੱਖ ਰੈਫਰੈਂਸ ਲਾਇਬ੍ਰੇਰੀ, ਤੋਸ਼ਾਖਾਨਾ, ਕੇਂਦਰੀ ਸਿੱਖ ਅਜਾਇਬ ਘਰ ਅਤੇ ਗੁਰੂ ਰਾਮਦਾਸ ਲਾਇਬ੍ਰੇਰੀ ਤੋਂ ਜ਼ਬਤ ਕੀਤੀਆਂ ਗਈਆਂ ਹੱਥ-ਲਿਖਤਾਂ, ਧਾਰਮਿਕ ਕਿਤਾਬਾਂ, ਸਾਹਿਤ ਅਤੇ ਹੋਰ ਚੀਜ਼ਾਂ ਜੋ ਕਬਜ਼ੇ ’ਚ ਲਿਆ ਗਿਆ ਸੀ ਅਤੇ ਜਿਸ ਨੂੰ ਬਾਅਦ ’ਚ ਫੌਜ, ਸੀਬੀਆਈ ਅਤੇ ਸਰਕਾਰ ਨੇ ਐਸਜੀਪੀਸੀ ਨੂੰ ਸੌਂਪ ਦਿੱਤਾ ਸੀ, ਉਹ ਹੁਣ ਸਭ ਕਿੱਥੇ ਹੈ, ਇਸਦੀ ਜਾਣਕਾਰੀ ਦਿੱਤੇ ਜਾਣ ਦੀ ਮੰਗ ਨੂੰ ਲੈ ਕੇ ਪੰਜਾਬ ਤੇ ਹਰਿਆਣਾ ਹਾਈਕੋਰਟ ’ਚ ਦਾਇਰ ਪਟੀਸ਼ਨ ’ਤੇ ਮੁੜ ਤੋਂ ਕੇਂਦਰ ਸਣੇ ਪੰਜਾਬ ਸਰਕਾਰ ਤੋਂ ਜਵਾਬ ਤਲਬ ਕੀਤਾ ਗਿਆ ਹੈ। ਦੱਸ ਦਈਏ ਕਿ ਲੁਧਿਆਣਾ ਦੇ ਸਤਿੰਦਰ ਸਿੰਘ ਦੁਆਰਾ ਸਾਲ 2019 ’ਚ ਦਾਇਰ ਜਨਹਿੱਤ ਪਟੀਸ਼ਨ ’ਤੇ ਸੁਣਵਾਈ ਕਰਦੇ ਹੋਏ ਹਾਈਕੋਰਟ ਵੱਲੋਂ ਜਵਾਬ ਤਲਬ ਕੀਤਾ ਗਿਆ ਹੈ। ਦਾਇਰ ਪਟੀਸ਼ਨ ’ਚ ਪਟੀਸ਼ਨਕਰਤਾ ਨੇ ਹਾਈਕੋਰਟ ਨੇ ਦੱਸਿਆ ਕਿ ਆਪਰੇਸ਼ਨ ਬੱਲੂ ਸਟਾਰ ਦੇ ਦੌਰਾਨ ਫੌਜ, ਸੀਬੀਆਈ ਅਤੇ ਸਰਕਾਰ ਨੇ ਇਹ ਵੀ ਸਾਰੇ ਸਾਮਾਨ ਆਪਣੇ ਕਬਜ਼ੇ ’ਚ ਲੈ ਲਿਆ ਸੀ, ਪਰ ਬਾਅਦ ’ਚ ਇਹ ਵੀ ਐਸਜੀਸੀਪੀ ਨੂੰ ਵਾਪਿਸ ਦੇ ਦਿੱਤਾ ਗਿਆ। ਹੁਣ ਇਹ ਸਾਰਾ ਸਾਮਾਨ ਕਿੱਥੇ ਹੈ, ਇਸਦੀ ਕੋਈ ਜਾਣਕਾਰੀ ਨਹੀਂ ਹੈ ਅਤੇ ਨਾ ਹੀ ਇਸ ਨੂੰ ਸੁਰੱਖਿਅਤ ਰੱਖਣ ਲਈ ਕੋਈ ਯਤਨ ਨਹੀਂ ਕੀਤੇ ਜਾ ਰਹੇ ਹਨ। ਇਹ ਸਾਰੀਆਂ ਹੱਥ-ਲਿਖਤਾਂ, ਧਾਰਮਿਕ ਕਿਤਾਬਾਂ ਅਤੇ ਹੋਰ ਵਸਤੂਆਂ ਨੂੰ ਜਨਤਕ ਦੇਖਣ ਲਈ ਰੱਖਿਆ ਜਾਣਾ ਚਾਹੀਦਾ ਹੈ। ਇਹ ਸਭ ਕੁੱਝ ਖੋਜ ਲਈ ਵੀ ਮਹੱਤਵਪੂਰਨ ਹਨ। ਪਟੀਸ਼ਨਰ ਨੇ ਮੰਗ ਕੀਤੀ ਹੈ ਕਿ ਕੇਂਦਰ ਸਰਕਾਰ ਜ਼ਬਤ ਕੀਤੀਆਂ ਗਈਆਂ ਅਤੇ ਬਾਅਦ ਵਿੱਚ ਵਾਪਸ ਕੀਤੀਆਂ ਗਈਆਂ ਸਾਰੀਆਂ ਵਸਤੂਆਂ ਦੀ ਸੂਚੀ ਤਿਆਰ ਕਰੇ। ਇਹ ਜਨਹਿਤ ਪਟੀਸ਼ਨ 2019 ਵਿੱਚ ਦਾਇਰ ਕੀਤੀ ਗਈ ਸੀ, ਅਤੇ ਹਾਈ ਕੋਰਟ ਨੇ ਪਹਿਲਾਂ ਇਸ ਮਾਮਲੇ ਵਿੱਚ ਪ੍ਰਤੀਵਾਦੀ ਧਿਰਾਂ ਤੋਂ ਜਵਾਬ ਮੰਗੇ ਸਨ। ਹੁਣ, ਇੱਕ ਵਾਰ ਫਿਰ ਜਵਾਬ ਮੰਗੇ ਗਏ ਹਨ।

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ ਬਾਲੀਵੁੱਡ ਅਦਾਕਾਰਾ ਪ੍ਰਿਅੰਕਾ ਚੋਪੜਾ, ਛਬੀਲ ਅਤੇ ਭਾਂਡੇ ਮਾਂਜਣ ਦੀ ਕੀਤੀ ਸੇਵਾ



**ਅੰਮ੍ਰਿਤਸਰ/ਨਵੀਂ ਦਿੱਲੀ**, 31 ਮਾਰਚ (**ਆਵਾਜ਼ਿ ਕੌਮ ਬਿਊਰੋ**)-ਬਾਲੀਵੁੱਡ ਦੀ ਮਸ਼ਹੂਰ ਅਦਾਕਾਰਾ ਪ੍ਰਿਅੰਕਾ ਚੋਪੜਾ ਨੇ ਅੰਮ੍ਰਿਤਸਰ ਵਿਖੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਦੌਰਾਨ ਉਨ੍ਹਾਂ ਨੇ ਗੁਰੂ ਸਾਹਿਬ ਤੋਂ ਸਰਬੱਤ ਭਲੇ ਦੀ ਅਰਦਾਸ ਕੀਤੀ। ਦੱਸ ਦਈਏ ਕਿ ਅਦਾਕਾਰਾ ਪ੍ਰਿਅੰਕਾ ਚੋਪੜਾ ਦਾ ਅੰਮ੍ਰਿਤਸਰ ਦੌਰਾ ਪੂਰੀ ਤਰ੍ਹਾਂ ਨਾਲ ਗੁਪਤ ਰੱਖਿਆ ਹੋਇਆ ਸੀ। ਮਿਲੀ ਜਾਣਕਾਰੀ ਮੁਤਾਬਿਕ ਅਦਾਕਾਰ ਪ੍ਰਿਅੰਕਾ ਚੋਪੜਾ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਲਿਆ ਅਤੇ ਛਬੀਲ ਅਤੇ ਭਾਂਡੇ ਮਾਂਝਣ ਦੀ ਸੇਵਾ ਵੀ ਨਿਭਾਈ। ਇਸ ਤੋਂ ਇਲਾਵਾ ਅਦਾਕਾਰਾ ਨੇ ਕੁਝ ਸਮਾਂ ਪਰਿਕਰਮਾ ਵਿੱਚ ਬੈਠ ਕੇ ਗੁਰਬਾਣੀ ਕੀਰਤਨ ਦਾ ਆਨੰਦ ਵੀ ਮਾਣਿਆ। ਉਨ੍ਹਾਂ ਨੇ ਜੂਠੇ ਬਰਤਨਾਂ ਨੂੰ ਸਾਫ਼ ਕਰਨ ਦੀ ਸੇਵਾ ਕਰਕੇ ਸਿੱਖੀ ਦੇ ਸਿਧਾਂਤਾਂ, ਸੇਵਾ ਤੇ ਸਮਾਨਤਾ ਦਾ ਸੁੰਦਰ ਸੰਦੇਸ਼ ਦਿੱਤਾ। ਖ਼ਾਸ ਗੱਲ ਇਹ ਰਹੀ ਕਿ ਉਨ੍ਹਾਂ ਨੇ ਇਸ ਪਵਿੱਤਰ ਦੌਰੇ ਦੌਰਾਨ ਮੀਡੀਆ ਤੋਂ ਦੂਰੀ ਬਣਾਈ ਰੱਖੀ ਅਤੇ ਪੂਰੀ ਤਰ੍ਹਾਂ ਧਿਆਨ ਆਧਿਆਤਮਿਕਤਾ ਤੇ ਸੇਵਾ ਵਿੱਚ ਲਗਾਇਆ। ਇਸ ਦੌਰੇ ਨੂੰ ਲੋਕਾਂ ਵੱਲੋਂ ਕਾਫੀ ਸਰਾਹਿਆ ਜਾ ਰਿਹਾ ਹੈ, ਕਿਉਂਕਿ ਵੱਡੀਆਂ ਹਸਤੀਆਂ ਵੱਲੋਂ ਇਸ ਤਰ੍ਹਾਂ ਦੀ ਨਿਮਰਤਾ ਅਤੇ ਸੇਵਾ ਭਾਵਨਾ ਸਮਾਜ ਲਈ ਇੱਕ ਪ੍ਰੇਰਣਾ ਬਣਦੀ ਹੈ। ਮਿਲੀ ਜਾਣਕਾਰੀ ਮੁਤਾਬਿਕ 25 ਮਾਰਚ ਨੂੰ ਅੰਮ੍ਰਿਤਸਰ ਪਹੁੰਚੀ ਪ੍ਰਿਅੰਕਾ ਚੋਪੜਾ ਕਿਸੇ ਫਿਲਮ ਦੀ ਸ਼ੂਟਿੰਗ ਵਿੱਚ ਹਿੱਸਾ ਲਿਆ ਗਿਆ। ਪ੍ਰਿਅੰਕਾ ਚੋਪੜਾ ਦੇ ਅੰਮ੍ਰਿਤਸਰ ਦੌਰੇ ਨੂੰ ਪੂਰੀ ਤਰ੍ਹਾਂ ਦੇ ਨਾਲ ਗੁਪਤ ਰੱਖਿਆ ਗਿਆ।

ੴ ਸਤਿਗੁਰ ਪ੍ਰਸਾਦਿ

ਗੁਰਮੁਖਿ ਜਨਮ ਸਵਾਰ ਦਰਗਹਿ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ॥

# ਪਹਿਲੀ ਬਰਸੀ ਦਾ ਸਮਾਗਮ
# First Barsi (First Anniversary Memorial Service)



## ਸਵ. ਬੀਬੀ ਹਰਪ੍ਰੀਤ ਕੌਰ ਬੱਲ
## Sardani Harpreet Kaur Bal

ਪੰਥਕ ਹਲਕਿਆਂ ਵਿੱਚ ਜਾਣੀ-ਪਹਿਚਾਣੀ ਸ਼ਖਸ਼ੀਅਤ ਅਤੇ Sikh Federation (UK) ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬਲ ਜੀ ਦੀ ਸਿੰਘਣੀ ਬੀਬੀ ਹਰਪ੍ਰੀਤ ਕੌਰ ਬੱਲ ਜੀ, ਜੋ ਪਿਛਲੇ ਸਾਲ ਸਦੀਵੀ ਵਿਛੋੜਾ ਦੇ ਗਏ ਸਨ, ਉਹਨਾਂ ਦੀ ਪਵਿੱਤਰ ਯਾਦ ਵਿੱਚ ਪਹਿਲੀ ਬਰਸੀ ਦਾ ਸਮਾਗਮ ਮਨਾਇਆ ਜਾ ਰਿਹਾ ਹੈ।

**ਤਾਰੀਖ: 5 ਅਪ੍ਰੈਲ 2026 (ਦਿਨ ਐਤਵਾਰ)**

**ਸਮਾਂ: ਦੁਪਹਿਰ 12:00 ਵਜੇ ਤੋਂ 2:00 ਵਜੇ ਤੱਕ**

ਸਥਾਨ: Gurdwara Sri Guru Singh Sabha, Park Avenue, Southall.
(ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਪਾਰਕ ਐਵਨਿਊ, ਸਾਊਥਾਲ)

•ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ •ਗੁਰਬਾਣੀ ਕੀਰਤਨ •ਅਰਦਾਸ

• ਸਮਾਗਮ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਣਗੇ

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਬੀਬੀ ਹਰਪ੍ਰੀਤ ਕੌਰ ਜੀ ਦੀ ਪਵਿੱਤਰ ਯਾਦ ਵਿੱਚ ਹੋ ਰਹੇ ਅਰਦਾਸ ਸਮਾਗਮ ਵਿੱਚ ਸ਼ਾਮਲ ਹੋ ਕੇ ਅਸੀਸਾਂ ਦੇ ਭਾਗੀ ਬਣੋ ਜੀ।

ਬੇਨਤੀ ਕਰਤਾ:
ਹਰਮੀਤ ਸਿੰਘ ਬੱਲ, ਜਗਜੀਤ ਕੌਰ ਬੱਲ, ਭਵਨਪ੍ਰੀਤ ਕੌਰ ਸੰਧੂ

By the Grace of the True Guru
First Barsi (First Anniversary Memorial Service)
In loving memory of our beloved mother
Sardani Harpreet Kaur Bal
We humbly invite you to join us for a memorial service in her cherished memory.

**Sunday, 5th April 2026, 12:00 noon – 2:00 pm**

Programme:
* Sri Sukhmani Sahib Path, * Gurbani Kirtan * Ardas
* Followed by Guru Ka Langar

Venue : Gurdwara Sri Guru Singh Sabha, Park Avenue, Southall, Middlesex

Your presence with family and friends will be deeply appreciated as we gather to remember and honour her life.

**With humble request from:**
Harmeet Singh Bal, Jagjeet Kaur Bal, Bhavanpreet Kaur Sandhu

**Contact: +44 7771 608363**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

---

ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛੱਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥*

**ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ**



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਕੂੜਾ ਸੁੱਟ ਕੇ ਲੋਕਾਂ ਨੇ ਨਿਕਾਸੀ ਨਾਲਾ ਕੀਤਾ ਬੰਦ

# ਪਾਣੀ ਖੜ੍ਹਨ ਨਾਲ ਰਾਸ਼ਟਰੀ ਰਾਜ ਮਾਰਗ ਸੜਕ ਟੁੱਟਣੀ ਸ਼ੁਰੂ







**ਤਲਵੰਡੀ ਸਾਬੋ, 31 ਮਾਰਚ (ਗੁਰਜੰਟ ਸਿੰਘ ਨਥੇਹਾ)**- ਸਬ ਡਵੀਜ਼ਨ ਤਲਵੰਡੀ ਸਾਬੋ ਦੀ ਵਪਾਰਕ ਮੰਡੀ ਰਾਮਾਂ ਤੋਂ ਮੁੱਦਕੀ ਤੱਕ ਬਣੀ ਰਾਸ਼ਟਰੀ ਸੜਕ ਨੰਬਰ ਐੱਨ ਐੱਚ 254 ਦੇ ਦੋਵੇਂ ਪਾਸੇ ਬਣੇ ਨਿਕਾਸੀ ਨਾਲੇ ਨੂੰ ਕਈ ਥਾਵਾਂ ਤੋਂ ਉਪਰੋਂ ਤੋੜ ਕੇ ਉਸ ਵਿੱਚ ਲੋਕਾਂ ਵੱਲੋਂ ਕੂੜਾ ਸੁੱਟਣ ਕਾਰਨ ਇਹ ਨਿਕਾਸੀ ਨਾਲਾ ਬੰਦ ਹੋ ਗਿਆ ਹੈ ਜਿਸ ਕਾਰਨ ਸੜਕ ਉੱਪਰ ਪਾਣੀ ਇਕੱਠਾ ਹੋਣ ਨਾਲ ਸੜਕ ਟੁੱਟਣੀ ਸ਼ੁਰੂ ਹੋ ਗਈ ਹੈ। ਇੱਥੇ ਤਲਵੰਡੀ ਸਾਬੋ-ਮੌੜ ਰੋਡ ਅਤੇ ਰਿਫ਼ਾਇਨਰੀ ਰੋਡ ਦੇ ਨਾਮ 'ਤੇ ਜਾਣੀ ਜਾਂਦੀ ਇਹ ਰਾਸ਼ਟਰੀ ਸੜਕ 'ਤੇ ਤਲਵੰਡੀ ਸਾਬੋ ਦੇ ਸੰਗਤ ਵਾਲੇ ਬੱਸ ਸਟੈਂਡ ਦੇ ਨੇੜਿਓਂ ਜਿੱਥੇ ਪਹਿਲਾਂ ਹੀ ਇਸ ਦੇ ਦੋਵੇਂ ਪਾਸੇ ਨਿਕਾਸੀ ਨਾਲਾ ਬਣਾਉਣ ਸਮੇਂ ਠੇਕੇਦਾਰ ਵੱਲੋਂ ਕੁੱਝ ਥਾਵਾਂ 'ਤੇ ਨਿਕਾਸੀ ਨਾਲਾ ਨਾ ਬਣਾਏ ਜਾਣ ਕਾਰਨ ਬਰਸਾਤ ਦਾ ਪਾਣੀ ਸਹੀ ਢੰਗ ਨਾਲ ਨਹੀਂ ਸੀ ਨਿਕਲਦਾ ਉੱਥੇ ਹੁਣ ਕੁੱਝ ਲੋਕਾਂ ਵੱਲੋਂ ਬਾਕੀ ਨਾਲੇ ਨੂੰ ਵੀ ਤੋੜਕੇ ਉਸ ਵਿੱਚ ਕੂੜਾ ਸੁੱਟਣਾ ਚਾਲੂ ਕਰ ਦਿੱਤਾ ਗਿਆ ਹੈ ਜਿਸ ਕਾਰਨ ਨਿਕਾਸੀ ਨਾਲਾ ਬਿਲਕੁੱਲ ਬੰਦ ਹੋ ਗਿਆ ਹੈ ਅਤੇ ਬਰਸਾਤ ਕਾਰਨ ਇਕੱਠਾ ਹੋਣ ਵਾਲਾ ਪਾਣੀ ਸੜਕ ਤੇ ਰੁਕਣ ਲੱਗ ਪਿਆ ਹੈ ਅਤੇ ਸੜਕ ਜਗ੍ਹਾ ਜਗ੍ਹਾ ਤੋਂ ਟੁੱਟਣੀ ਸ਼ੁਰੂ ਹੋ ਗਈ ਹੈ। ਲੋਕਾਂ ਦੀ ਮੰਗ ਹੈ ਕਿ ਇਸ ਨਿਕਾਸੀ ਨਾਲੇ ਦੀ ਸਫ਼ਾਈ ਕਰਵਾਈ ਜਾਵੇ ਅਤੇ ਜਿੱਥੇ ਕਿਤੇ ਨਾਲਾ ਅਧੂਰਾ ਹੈ ਉਸ ਨੂੰ ਬਣਵਾਇਆ ਜਾਵੇ ਤਾਂ ਜੋ ਸੜਕ ਟੁੱਟਣ ਤੋਂ ਬਚਾਅ ਹੋ ਸਕੇ ਅਤੇ ਆਵਾਜਾਈ ਵਿੱਚ ਵਿਘਨ ਪੈਣ ਅਤੇ ਇਸ ਨਾਲ ਹੋਣ ਵਾਲੇ ਸੜਕ ਹਾਦਸਿਆਂ ਨੂੰ ਰੋਕਿਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

### ਪ੍ਰਿੰ: ਰਘਬੀਰ ਸਿੰਘ ਸੋਹਲ ਦਾ ਕਹਾਣੀ ਸੰਗ੍ਰਹਿ

# "ਯਾਦਾਂ ਦੀਆਂ ਉੱਡਣ ਤਸ਼ਤਰੀਆਂ" ਲੋਕ ਅਰਪਿਤ ਸਮਾਗਮ




**ਬਾਬਾ ਬਕਾਲਾ ਸਾਹਿਬ 31 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਪਿਛਲੇ 41 ਸਾਲਾਂ ਤੋਂ ਨਿਰੰਤਰ ਮਾਂ ਬੋਲੀ ਨੂੰ ਸਮਰਪਿਤ ਸੇਵਾਵਾਂ ਨਿਭਾਉਣਾ ਵਾਲੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਕੂਲ, ਚੂੰਗ ਵਿਖੇ ਕਰਵਾਇਆ ਗਿਆ । ਇਸ ਮੌਕੇ ਸਮਾਗਮ ਵਿੱਚ ਮੁੱਖ ਮਹਿਮਾਨ ਡਾ: ਆਸਾ ਸਿੰਘ ਘੁੰਮਣ (ਸਾ: ਪ੍ਰਧਾਨ ਸਿਰਜਣਾ ਕੇਂਦਰ ਕਪੂਰਥਲਾ) ਸਨ, ਜਦਕਿ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਦਫਤਰ ਸਕੱਤਰ ਦੀਪ ਦਵਿੰਦਰ ਸਿੰਘ, ਕਾਰਜਕਾਰੀ ਮੈਂਬਰ ਗੁਰਮੀਤ ਸਿੰਘ ਬਾਜਵਾ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ,, ਡਾ: ਰਮ ਲਾਲ ਭਗਤ (ਮਹਿਕ ਪੰਜਾਬ ਦੀ), ਡਾ: ਗਿਆਨ ਸਿੰਘ ਘੇਈ (ਪ੍ਰਧਾਨ ਰਣਜੀਤ ਸਾਹਿਤ ਸਭਾ ਅੰਮ੍ਰਿਤਸਰ), ਸ਼ਾਇਰਾ ਕੁਲਵਿੰਦਰ ਕੰਵਲ ਸੁਲਤਾਨਪੁਰ ਲੋਧੀ, ਕੁਲਵਿੰਦਰ ਸਿੰਘ ਗਾਖਲ ਪ੍ਰਧਾਨ ਸਾਹਿਤ ਪ੍ਰਚਾਰ ਮੰਚ ਜਲੰਧਰ), ਸਭਾ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਪ੍ਰਿੰ: ਤੇਜਬੀਰ ਸਿੰਘ ਸੋਹਲ, ਪ੍ਰਿੰ: ਜਸਪ੍ਰੀਤ ਕੌਰ, ਸ੍ਰੀ ਅਸ਼ੋਕ ਸ਼ਰਮਾ ਜਲੰਧਰ, ਵਜ਼ੀਰ ਸਿੰਘ ਰੰਧਾਵਾ ਅਤੇ ਮੈਡਮ ਮਨਦੀਪ ਕੌਰ ਸ਼ੁਸ਼ੋਭਿਤ ਹੋਏ । ਇਸ ਮੌਕੇ ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ ਦਾ ਕਹਾਣੀ ਸੰਗ੍ਰਹਿ "ਯਾਦਾਂ ਦੀਆਂ ਉੱਡਣ ਤਸ਼ਤਰੀਆਂ" ਸਮੁੱਚੇ ਪ੍ਰਧਾਨਗੀ ਮੰਡਲ ਨੇ ਲੋਕ ਅਰਪਿਤ ਕੀਤਾ ।ਇਸ ਮੌਕੇ ਕਵੀ ਦਰਬਾਰ ਵਿੱਚ ਇਸ ਮੌਕੇ ਮਾਂ ਬੋਲੀ ਨੂੰ ਸਮਰਪਿਤ ਹੋਏ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ ਮਹਿਲਾ ਵਿੰਗ ਦੀ ਪ੍ਰਧਾਨ ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਜੈਸਮੀਨ ਮਾਹੀ, ਹਰਪ੍ਰੀਤ ਕੌਰ, ਮੱਖਣ ਸਿੰਘ ਭੈਣੀਵਾਲਾ, ਜਗਨ ਨਾਥ ਨਿਮਾਣਾ, ਲਾਲੀ ਕਰਤਾਰਪੁਰੀ, ਰਮੇਸ਼ ਜਾਨੂੰ, ਅਵਤਾਰ ਸਿੰਘ ਗੋਇੰਦਵਾਲ, ਗਿ: ਗੁਲਜ਼ਾਰ ਸਿੰਘ ਖੈੜਾ, ਮੁਖਤਾਰ ਸਿੰਘ ਗਿੱਲ, ਜਤਿਨਦੀਪ ਸਿੰਘ, ਸੁਖਦੇਵ ਸਿੰਘ ਗੰਡਵਾਂ, ਮੁਖਤਿਆਰ ਸਿੰਘ ਸ਼ਿਵਾਨ, ਅਵਤਾਰ ਸਿੰਘ ਬੈਂਸ, ਜਗਦੀਸ਼ ਸਿੰਘ ਬਮਰਹ, ਬਲਵਿੰਦਰ ਸਿੰਘ ਅਠੌਲਾ, ਅਜੀਤ ਸਠਿਆਲਵੀ, ਸੁਖਦੇਵ ਸਿੰਘ ਢਿੱਲੋਂ, ਡਾ. ਸੰਤੋਖ ਸਿੰਘ ਭੋਮਾ, ਸੁਰਿੰਦਰ ਸਿੰਘ ਸੋਹਲ, ਪਰਮਜੀਤ ਸਿੰਘ ਸਿਤਾਰਾ, ਦੁੱਖਭੰਜਨ ਸਿੰਘ ਰੰਧਾਵਾ, ਵਿਜੈ ਅਗਨੀਹੋਤਰੀ, ਜਨਕਪ੍ਰੀਤ ਸਿੰਘ ਬੇਗੋਵਾਲ, ਨਾਨਕ ਚੰਦ ਬਿਰਲੀ, ਮੁਨੀਸ਼ ਮਸੀਹ, ਮਾ: ਬਲਬੀਰ ਸਿੰਘ ਬੀਰ, ਹਰਭਜਨ ਸਿੰਘ ਭੱਗਰੱਥ. ਕਾਲੇ ਸ਼ਾਹ ਟਾਂਗਰਾ, ਮੱਖਣ ਸਿੰਘ ਟੈਕਸਲਾ, ਅੰਜੂ ਸ਼ਰਮਾ, ਨਵਦੀਪ ਕੌਰ, ਕੁਲਬੀਰ ਕੌਰ ਆਦਿ ਨੇ ਕਾਵਿ ਰਚਨਾਵਾਂ ਰਾਹੀਂ ਚੰਗਾ ਰੰਗ ਬੰਨਿਆਂ। ਆਖਰ ਵਿੱਚ ਸਕੂਲ ਦੇ ਪ੍ਰਿੰ: ਤੇਜਬੀਰ ਸਿੰਘ ਸੋਹਲ, ਅਤੇ ਪ੍ਰਿੰਸੀਪਲ ਜਸਪ੍ਰੀਤ ਕੌਰ ਨੇ ਸਭ ਆਇਆਂ ਦਾ ਧੰਨਵਾਦ ਕੀਤਾ ।ਸਭਾ ਵੱਲੋਂ ਪੁਜੀਆਂ ਸਖਸ਼ੀਅਤਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ । ਮੰਚ ਸੰਚਾਲਨ ਦੇ ਫਰਜ਼ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਲਹਿਰੀ ਦੇ ਵਿਦਿਆਰਥੀਆਂ ਨੇ ਪੰਜਵੀਂ ਪ੍ਰੀਖਿਆ 'ਚ ਮਾਰੀਆਂ ਮੱਲਾਂ



**ਤਲਵੰਡੀ ਸਾਬੋ, 31 ਮਾਰਚ (ਗੁਰਜੰਟ ਸਿੰਘ ਨਥੇਹਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਪੰਜਵੀਂ ਦੇ ਨਤੀਜੇ ਦਾ ਐਲਾਨ ਕੀਤਾ ਗਿਆ। ਜਿਸ ਵਿਚ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਲਹਿਰੀ ਦਾ ਨਤੀਜਾ ਸੌ ਫੀਸਦੀ ਰਿਹਾ ਹੈ। ਪੰਜਵੀਂ ਜਮਾਤ ਦਾ ਨਤੀਜਾ ਵਧੀਆ ਆਉਣ 'ਤੇ ਸਕੂਲ ਪ੍ਰਿੰਸੀਪਲ ਸ. ਲਖਵਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਇਸ ਸਕੂਲ ਦੇ ਕੁੱਲ 24 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਜਿਸ ਵਿੱਚੋਂ ਹਰਨੂਰ ਕੌਰ ਪੁੱਤਰੀ ਸ. ਲਖਵੀਰ ਸਿੰਘ ਅਤੇ ਤਨਵੀਰ ਕੌਰ ਪੁੱਤਰੀ ਸ. ਗੁਰਵਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਪੰਜਵੀਂ ਦੀ ਪ੍ਰੀਖਿਆ ਵਿਚੋਂ 499/500 (99.8%) ਅੰਕ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ ਹੈ ਅਤੇ ਪ੍ਰਦੀਪ ਸਿੰਘ ਪੁੱਤਰ ਸ. ਕੁਲਵਿੰਦਰ ਸਿੰਘ ਨੇ 494/500 (98.8%), ਸ਼ਿਹਬਾਜ਼ ਸਿੰਘ ਪੁੱਤਰ ਸ. ਕੁਲਦੀਪ ਸਿੰਘ 494/500 (98.8%) ਲੈ ਕੇ ਦੂਜਾ ਸਥਾਨ ਹਾਸਲ ਕੀਤਾ ਹੈ ਜਦੋਂਕਿ ਮਨਕੀਰਤ ਕੌਰ ਪੁੱਤਰੀ ਸ. ਨਿਰਮਲ ਸਿੰਘ ਨੇ 487/500 (97.4%) ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਇਸਦੇ ਨਾਲ ਬਾਕੀ ਵਿਦਿਆਰਥੀਆਂ ਨੇ ਚੰਗੇ ਨੰਬਰ ਲੈ ਕੇ ਮੱਲਾਂ ਮਾਰੀਆਂ ਹਨ। ਨਤੀਜਾ ਵਧੀਆ ਆਉਣ 'ਤੇ ਉਹਨਾਂ ਸਮੂਹ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪੇ ਅਤੇ ਸਮੂਹ ਸਕੂਲ ਸਟਾਫ ਨੂੰ ਵਧਾਈ ਦਿੱਤੀ। ਇਸ ਮੌਕੇ ਸਕੂਲ ਪ੍ਰਬੰਧਕੀ ਕਮੇਟੀ ਪ੍ਰਧਾਨ ਸ੍ਰੀਮਤੀ ਜਸਵਿੰਦਰ ਕੌਰ ਸਿੱਧੂ ਅਤੇ ਸਕੱਤਰ ਸ਼੍ਰੀਮਤੀ ਪਰਮਜੀਤ ਕੌਰ ਸੇਖੋਂ ਨੇ ਬੱਚਿਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਚੰਗੇ ਨਤੀਜੇ ਦਾ ਸਿਹਰਾ ਸਕੂਲ ਦੇ ਅਧਿਆਪਕਾਂ, ਬੱਚਿਆ ਦੀ ਮਿਹਨਤ ਅਤੇ ਉਨਾਂ ਦੇ ਮਾਪਿਆਂ ਨੂੰ ਜਾਂਦਾ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਇਹ ਉਪਲਬਧੀ ਸਾਰੇ ਇਲਾਕੇ ਲਈ ਮਾਣ ਵਾਲੀ ਗੱਲ ਹੈ ਅਤੇ ਇਹ ਹੋਰ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਬਣੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

### ਕੁਦਰਤ ਦੀ ਅਨੋਖੀ ਕਹਾਣੀ

# ਫੁੱਲਾਂ ਦੀ ਸੁੰਦਰਤਾ, ਮਧੂਮੱਖੀਆਂ ਦੀ ਮਿਹਨਤ ਅਤੇ ਬੀਜ ਦੀ ਹਿੰਮਤ



ਕੁਦਰਤ ਆਪਣੇ ਅੰਦਰ ਅਣਗਿਣਤ ਰਾਜ਼ ਅਤੇ ਅਚੰਭੇ ਸਮੇਟੇ ਹੋਏ ਹੈ। ਹਰ ਸਵੇਰ ਦੀ ਤਾਜ਼ਗੀ, ਪੱਤਿਆਂ ਦੀ ਹਰਿਆਲੀ, ਫੁੱਲਾਂ ਦੇ ਰੰਗ ਅਤੇ ਪੰਛੀਆਂ ਦੀ ਚਹਚਹਾਟ। ਇਹ ਸਭ ਕੁਦਰਤ ਦੇ ਸੁੰਦਰ ਰੂਪ ਦੀ ਝਲਕ ਪੇਸ਼ ਕਰਦੇ ਹਨ। ਹਰੀਆਂ ਟਾਹਣੀਆਂ 'ਤੇ ਖਿੜਦੇ ਲਾਲ ਫੁੱਲ, ਉਨ੍ਹਾਂ ਦੇ ਚਾਰਾਂ ਪਾਸੇ ਮੰਡਰਾਉਂਦੀਆਂ ਮਧੂਮੱਖੀਆਂ ਅਤੇ ਮਿੱਟੀ ਵਿੱਚ ਲੁਕਿਆ ਇੱਕ ਨਿੱਕਾ ਜਿਹਾ ਬੀਜ। ਇਹ ਸਾਰੇ ਮਿਲ ਕੇ ਜੀਵਨ ਦੀ ਅਦਭੁੱਤ ਕਹਾਣੀ ਬਿਆਨ ਕਰਦੇ ਹਨ। ਜਦੋਂ ਦਰੱਖਤਾਂ ਦੀਆਂ ਟਾਹਣੀਆਂ 'ਤੇ ਫੁੱਲ ਖਿੜਦੇ ਹਨ, ਤਾਂ ਉਹ ਸਿਰਫ਼ ਸੁੰਦਰਤਾ ਹੀ ਨਹੀਂ ਵੰਡਦੇ, ਸਗੋਂ ਜੀਵਨ ਦੇ ਚੱਕਰ ਨੂੰ ਅੱਗੇ ਵਧਾਉਣ ਦਾ ਵੀ ਵੱਡਾ ਸਾਧਨ ਬਣਦੇ ਹਨ। ਇਹ ਫੁੱਲ ਆਪਣੀ ਖੁਸ਼ਬੂ ਅਤੇ ਰੰਗਾਂ ਨਾਲ ਮਧੂਮੱਖੀਆਂ ਨੂੰ ਆਪਣੇ ਵੱਲ ਖਿੱਚਦੇ ਹਨ। ਮਧੂਮੱਖੀਆਂ ਫੁੱਲਾਂ ਵਿੱਚੋਂ ਰਸ ਇਕੱਠਾ ਕਰਦੀਆਂ ਹਨ, ਜਿਸ ਨਾਲ ਸ਼ਿਹਦ ਤਿਆਰ ਹੁੰਦਾ ਹੈ। ਪਰ ਇਹ ਪ੍ਰਕਿਰਿਆ ਇਸ ਤੋਂ ਵੀ ਵੱਧ ਮਹੱਤਵਪੂਰਨ ਹੈ ਇਹ ਪਰਾਗਣ ਦੀ ਪ੍ਰਕਿਰਿਆ ਹੈ, ਜਿਸ ਨਾਲ ਨਵੇਂ ਬੀਜ ਬਣਦੇ ਹਨ ਅਤੇ ਕੁਦਰਤ ਦਾ ਸੰਤੁਲਨ ਬਣਿਆ ਰਹਿੰਦਾ ਹੈ। ਮਧੂਮੱਖੀਆਂ ਦੀ ਇਹ ਲਗਾਤਾਰ ਮਿਹਨਤ ਸਾਨੂੰ ਸਿਖਾਉਂਦੀ ਹੈ ਕਿ ਛੋਟੇ-ਛੋਟੇ ਯਤਨਾਂ ਨਾਲ ਵੱਡੇ ਨਤੀਜੇ ਹਾਸਲ ਕੀਤੇ ਜਾ ਸਕਦੇ ਹਨ।

ਦੂਜੇ ਪਾਸੇ, ਮਿੱਟੀ ਵਿੱਚ ਪਿਆ ਇੱਕ ਨਿੱਕਾ ਜਿਹਾ ਬੀਜ ਬਾਹਰੋਂ ਭਾਵੇਂ ਬੇਜਾਨ ਜਾਪਦਾ ਹੈ, ਪਰ ਉਸ ਦੇ ਅੰਦਰ ਜੀਵਨ ਦੀ ਅਸੀਮ ਸ਼ਕਤੀ ਲੁਕਦੀ ਹੈ। ਜਦੋਂ ਇਸਨੂੰ ਪਾਣੀ, ਹਵਾ ਅਤੇ ਸੂਰਜ ਦੀ ਰੌਸ਼ਨੀ ਮਿਲਦੀ ਹੈ, ਤਾਂ ਇਹ ਹੌਲੀ-ਹੌਲੀ ਪੁੰਗਰਨਾ ਸ਼ੁਰੂ ਕਰਦਾ ਹੈ। ਮਿੱਟੀ ਦੇ ਅੰਦਰੋਂ ਇੱਕ ਨਿੱਕੀ ਜਿਹੀ ਕਲੀ ਜਨਮ ਲੈਂਦੀ ਹੈ ਅਤੇ ਹੌਲੀ-ਹੌਲੀ ਧਰਤੀ ਨੂੰ ਚੀਰ ਕੇ ਬਾਹਰ ਆਉਂਦੀ ਹੈ। ਇਹ ਯਾਤਰਾ ਆਸਾਨ ਨਹੀਂ ਹੁੰਦੀ, ਬੀਜ ਨੂੰ ਹਨੇਰੇ, ਦਬਾਅ ਅਤੇ ਕਈ ਰੁਕਾਵਟਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਪਰ ਫਿਰ ਵੀ ਉਹ ਹਿੰਮਤ ਨਹੀਂ ਹਾਰਦਾ। ਇਹ ਸਾਨੂੰ ਸਿਖਾਉਂਦਾ ਹੈ ਕਿ ਜਿੰਦਗੀ ਵਿੱਚ ਸਫਲਤਾ ਲਈ ਸਬਰ, ਹੌਸਲਾ ਅਤੇ ਲਗਾਤਾਰ ਕੋਸ਼ਿਸ਼ ਬਹੁਤ ਜ਼ਰੂਰੀ ਹਨ।

ਕੁਦਰਤ ਦਾ ਹਰ ਇਕ ਤੱਤ ਇੱਕ-ਦੂਜੇ ਨਾਲ ਜੁੜਿਆ ਹੋਇਆ ਹੈ। ਫੁੱਲ ਮਧੂਮੱਖੀਆਂ ਨੂੰ ਰਸ ਦਿੰਦੇ ਹਨ, ਮਧੂਮੱਖੀਆਂ ਪਰਾਗਣ ਕਰਦੀਆਂ ਹਨ ਤੇ ਬੀਜ ਨਵੇਂ ਪੌਦੇ ਬਣਾਉਂਦੇ ਹਨ। ਇਸ ਤਰ੍ਹਾਂ ਇੱਕ ਪੂਰਾ ਚੱਕਰ ਤਿਆਰ ਹੁੰਦਾ ਹੈ, ਜੋ ਜੀਵਨ ਨੂੰ ਅੱਗੇ ਵਧਾਉਂਦਾ ਹੈ। ਇਹ ਸਹਿਯੋਗ ਅਤੇ ਸੰਤੁਲਨ ਦੀ ਸਿਖਲਾਈ ਸਾਨੂੰ ਸਮਾਜਕ ਜੀਵਨ ਵਿੱਚ ਵੀ ਬਹੁਤ ਕੁਝ ਸਿਖਾਉਂਦੀ ਹੈ। ਅੱਜ ਦੇ ਆਧੁਨਿਕ ਯੁੱਗ ਵਿੱਚ ਮਨੁੱਖ ਕੁਦਰਤ ਤੋਂ ਦੂਰ ਹੁੰਦਾ ਜਾ ਰਿਹਾ ਹੈ। ਅਸੀਂ ਆਪਣੇ ਵਾਤਾਵਰਣ ਨੂੰ ਨੁਕਸਾਨ ਪਹੁੰਚਾ ਰਹੇ ਹਾਂ, ਦਰੱਖਤਾਂ ਦੀ ਕਟਾਈ ਕਰ ਰਹੇ ਹਾਂ ਅਤੇ ਪ੍ਰਦੂਸ਼ਣ ਵਧਾ ਰਹੇ ਹਾਂ। ਇਸ ਕਰਕੇ ਕੁਦਰਤ ਦਾ ਸੰਤੁਲਨ ਖਰਾਬ ਹੋ ਰਿਹਾ ਹੈ। ਜੇ ਅਸੀਂ ਇਸ ਅਨਮੋਲ ਦਾਤ ਦੀ ਕਦਰ ਨਾ ਕੀਤੀ, ਤਾਂ ਆਉਣ ਵਾਲੀਆਂ ਪੀੜ੍ਹੀਆਂ ਲਈ ਮੁਸ਼ਕਲਾਂ ਖੜ੍ਹੀਆਂ ਹੋ ਸਕਦੀਆਂ ਹਨ। ਇਸ ਲਈ ਸਾਨੂੰ ਚਾਹੀਦਾ ਹੈ ਕਿ ਅਸੀਂ ਵੱਧ ਤੋਂ ਵੱਧ ਦਰੱਖਤ ਲਗਾਈਏ, ਪਾਣੀ ਦੀ ਬਚਤ ਕਰੀਏ ਤੇ ਵਾਤਾਵਰਣ ਦੀ ਸੰਭਾਲ ਕਰੀਏ।

ਅਖੀਰ ਵਿੱਚ ਕੁਦਰਤ ਦੀ ਇਹ ਅਨੋਖੀ ਕਹਾਣੀ ਸਾਨੂੰ ਇਹ ਸਿਖਾਉਂਦੀ ਹੈ ਕਿ ਜੀਵਨ ਵਿੱਚ ਹਰ ਛੋਟੀ ਚੀਜ਼ ਦਾ ਆਪਣਾ ਮਹੱਤਵ ਹੁੰਦਾ ਹੈ। ਫੁੱਲਾਂ ਦੀ ਸੁੰਦਰਤਾ, ਮਧੂਮੱਖੀਆਂ ਦੀ ਮਿਹਨਤ ਅਤੇ ਬੀਜ ਦੀ ਹਿੰਮਤ। ਇਹ ਸਾਰੇ ਮਿਲ ਕੇ ਸਾਨੂੰ ਪ੍ਰੇਰਨਾ ਦਿੰਦੇ ਹਨ ਕਿ ਅਸੀਂ ਵੀ ਆਪਣੇ ਜੀਵਨ ਵਿੱਚ ਹੌਸਲਾ, ਮਿਹਨਤ ਅਤੇ ਸੰਤੁਲਨ ਨੂੰ ਅਪਣਾਈਏ। ਕੁਦਰਤ ਸਾਡੇ ਲਈ ਸਿਰਫ਼ ਇੱਕ ਦ੍ਰਿਸ਼ ਨਹੀਂ, ਸਗੋਂ ਇੱਕ ਅਧਿਆਪਕ ਹੈ, ਜੋ ਸਾਨੂੰ ਹਰ ਰੋਜ਼ ਨਵਾਂ ਪਾਠ ਪੜ੍ਹਾਉਂਦੀ ਹੈ।

**-ਗੁਰਜੰਟ ਸਿੰਘ ਨਥੇਹਾ, ਪਿੰਡ ਤੇ ਡਾਕ. ਨਥੇਹਾ (ਬਠਿੰਡਾ)**
**ਸੰਪਰਕ: 8968727272**

ਆਵਾਜ਼ਿ ਕੌਮ AWAZE QAUM International Newspaper & WEB TV

ਐਚਐਮਈਐਲ ਨੇ 'ਫਾਇਰ ਐਂਡ ਸੇਫਟੀ ਕੈਂਪੇਨ 2026' ਰਾਹੀਂ

# ਕਰਮਚਾਰੀਆਂ ਅਤੇ ਕਮਿਊਨਿਟੀ ਵਿੱਚ ਸੁਰੱਖਿਆ ਸੰਸਕਾਰ ਨੂੰ ਕੀਤਾ ਮਜ਼ਬੂਤ








**ਤਲਵੰਡੀ ਸਾਬੋ**, 31 ਮਾਰਚ (**ਗੁਰਜੰਟ ਸਿੰਘ ਨਥੇਹਾ**)- ਐਚਪੀਸੀਐਲ ਮਿੱਤਲ ਐਨਰਜੀ ਲਿਮਿਟੇਡ ਫੁੱਲੋਖ਼ਾਰੀ (ਐਚਐਮਈਐਲ) ਨੇ 55ਵੇਂ ਨੈਸ਼ਨਲ ਫਾਇਰ ਐਂਡ ਸੇਫਟੀ ਕੈਂਪੇਨ 2026 ਦੇ ਤਹਿਤ ਫਾਇਰ ਐਂਡ ਸੇਫਟੀ ਮਹੀਨਾਵਾਰ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਆਪਣੇ ਕਰਮਚਾਰੀਆਂ, ਵਪਾਰਕ ਸਾਥੀਆਂ ਅਤੇ ਵਿਆਪਕ ਭਾਈਚਾਰੇ ਵਿੱਚ ਸਰਗਰਮ ਸੁਰੱਖਿਆ ਸੰਸਕਾਰ ਨੂੰ ਹੋਰ ਮਜ਼ਬੂਤ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ ਹੈ। ਇਸ ਮੁਹਿੰਮ ਦਾ ਰਸਮੀ ਆਗਾਜ਼ ਐਚਐਮਈਐਲ ਦੇ ਸੀਓਓ ਸ੍ਰੀ ਐਮ. ਬੀ. ਗੋਹਿਲ ਨੇ ਸੀਨੀਅਰ ਪ੍ਰਬੰਧਨ ਦੀ ਹਾਜ਼ਰੀ ਵਿੱਚ ਸੁਰੱਖਿਆ ਸ਼ਪਥ ਸਮਾਰੋਹ ਰਾਹੀਂ ਕੀਤਾ ਸੀ। ਇਹ ਮਹੀਨਾਵਾਰ ਮੁਹਿੰਮ 14 ਅਪ੍ਰੈਲ 2026 ਤੱਕ ਜਾਰੀ ਰਹੇਗੀ। ਇਸ ਦੇ ਤਹਿਤ ਅੱਗ ਸੁਰੱਖਿਆ ਪ੍ਰਕਿਰਿਆਵਾਂ ਅਤੇ ਐਚਐਮਈਐਲ ਪਲੱਸ ਦੇ ਸਿਧਾਂਤਾਂ ਨੂੰ ਸੰਗਠਨ ਦੇ ਹਰ ਪੱਧਰ ਤੱਕ ਪਹੁੰਚਾਉਣ ਲਈ ਕਈ ਜਾਗਰੂਕਤਾ ਆਧਾਰਿਤ ਗਤੀਵਿਧੀਆਂ ਸ਼ੁਰੂ ਕੀਤੀਆਂ ਗਈਆਂ ਹਨ। ਫੀਲਡ ਪੱਧਰ 'ਤੇ ਵੀ ਵਿਆਪਕ ਜਾਗਰੂਕਤਾ ਮੁਹਿੰਮ ਚਲਾਈ ਗਈ, ਜਿਸ ਰਾਹੀਂ 1,000 ਤੋਂ ਵੱਧ ਠੇਕਾ ਮਜ਼ਦੂਰਾਂ ਤੱਕ ਸੁਰੱਖਿਆ ਸੰਦੇਸ਼ ਸਫਲਤਾਪੂਰਵਕ ਪਹੁੰਚਾਇਆ ਗਿਆ। ਇਹ ਮੁਹਿੰਮ ਕੇਵਲ ਨਿਯਮਤ ਸੁਰੱਖਿਆ ਸੰਦੇਸ਼ਾਂ ਤੱਕ ਸੀਮਿਤ ਨਹੀਂ, ਸਗੋਂ ਜਾਗਰੂਕਤਾ, ਸਰਗਰਮ ਭਾਗੀਦਾਰੀ, ਰਚਨਾਤਮਕਤਾ ਅਤੇ ਮੈਦਾਨੀ ਪੱਧਰ ਦੀ ਸਾਂਝ ਨੂੰ ਵਧਾਵਾ ਦੇਣ ਲਈ ਤਿਆਰ ਕੀਤੀ ਗਈ ਹੈ। ਵੱਖ-ਵੱਖ ਮੁਕਾਬਲਿਆਂ, ਡ੍ਰਿਲਾਂ ਅਤੇ ਆਊਟਰੀਚ ਗਤੀਵਿਧੀਆਂ ਰਾਹੀਂ ਐਚਐਮਈਐਲ ਆਪਣੇ ਕਰਮਚਾਰੀਆਂ ਅਤੇ ਬਿਜ਼ਨਸ ਪਾਰਟਨਰਾਂ ਨੂੰ ਇਹ ਸੰਦੇਸ਼ ਦੇ ਰਹੀ ਹੈ ਕਿ ਸੁਰੱਖਿਆ ਸਾਂਝੀ ਜ਼ਿੰਮੇਵਾਰੀ ਹੈ ਅਤੇ ਰੋਜ਼ਾਨਾ ਕੰਮਕਾਜੀ ਸੰਸਕਾਰ ਦਾ ਅਟੁੱਟ ਹਿੱਸਾ ਹੈ। ਸਿੱਖਣ ਨੂੰ ਦਿਲਚਸਪ ਬਣਾਉਣ ਲਈ ਕਈ ਰਚਨਾਤਮਕ ਮੁਕਾਬਲੇ ਕਰਵਾਏ ਗਏ। ਇਨ੍ਹਾਂ ਵਿੱਚ ਐਚਐਮਈਐਲ ਪਲੱਸ ਸੇਫਟੀ ਕਵਿਜ਼ ਰਾਹੀਂ ਅੱਗ ਸੁਰੱਖਿਆ ਪ੍ਰਕਿਰਿਆਵਾਂ, ਕਾਰਜਸਥਲ ਅਭਿਆਸਾਂ ਅਤੇ ਹਿਊਮਨ ਪਰਫਾਰਮੈਂਸ ਟੂਲਜ਼ ਨਾਲ ਸੰਬੰਧਿਤ ਜਾਣਕਾਰੀ ਨੂੰ ਤਾਜ਼ਾ ਕੀਤਾ ਗਿਆ। ਇਸਦੇ ਨਾਲ ਹੀ ਸੇਫਟੀ ਮੀਮ ਮੁਕਾਬਲੇ ਰਾਹੀਂ ਹਾਸੇ ਅਤੇ ਵਿਜ਼ੂਅਲ ਪ੍ਰਸਤੁਤੀ ਦੀ ਵਰਤੋਂ ਕਰਕੇ ਸੁਰੱਖਿਆ ਸੰਦੇਸ਼ਾਂ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਯਾਦਗਾਰ ਬਣਾਇਆ ਗਿਆ। ਇਸੇ ਕੜੀ ਵਿੱਚ ਸੇਫਟੀ ਕਵਿਤਾ ਮੁਕਾਬਲੇ ਰਾਹੀਂ ਭਾਗੀਦਾਰਾਂ ਨੂੰ ਜ਼ਿੰਮੇਵਾਰੀ, ਟੀਮਵਰਕ ਅਤੇ ਸਾਵਧਾਨੀ ਵਰਗੇ ਵਿਸ਼ਿਆਂ ਨੂੰ ਰਚਨਾਤਮਕ ਲਿਖਤ ਰਾਹੀਂ ਪ੍ਰਗਟ ਕਰਨ ਦਾ ਮੌਕਾ ਦਿੱਤਾ ਗਿਆ। ਸੇਫਟੀ ਵੀਡੀਓ ਮੁਕਾਬਲੇ ਰਾਹੀਂ ਕਰਮਚਾਰੀਆਂ ਅਤੇ ਸਾਥੀਆਂ ਨੂੰ ਸੁਰੱਖਿਅਤ ਕਾਰਜ ਪ੍ਰਣਾਲੀਆਂ ਅਤੇ ਅਸਲ ਸੁਰੱਖਿਆ ਚੁਣੌਤੀਆਂ ਨੂੰ ਛੋਟੀਆਂ ਪ੍ਰਭਾਵਸ਼ਾਲੀ ਫਿਲਮਾਂ ਰਾਹੀਂ ਪੇਸ਼ ਕਰਕੇ ਜਾਗਰੂਕ ਕੀਤਾ ਗਿਆ। ਮੁਹਿੰਮ ਨੂੰ ਹੋਰ ਗਤੀ ਦਿੰਦਿਆਂ ਐਚਐਮਈਐਲ ਦੀ ਫਾਇਰ ਸਰਵਿਸ ਟੀਮ ਵੱਲੋਂ ਫਾਇਰ ਐਕਸਟਿੰਗਵਿਸ਼ਰ ਡ੍ਰਿਲ ਅਤੇ ਹੋਜ਼ ਅਤੇ ਹਾਈਡ੍ਰੈਂਟ ਡ੍ਰਿਲ ਮੁਕਾਬਲੇ ਵੀ ਸਰਗਰਮ ਤੌਰ 'ਤੇ ਕਰਵਾਏ ਗਏ, ਤਾਂ ਜੋ ਐਮਰਜੈਂਸੀ ਤਿਆਰੀ ਅਤੇ ਅੱਗ ਬੁਝਾਉਣ ਦੇ ਹੁਨਰਾਂ ਨੂੰ ਮਜ਼ਬੂਤ ਕੀਤਾ ਜਾ ਸਕੇ। ਹੁਣ ਤੱਕ ਇਨ੍ਹਾਂ ਡ੍ਰਿਲਾਂ ਵਿੱਚ 203 ਠੇਕਾ ਮਜ਼ਦੂਰਾਂ ਅਤੇ 124 ਕਰਮਚਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਹੈ। ਇਸ ਮੁਹਿੰਮ ਦੀ ਖਾਸ ਉਪਲਬਧੀ ਮਹਿਲਾ ਕਰਮਚਾਰੀਆਂ ਦੀ ਵਧਦੀ ਭਾਗੀਦਾਰੀ ਰਹੀ, ਜੋ ਇਸਦੀ ਸਮਾਵੇਸ਼ੀ ਭਾਵਨਾ ਨੂੰ ਦਰਸਾਉਂਦੀ ਹੈ। ਕਮਿਊਨਿਟੀ ਜਾਗਰੂਕਤਾ ਮੁਹਿੰਮ ਦੇ ਤਹਿਤ ਟਾਊਨਸ਼ਿਪ ਵਿੱਚ ਬੱਚਿਆਂ ਲਈ ਮੈਡੀਕਲ ਐਮਰਜੈਂਸੀ ਰਿਸਪਾਂਸ ਟ੍ਰੇਨਿੰਗ ਸੈਸ਼ਨ ਵੀ ਆਯੋਜਿਤ ਕੀਤਾ ਗਿਆ। ਇਸ ਸੈਸ਼ਨ ਵਿੱਚ 100 ਤੋਂ ਵੱਧ ਬੱਚਿਆਂ ਨੇ ਭਾਗ ਲਿਆ ਅਤੇ ਸਿੱਖਣ ਦਾ ਮਾਹੌਲ ਬਹੁਤ ਹੀ ਜੀਵੰਤ ਅਤੇ ਸੰਵਾਦਾਤਮਕ ਰਿਹਾ। ਲਾਈਵ ਡੈਮੋਨਸਟ੍ਰੇਸ਼ਨ ਅਤੇ ਪ੍ਰਯੋਗਾਤਮਕ ਉਦਾਹਰਣਾਂ ਰਾਹੀਂ ਬੱਚਿਆਂ ਨੇ ਸਿੱਖਿਆ ਕਿ ਐਮਰਜੈਂਸੀ ਸਥਿਤੀ ਵਿੱਚ ਕਿਵੇਂ ਸ਼ਾਂਤ ਰਹਿਣਾ ਹੈ, ਸਮੇਂ ਸਿਰ ਮਦਦ ਲੈਣੀ ਹੈ ਅਤੇ ਸੁਰੱਖਿਅਤ ਢੰਗ ਨਾਲ ਮੁੱਢਲੀ ਸਹਾਇਤਾ ਪ੍ਰਦਾਨ ਕਰਨੀ ਹੈ। ਇਸ ਪਹਿਲ ਨੇ ਨਾ ਸਿਰਫ ਜਾਗਰੂਕਤਾ ਵਧਾਈ, ਸਗੋਂ ਬੱਚਿਆਂ ਵਿੱਚ ਆਤਮਵਿਸ਼ਵਾਸ ਅਤੇ ਜ਼ਿੰਮੇਵਾਰੀ ਦੀ ਭਾਵਨਾ ਵੀ ਵਿਕਸਿਤ ਕੀਤੀ, ਜਿਸ ਨਾਲ ਉਹ ਆਪਣੇ ਘਰਾਂ ਅਤੇ ਭਾਈਚਾਰੇ ਵਿੱਚ ਸੁਰੱਖਿਆ ਦੂਤ ਵਜੋਂ ਉਭਰ ਸਕਣ।

**1,000 ਤੋਂ ਵੱਧ ਠੇਕਾ ਮਜ਼ਦੂਰਾਂ ਤੱਕ ਸੁਰੱਖਿਆ ਸੰਦੇਸ਼ ਸਫਲਤਾਪੂਰਵਕ ਪਹੁੰਚਾਇਆ**

# ਅਧਿਆਪਨ ਪੇਸ਼ਾ ਨਹੀ ਇੱਕ ਜਜ਼ਬਾ

ਅਧਿਆਪਨ ਨੂੰ ਹਮੇਸ਼ਾਂ ਸਮਾਜ ਵਿੱਚ ਸਭ ਤੋਂ ਸਨਮਾਨਿਤ ਅਤੇ ਮਹਤੱਵਪੂਰਨ ਭੂਮਿਕਾਵਾਂ ਵਿੱਚੋਂ ਇੱਕ ਮੰਨਿਆ ਗਿਆ ਹੈ। ਜਿੱਥੇ ਇਸਨੂੰ ਅਕਸਰ ਰੋਜ਼ੀ-ਰੋਟੀ ਦੇ ਸਰੋਤ ਵਜੋਂ ਦੇਖਿਆ ਜਾਂਦਾ ਹੈ, ਉਥੇ ਇਸਦਾ ਅਸਲੀ ਉਦੇਸ਼ ਇਸ ਤੋਂ ਕਾਫੀ ਵੱਧ ਹੈ—ਇਹ ਇੱਕ ਜਜ਼ਬਾ, ਇੱਕ ਜ਼ਿੰਮੇਵਾਰੀ ਅਤੇ ਇੱਕ ਉੱਚ ਕੋਟਿ ਦਾ ਧਰਮ ਹੈ। ਇੱਕ ਅਧਿਆਪਕ ਸਿਰਫ਼ ਪਾਠ ਨਹੀਂ ਪੜ੍ਹਾਉਂਦਾ, ਉਹ ਮਨਾਂ ਨੂੰ ਘੜਦਾ ਹੈ, ਚਰਿੱਤਰ ਬਣਾਉਂਦਾ ਹੈ ਅਤੇ ਵਿਅਕਤੀਆਂ ਨੂੰ ਜੀਵਨ ਦਾ ਸਾਹਮਣਾ ਕਰਨ ਲਈ ਤਿਆਰ ਕਰਦਾ ਹੈ। ਜਦੋਂ ਅਧਿਆਪਨ ਸਿਰਫ਼ ਆਰਥਿਕ ਲਾਭ ਦੀ ਬਜਾਏ ਜਜ਼ਬੇ ਨਾਲ ਕੀਤਾ ਜਾਂਦਾ ਹੈ, ਤਾਂ ਇਹ ਅਧਿਆਪਕ ਅਤੇ ਵਿਦਿਆਰਥੀ ਦੋਵਾਂ ਨੂੰ ਬਦਲ ਦਿੰਦਾ ਹੈ।



ਅਧਿਆਪਨ: ਪਹਿਲਾਂ ਇੱਕ ਉੱਚ ਧਰਮ, ਫਿਰ ਪੇਸ਼ਾ। ਅਸਲ ਵਿੱਚ ਅਧਿਆਪਨ ਮਨੁੱਖਤਾ ਦੀ ਸੇਵਾ ਹੈ। ਇਸ ਵਿੱਚ ਨੌਜਵਾਨ ਮਨਾਂ ਨੂੰ ਮਾਰਗਦਰਸ਼ਨ ਦੇਣਾ, ਉਤਸੁਕਤਾ ਨੂੰ ਪਾਲਣਾ ਅਤੇ ਨੈਤਿਕ ਮੁੱਲਾਂ ਨੂੰ ਵਸਾਉਣਾ ਸ਼ਾਮਲ ਹੈ। ਇੱਕ ਜਜ਼ਬੇ ਨਾਲ ਭਰਪੂਰ ਅਧਿਆਪਕ ਸਿੱਖਿਆ ਨੂੰ ਰੋਜ਼ਾਨਾ ਦੀ ਡਿਊਟੀ ਨਹੀਂ, ਸਗੋਂ ਲੋਕਾਂ ਨੂੰ ਪ੍ਰਕਾਸ਼ਿਤ ਕਰਨ ਦੇ ਮਿਸ਼ਨ ਵਜੋਂ ਦੇਖਦਾ ਹੈ। ਇਤਿਹਾਸਕ ਤੌਰ 'ਤੇ ਅਧਿਆਪਕਾਂ ਨੂੰ ਨੈਤਿਕ ਮਾਰਗਦਰਸ਼ਕ ਅਤੇ ਗੁਰੂ ਮੰਨਿਆ ਗਿਆ ਹੈ। ਉਹਨਾਂ ਦੀ ਭੂਮਿਕਾ ਕਿਤਾਬਾਂ ਤੱਕ ਸੀਮਿਤ ਨਹੀਂ ਹੁੰਦੀ—ਉਹ ਸੋਚ, ਨੈਤਿਕਤਾ ਅਤੇ ਜੀਵਨ ਦੇ ਫੈਸਲਿਆਂ ਨੂੰ ਪ੍ਰਭਾਵਿਤ ਕਰਦੇ ਹਨ। ਜਦੋਂ ਅਧਿਆਪਨ ਨੂੰ ਇੱਕ ਉੱਚ ਧਰਮ ਵਜੋਂ ਅਪਣਾਇਆ ਜਾਂਦਾ ਹੈ: ਵਿਦਿਆਰਥੀਆਂ ਨੂੰ ਸਿਰਫ਼ ਜਾਣਕਾਰੀ ਨਹੀਂ, ਪ੍ਰੇਰਣਾ ਮਿਲਦੀ ਹੈ। ਸਿੱਖਿਆ ਅਰਥਪੂਰਨ ਅਤੇ ਅਰਥਪੂਰਨ ਬਣ ਜਾਂਦੀ ਹੈ। ਅਧਿਆਪਕ-ਵਿਦਿਆਰਥੀ ਸੰਬੰਧ ਭਰੋਸੇ ਅਤੇ ਆਦਰ 'ਤੇ ਅਧਾਰਿਤ ਹੁੰਦਾ ਹੈ। ਤਨਖਾਹ ਮਹੱਤਵਪੂਰਨ ਹੈ, ਕਿਉਂਕਿ ਅਧਿਆਪਕਾਂ ਦੀਆਂ ਆਪਣੀਆਂ ਜ਼ਿੰਮੇਵਾਰੀਆਂ ਹੁੰਦੀਆਂ ਹਨ। ਪਰ ਜਦੋਂ ਪੈਸਾ ਹੀ ਇਕੱਲਾ ਮਕਸਦ ਬਣ ਜਾਂਦਾ ਹੈ, ਤਾਂ ਸਿੱਖਿਆ ਦੀ ਗੁਣਵੱਤਾ ਘੱਟ ਸਕਦੀ ਹੈ। ਜਜ਼ਬਾ ਸਮਰਪਣ, ਰਚਨਾਤਮਕਤਾ ਅਤੇ ਸੱਚੀ ਇੱਛਾ ਨੂੰ ਜਨਮ ਦਿੰਦਾ ਹੈ।

ਅਧਿਆਪਨ ਵਿੱਚ ਜਜ਼ਬੇ ਦੀ ਮਹੱਤਤਾ

ਜਜ਼ਬਾ ਉਹ ਤਾਕਤ ਹੈ ਜੋ ਅਧਿਆਪਕਾਂ ਨੂੰ ਮੁਸ਼ਕਿਲ ਹਾਲਾਤਾਂ—ਜਿਵੇਂ ਘੱਟ ਸਾਧਨ, ਵੱਖ-ਵੱਖ ਯੋਗਤਾਵਾਂ ਵਾਲੀਆਂ ਜਮਾਤਾਂ ਜਾਂ ਪ੍ਰਸ਼ਾਸਨਿਕ ਦਬਾਅ—ਵਿੱਚ ਵੀ ਪ੍ਰੇਰਿਤ ਰੱਖਦਾ ਹੈ।

ਇੱਕ ਜਜ਼ਬੇ ਵਾਲਾ ਅਧਿਆਪਕ: ਔਖੇ ਵਿਸ਼ਿਆਂ ਨੂੰ ਸੌਖੇ ਅਤੇ ਰਚਨਾਤਮਕ ਢੰਗ ਨਾਲ ਸਮਝਾਉਂਦਾ ਹੈ। ਪ੍ਰਸ਼ਨਾਂ ਅਤੇ ਆਲੋਚਨਾਤਮਕ ਸੋਚ ਨੂੰ ਉਤਸ਼ਾਹਿਤ ਕਰਦਾ ਹੈ। ਹਰ ਵਿਦਿਆਰਥੀ ਦੀ ਲੋੜ ਅਨੁਸਾਰ ਆਪਣੇ ਆਪ ਨੂੰ ਢਾਲਦਾ ਹੈ ਆਪਣੇ ਗਿਆਨ ਅਤੇ ਹੁਨਰ ਨੂੰ ਲਗਾਤਾਰ ਨਿਖਾਰਦਾ ਹੈ। ਵਿਦਿਆਰਥੀ ਤੁਰੰਤ ਸਮਝ ਲੈਂਦੇ ਹਨ ਕਿ ਅਧਿਆਪਕ ਸੱਚਮੁੱਚ ਚਿੰਤਤ ਹੈ ਜਾਂ ਨਹੀਂ। ਜਜ਼ਬਾ ਕਲਾਸਰੂਮ ਵਿੱਚ ਉਤਸ਼ਾਹ ਪੈਦਾ ਕਰਦਾ ਹੈ ਅਤੇ ਸਿੱਖਣ ਨੂੰ ਬੋਝ ਨਹੀਂ, ਸਗੋਂ ਖੁਸ਼ੀ ਬਣਾਉਂਦਾ ਹੈ।

ਰਾਸ਼ਟਰ ਦੀ ਤਰੱਕੀ ਵਿੱਚ ਅਧਿਆਪਨ ਦੀ ਭੂਮਿਕਾ।

ਸਿੱਖਿਆ ਕਿਸੇ ਵੀ ਵਿਕਸਿਤ ਅਤੇ ਪ੍ਰਗਤੀਸ਼ੀਲ ਦੇਸ਼ ਦੀ ਨੀਂਹ ਹੈ। ਅਧਿਆਪਕ ਇਸ ਨੀਂਹ ਦੇ ਨਿਰਮਾਤਾ ਹੁੰਦੇ ਹਨ। ਉਹਨਾਂ ਦਾ ਪ੍ਰਭਾਵ ਦੇਸ਼ ਦੇ ਭਵਿੱਖ ਦੇ ਕਰਮਚਾਰੀਆਂ, ਨੇਤਾਵਾਂ ਅਤੇ ਸਮਾਜਿਕ ਮੁੱਲਾਂ ਨੂੰ ਘੜਦਾ ਹੈ।

ਮਾਨਵੀ ਸੰਸਾਧਨ ਦਾ ਨਿਰਮਾਣ: ਅਧਿਆਪਕ ਵਿਦਿਆਰਥੀਆਂ ਨੂੰ ਆਰਥਿਕ ਵਿਕਾਸ ਲਈ ਲੋੜੀਂਦੇ ਗਿਆਨ ਅਤੇ ਹੁਨਰ ਦਿੰਦੇ ਹਨ।

ਸਮਾਜਿਕ ਮੁੱਲਾਂ ਦਾ ਪ੍ਰਚਾਰ: ਉਹ ਅਨੁਸ਼ਾਸਨ, ਸਮਵੇਦਨਾ, ਇਮਾਨਦਾਰੀ ਅਤੇ ਜ਼ਿੰਮੇਵਾਰੀ ਵਰਗੀਆਂ ਗੁਣਾਂ ਨੂੰ ਵਿਕਸਿਤ ਕਰਦੇ ਹਨ।

ਨਵੀਂ ਸੋਚ ਅਤੇ ਆਲੋਚਨਾਤਮਕ ਵਿਚਾਰਧਾਰਾ:

ਜਜ਼ਬੇ ਵਾਲੇ ਅਧਿਆਪਕ ਉਤਸੁਕਤਾ ਅਤੇ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਦੇ ਹਨ।

ਅਸਮਾਨਤਾ ਘਟਾਉਣਾ: ਸਿੱਖਿਆ ਸਭ ਨੂੰ ਇੱਕੋ ਜਿਹੇ ਮੌਕੇ ਦਿੰਦੀ ਹੈ ਅਤੇ ਅਧਿਆਪਕ ਪਿੱਛੜੇ ਵਰਗਾਂ ਨੂੰ ਉੱਪਰ ਲਿਆਂਦੇ ਹਨ।

ਇਸ ਤਰ੍ਹਾਂ, ਅਧਿਆਪਨ ਸਿੱਧੇ ਤੌਰ 'ਤੇ ਰਾਸ਼ਟਰ-ਨਿਰਮਾਣ ਨਾਲ ਜੁੜਿਆ ਹੈ।

ਕ੍ਰਿਤ੍ਰਿਮ ਬੁੱਧੀ ਦੇ ਯੁੱਗ ਵਿੱਚ ਅਧਿਆਪਨ

ਕ੍ਰਿਤ੍ਰਿਮ ਬੁੱਧੀ (19) ਸਿੱਖਿਆ ਦੇ ਖੇਤਰ ਨੂੰ ਤੇਜ਼ੀ ਨਾਲ ਬਦਲ ਰਹੀ ਹੈ। ਸਮਾਰਟ ਕਲਾਸਰੂਮ, ਆਨਲਾਈਨ ਪਲੇਟਫਾਰਮ ਅਤੇ ਵਰਚੁਅਲ ਟਿਊਟਰ ਸਿੱਖਣ ਦੇ ਢੰਗ ਨੂੰ ਬਦਲ ਰਹੇ ਹਨ।

ਕੀ ਆਰਟੀਫਿਸ਼ਲ ਇੰਟੈਲੀਜੈਂਸ 19 ਅਧਿਆਪਕਾਂ ਦੀ ਜਗ੍ਹਾ ਲੈ ਸਕਦੀ ਹੈ?

ਆਰਟੀਫਿਸ਼ਲ ਇੰਟੈਲੀਜੈਂਸ 19 ਜਾਣਕਾਰੀ ਦੇ ਸਕਦੀ ਹੈ ਅਤੇ ਕੰਮ ਆਸਾਨ ਕਰ ਸਕਦੀ ਹੈ, ਪਰ ਇਹ ਮਨੁੱਖੀ ਗੁਣਾਂ—ਜਿਵੇਂ ਭਾਵਨਾਤਮਕ ਸਮਝ, ਨੈਤਿਕ ਮਾਰਗਦਰਸ਼ਨ, ਪ੍ਰੇਰਣਾ ਅਤੇ ਨਿੱਜੀ ਸੰਬੰਧ—ਦੀ ਜਗ੍ਹਾ ਨਹੀਂ ਲੈ ਸਕਦੀ।

ਭਵਿੱਖ ਵਿੱਚ ਅਧਿਆਪਨ ਖਤਮ ਨਹੀਂ ਹੋਵੇਗਾ, ਸਗੋਂ ਬਦਲੇਗਾ। ਅਧਿਆਪਕ:

ਸਿਰਫ਼ ਗਿਆਨ ਦੇ ਸਰੋਤ ਨਹੀਂ, ਸਿੱਖਣ ਦੇ ਮਾਰਗਦਰਸ਼ਕ ਬਣਨਗੇ। ਮੈਨਟਰ ਅਤੇ ਗਾਈਡ ਬਣਨਗੇ। ਰਚਨਾਤਮਕਤਾ ਅਤੇ ਸੰਚਾਰ ਦੇ ਹੁਨਰ ਵਿਕਸਿਤ ਕਰਨਗੇ।

ਆਰਟੀਫਿਸ਼ਲ ਇੰਟੈਲੀਜੈਂਸ 19 ਅਧਿਆਪਕਾਂ ਦੀ ਸਹਾਇਕ ਹੋਵੇਗੀ, ਬਦਲ ਨਹੀਂ।

ਅਧਿਆਪਕ ਤਕਨੀਕ ਨੂੰ ਕਿਵੇਂ ਅਪਣਾਉਣ?

ਡਿਜ਼ਿਟਲ ਸਾਧਨਾਂ ਦੀ ਵਰਤੋਂ ਕਰਨੀ। ਵਿਅਕਤੀਗਤ ਸਿੱਖਿਆ ਨੂੰ ਉਤਸ਼ਾਹਿਤ ਕਰਨਾ। ਲਗਾਤਾਰ ਸਿੱਖਣਾ, ਮਨੁੱਖੀ ਸੰਬੰਧਾਂ ਨੂੰ ਮਜ਼ਬੂਤ ਰੱਖਣਾ, ਤਕਨੀਕ ਸਹਾਇਕ ਹੋਣੀ ਚਾਹੀਦੀ ਹੈ, ਬਦਲ ਨਹੀਂ।

**ਜਜ਼ਬੇ ਅਤੇ ਪੇਸ਼ੇ ਵਿੱਚ ਸੰਤੁਲਨ**-ਅਧਿਆਪਕਾਂ ਲਈ ਵਾਜਿਬ ਤਨਖਾਹ ਅਤੇ ਸਨਮਾਨ ਜ਼ਰੂਰੀ ਹੈ। ਪਰ ਸਭ ਤੋਂ ਵਧੀਆ ਹਾਲਤ ਉਹ ਹੈ ਜਿੱਥੇ: ਅਧਿਆਪਨ ਨੂੰ ਮਿਸ਼ਨ ਵਜੋਂ ਦੇਖਿਆ ਜਾਵੇ, ਇਮਾਨਦਾਰੀ ਅਤੇ ਸਮਰਪਣ ਬਣਿਆ ਰਹੇ, ਸਿੱਖਿਆ ਦਾ ਵਪਾਰੀਕਰਨ ਨਾ ਹੋਵੇ। ਅਧਿਆਪਨ ਉਹ ਪੇਸ਼ਾ ਹੈ ਜੋ ਵਿਅਕਤੀਆਂ ਅਤੇ ਰਾਸ਼ਟਰਾਂ ਦਾ ਭਵਿੱਖ ਬਣਾਉਂਦਾ ਹੈ। ਇਹ ਸਿਰਫ਼ ਕਮਾਈ ਦਾ ਸਾਧਨ ਨਹੀਂ, ਸਗੋਂ ਇੱਕ ਉੱਚ ਜ਼ਿੰਮੇਵਾਰੀ ਹੈ ਜੋ ਜਜ਼ਬੇ, ਧੀਰਜ ਅਤੇ ਸਮਰਪਣ ਦੀ ਮੰਗ ਕਰਦੀ ਹੈ। ਇੱਕ ਜਜ਼ਬੇ ਵਾਲਾ ਅਧਿਆਪਕ ਪੀੜੀਆਂ ਨੂੰ ਪ੍ਰੇਰਿਤ ਕਰ ਸਕਦਾ ਹੈ, ਮਜ਼ਬੂਤ ਸਮਾਜ ਬਣਾਉਂਦਾ ਹੈ ਅਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਂਦਾ ਹੈ। ਇਸ ਲਈ ਅਧਿਆਪਨ ਹਮੇਸ਼ਾਂ ਜਜ਼ਬੇ ਨਾਲ ਸ਼ੁਰੂ ਹੋਣਾ ਚਾਹੀਦਾ ਹੈ—ਸੇਵਾ ਦੀ ਭਾਵਨਾ ਨਾਲ—ਤਾਂ ਜੋ ਇਹ ਪੇਸ਼ੇ ਦੇ ਰੂਪ ਵਿੱਚ ਵੀ ਕਾਮਯਾਬ ਹੋ ਸਕੇ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਲਾਲ ਕਿਲਾ ਤੇ "ਦਿੱਲੀ ਫਤਿਹ ਦਿਵਸ" ਜਰਨੈਲੀ ਫਤਹਿ ਮਾਰਚ ਅਤੇ ਕਥਾ ਕੀਰਤਨ ਸਮਾਗਮ 28 - 29 ਮਾਰਚ 2026 ਨੂੰ

# ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਕਰਵਾਇਆ ਗਿਆ

## ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਹੋਰ ਸ਼ਖਸੀਅਤਾਂ ਨੇ ਭਰੀ ਹਾਜ਼ਰੀ












ਲਾਲ ਕਿਲਾ ਤੇ "ਦਿੱਲੀ ਫਤਿਹ ਦਿਵਸ" ਜਰਨੈਲੀ ਫਤਹਿ ਮਾਰਚ ਅਤੇ ਕਥਾ ਕੀਰਤਨ ਸਮਾਗਮ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ 28 – 29 ਮਾਰਚ 2026 ਨੂੰ ਕਰਵਾਇਆ ਗਿਆ ਜਿਸ ਵਿੱਚ ਹੋਰਾਂ ਤੋਂ ਇਲਾਵਾ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ, ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੋਂਕੜਾ ਨੇ ਸਾਥੀਆਂ ਸਮੇਤ ਹਾਜ਼ਰੀ ਭਰੀ ਤੇ ਸੰਬੋਧਨ ਕੀਤਾ ਦਿੱਲੀ ਕਮੇਟੀ ਵਲੋਂ ਸਨਮਾਨਿਤ ਕੀਤਾ ਗਿਆ।



(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਲਾਲ ਕਿਲਾ ਤੇ "ਦਿੱਲੀ ਫਤਿਹ ਦਿਵਸ" ਜਰਨੈਲੀ ਫਤਹਿ ਮਾਰਚ ਅਤੇ ਕਥਾ ਕੀਰਤਨ ਸਮਾਗਮ ਸੰਪੰਨ

# ਲਾਲ ਕਿਲੇ ਉੱਪਰ ਅੱਜ ਜ਼ਾਲਮ ਔਰੰਗਜ਼ੇਬ ਦਾ ਕੋਈ ਨਾਮ ਨਹੀਂ ਲੈਂਦਾ ਅਤੇ ਖਾਲਸਾ ਪੰਥ ਦੀ ਫਤਿਹ ਦੇ ਲੱਗ ਰਹੇ ਨੇ ਨਾਅਰੇ - ਜਥੇਦਾਰ ਦਾਦੂਵਾਲ



















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਨਵੀਂ ਦਿੱਲੀ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦਾ ਲਾਲ ਕਿਲਾ ਇਸ ਗੱਲ ਦਾ ਗਵਾਹ ਹੈ ਕੇ ਇੱਥੋਂ ਮੁਗਲ ਬਾਦਸ਼ਾਹਾਂ ਨੇ ਜ਼ਬਰ ਜ਼ੁਲਮ ਦੇ ਅਨੇਕਾਂ ਹੁਕਮ ਜਾਰੀ ਕੀਤੇ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਮਹਾਰਾਜ ਜੀ ਭਾਈ ਮਤੀ ਦਾਸ ਭਾਈ ਸਤੀ ਦਾਸ ਤੇ ਭਾਈ ਦਿਆਲਾ ਜੀ ਨੂੰ ਚਾਂਦਨੀ ਚੌਂਕ ਦਿੱਲੀ ਵਿੱਚ ਸ਼ਹੀਦ ਕੀਤਾ ਫਿਰ ਜਦੋਂ ਦਸਮੇਸ਼ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਨੇ ਸ਼੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੇ ਖਾਲਸਾ ਪੰਥ ਸਾਜਿਆ ਤਾਂ ਖਾਲਸਾ ਪੰਥ ਨੇ ਜੋ ਇਤਿਹਾਸ ਸਿਰਜਿਆ ਅਨੇਕਾਂ ਵਾਰ ਦਿੱਲੀ ਨੂੰ ਫਤਿਹ ਕੀਤਾ ਅਤੇ ਲਾਲ ਕਿਲੇ ਉੱਪਰ ਖਾਲਸੇ ਦਾ ਕੇਸਰੀ ਨਿਸ਼ਾਨ ਸਾਹਿਬ ਝੁਲਾ ਦਿੱਤਾ ਖਾਲਸਾ ਪੰਥ ਦੇ ਮਹਾਨ ਜਰਨੈਲ ਜਥੇਦਾਰ ਬਾਬਾ ਬਘੇਲ ਸਿੰਘ ਜੀ ਕਰੋੜਸਿੰਘੀਆ,ਜਥੇਦਾਰ ਬਾਬਾ ਜੱਸਾ ਸਿੰਘ ਜੀ ਆਹਲੂਵਾਲੀਆ,ਜਥੇਦਾਰ ਬਾਬਾ ਜੱਸਾ ਸਿੰਘ ਜੀ ਰਾਮਗੜ੍ਹੀਆ, ਜਥੇਦਾਰ ਮਹਾਂ ਸਿੰਘ ਜੀ ਘੇਬਾ ਦੀ ਅਗਵਾਈ ਵਿੱਚ 30 ਹਜਾਰ ਫੌਜਾਂ ਨੇ ਦਿੱਲੀ ਨੂੰ ਫਤਿਹ ਕੀਤਾ ਗੁਰਦੁਆਰਿਆਂ ਗੁਰਧਾਮਾਂ ਦੀ ਨਿਸ਼ਾਨਦੇਹੀ ਕਰਕੇ ਗੁਰੂਘਰ ਸਥਾਪਿਤ ਕੀਤੇ ਉਸੇ ਖਾਲਸਾ ਪੰਥ ਦਾ ਡੰਕਾ ਦਿੱਲੀ ਫਤਿਹ ਦਿਵਸ ਦੇ ਰੂਪ ਵਿੱਚ ਅੱਜ ਵੀ ਵੱਜ ਰਿਹਾ ਹੈ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ ਦੀ ਅਗਵਾਈ ਵਿੱਚ ਹਰ ਸਾਲ ਦੀ ਤਰਾਂ ਕਰਵਾਏ ਗਏ ਦਿੱਲੀ ਫਤਿਹ ਦਿਵਸ ਵਿਚ ਲਾਲ ਕਿਲੇ ਦੇ ਸਾਹਮਣੇ ਖੁੱਲੇ ਪੰਡਾਲ ਵਿੱਚ ਜੁੜੀਆਂ ਲੱਖਾਂ ਸਿੱਖ ਸੰਗਤਾਂ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਜ਼ਬਰ ਜ਼ੁਲਮ ਕਰਨ ਵਾਲੇ ਮੁਗਲ ਹਾਕਮਾਂ ਦਾ ਅੱਜ ਇੱਥੇ ਨਾਮੋ ਨਿਸ਼ਾਨ ਨਹੀਂ ਹੈ ਅਤੇ ਗੁਰੂ ਦੀ ਕਿਰਪਾ ਸਦਕਾ ਖਾਲਸਾ ਪੰਥ ਦੀ ਚੜ੍ਹਦੀਕਲਾ ਦੀਆਂ ਅੱਜ ਵੀ ਲਾਲ ਕਿਲੇ ਤੇ ਗੂੰਜਾਂ ਪੈ ਰਹੀਆਂ ਹਨ ਇਸ ਸਮੇਂ ਜਰਨੈਲੀ ਮਾਰਚ ਵਿੱਚ ਘੋੜਸਵਾਰ ਹਾਥੀਆਂ ਤੇ ਸਵਾਰ ਨਿਹੰਗ ਸਿੰਘ ਫੌਜਾਂ ਦੇ ਜਲੌਅ ਵੇਖਣਯੋਗ ਸਨ ਦਿੱਲੀ ਫਤਹਿ ਦਿਵਸ ਸਮਾਗਮ ਵਿੱਚ ਸ. ਤਰਨਜੀਤ ਸਿੰਘ ਸੰਧੂ ਲੈਫਟੀਨੈਂਟ ਗਵਰਨਰ ਦਿੱਲੀ,ਸ.ਮਨਜਿੰਦਰ ਸਿੰਘ ਸਿਰਸਾ ਕੈਬਨਿਟ ਮੰਤਰੀ ਦਿੱਲੀ ਸਰਕਾਰ,ਸ.ਹਰਮੀਤ ਸਿੰਘ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਜਥੇਦਾਰ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ,ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ,ਗਿ. ਗੁਰਦਿਆਲ ਸਿੰਘ ਜੀ ਐਡੀਸ਼ਨਲ ਮੁੱਖ ਗ੍ਰੰਥੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ,ਬਾਬਾ ਜੋਗਾ ਸਿੰਘ ਨਾਨਕਸਰ ਕਰਨਾਲ,ਬਾਬਾ ਬਚਨ ਸਿੰਘ ਕਾਰ ਸੇਵਾ ਦਿੱਲੀ ਵਾਲੇ,ਬਾਬਾ ਸੁੱਖਾ ਸਿੰਘ ਕਾਰ ਸੇਵਾ ਭੂਰੀ ਵਾਲੇ,ਬਾਬਾ ਗੁਰਪਿੰਦਰ ਸਿੰਘ ਵਡਾਲਾ ਸਤਲਾਣੀ ਸਾਹਿਬ,ਬਾਬਾ ਗੁਰਪ੍ਰੀਤ ਸਿੰਘ ਜੀ ਗੁਰਦੁਆਰਾ ਦਾਤਾ ਬੰਦੀ ਛੋੜ ਗਵਾਲੀਅਰ,ਜਥੇਦਾਰ ਸਵਰਨ ਸਿੰਘ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੌਂਕੜਾ ਕਰਨਾਲ,ਸਰਦਾਰ ਜਗਦੀਪ ਸਿੰਘ ਕਾਹਲੋਂ ਜਰਨਲ ਸਕੱਤਰ,ਸ. ਜਸਪ੍ਰੀਤ ਸਿੰਘ ਕਰਮਸਰ ਚੇਅਰਮੈਨ ਧਰਮ ਪ੍ਰਚਾਰ,ਡਾ.ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਪੰਜਾਬ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਦਾਰ ਆਤਮਾ ਸਿੰਘ ਲੁਬਾਣਾ ਮੀਤ ਪ੍ਰਧਾਨ,ਸ, ਹਰਵਿੰਦਰ ਸਿੰਘ ਕੇਪੀ ਸੀਨੀਅਰ ਮੀਤ ਪ੍ਰਧਾਨ ਸਮੇਤ ਵੱਡੀ ਗਿਣਤੀ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਹੋਰ ਪੰਥਕ ਸ਼ਖਸੀਅਤਾਂ ਵੀ ਇਸ ਸਮੇਂ ਹਾਜ਼ਰ ਸਨ ਦਿੱਲੀ ਕਮੇਟੀ ਸਮੂੰਹ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਵਲੋਂ ਜਥੇਦਾਰ ਦਾਦੂਵਾਲ ਜੀ ਸਮੇਤ ਪੁੱਜੀਆਂ ਸਮੂੰਹ ਸਖਸ਼ੀਅਤਾਂ ਨੂੰ ਸਿਰਪਾਓ ਅਤੇ ਸਨਮਾਨ ਚਿੰਨ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ••

ਆਵਾਜ਼ਿ ਕੌਮ AWAZE QAUM International Newspaper & WEB TV

ਲਾਲ ਕਿਲਾ ਤੇ "ਦਿੱਲੀ ਫਤਿਹ ਦਿਵਸ" ਜਰਨੈਲੀ ਫਤਹਿ ਮਾਰਚ ਅਤੇ ਕਥਾ ਕੀਰਤਨ ਸਮਾਗਮ 28 - 29 ਮਾਰਚ 2026 ਨੂੰ

# ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਕਰਵਾਇਆ ਗਿਆ

## ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਹੋਰ ਸ਼ਖਸੀਅਤਾਂ ਨੇ ਭਰੀ ਹਾਜ਼ਰੀ










(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਲਾਲ ਕਿਲਾ ਤੇ "ਦਿੱਲੀ ਫਤਿਹ ਦਿਵਸ" ਜਰਨੈਲੀ ਫਤਹਿ ਮਾਰਚ ਅਤੇ ਕਥਾ ਕੀਰਤਨ ਸਮਾਗਮ 28 - 29 ਮਾਰਚ 2026 ਨੂੰ

# ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਕਰਵਾਇਆ ਗਿਆ

## ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਹੋਰ ਸ਼ਖਸੀਅਤਾਂ ਨੇ ਭਰੀ ਹਾਜ਼ਰੀ

















### ਬੇਅਦਬੀ ਬਾਰੇ ਕਾਨੂੰਨ ਬਣਾਉਣ ਦੇ ਮਾਮਲੇ 'ਚ

# ਸ਼੍ਰੋਮਣੀ ਕਮੇਟੀ ਨੇ ਸਿੱਖ ਜਥੇਬੰਦੀਆਂ ਦੀ 6 ਅਪ੍ਰੈਲ ਨੂੰ ਸੱਦੀ ਇਕੱਤਰਤਾ



**ਚੰਡੀਗੜ੍ਹ, 31 ਮਾਰਚ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੰਜਾਬ ਸਰਕਾਰ ਦੁਆਰਾ ਬੇਅਦਬੀਆਂ ਸਬੰਧੀ ਕਾਨੂੰਨ ਬਣਾਏ ਜਾਣ ਦੇ ਸਬੰਧ ਵਿੱਚ 6 ਅਪ੍ਰੈਲ 2026 ਨੂੰ ਸਵੇਰੇ 11 ਵਜੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਸਮੁੱਚੀਆਂ ਸਿੱਖ ਜਥੇਬੰਦੀਆਂ ਦੀ ਇਕੱਤਰਤਾ ਬੁਲਾਈ ਹੈ। ਇਹ ਜਾਣਕਾਰੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਚੰਡੀਗੜ੍ਹ ਵਿਖੇ ਸ਼੍ਰੋਮਣੀ ਕਮੇਟੀ ਮੈਂਬਰਾਂ ਨਾਲ ਮੀਟਿੰਗ ਮਗਰੋਂ ਮੀਡੀਆ ਨੂੰ ਸੰਬੋਧਨ ਕਰਦਿਆਂ ਦਿੱਤੀ।ਉਨ੍ਹਾਂ ਕਿਹਾ ਕਿ ਇਹ ਬੇਹੱਦ ਸੰਜੀਦਾ ਮਾਮਲਾ ਹੈ, ਜਿਸ ਉੱਤੇ ਸਾਂਝੀ ਪੰਥਕ ਰਾਇ ਜਰੂਰੀ ਹੈ।ਇਸ ਲਈ ਸ਼੍ਰੋਮਣੀ ਕਮੇਟੀ ਵੱਲੋਂ ਸਮੂਹ ਸਿੱਖ ਜਥੇਬੰਦੀਆਂ, ਨਿਹੰਗ ਸਿੰਘ ਦਲਾਂ, ਦਮਦਮੀ ਟਕਸਾਲ, ਸਿੱਖ ਸੰਸਥਾਵਾਂ, ਸਿੱਖ ਵਿਦਵਾਨਾਂ, ਸਿੱਖ ਜੱਜਾਂ ਤੇ ਵਕੀਲਾਂ, ਸਿੱਖ ਮਿਸ਼ਨਰੀ ਕਾਲਜਾਂ, ਸਿੰਘ ਸਭਾਵਾਂ, ਸਿੱਖ ਫੈਡਰੇਸ਼ਨਾਂ, ਸਮੂਹ ਸਿੱਖ ਸੰਪਰਦਾਵਾਂ ਦੇ ਮੁਖੀਆਂ, ਨਿਰਮਲੇ, ਉਦਾਸੀ, ਸੇਵਾ ਪੰਥੀ ਤੇ ਕਾਰਸੇਵਾ ਵਾਲੇ ਮਹਾਂਪੁਰਸ਼ਾਂ ਨਾਲ ਸਾਂਝੀ ਇਕੱਤਰਤਾ 6 ਅਪ੍ਰੈਲ 2026 ਨੂੰ ਸਵੇਰੇ 11:00 ਵਜੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਕੀਤੀ ਜਾਵੇਗੀ।

ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਚਾਹੁੰਦੀ ਹੈ ਕਿ ਬੇਅਦਬੀਆਂ ਰੋਕਣ ਲਈ ਸਖ਼ਤ ਕਾਨੂੰਨ ਬਣੇ ਤਾਂ ਜੋ ਇਸ ਦਾ ਪੱਕਾ ਤੇ ਸਾਰਥਿਕ ਹੱਲ ਕੱਢਿਆ ਜਾ ਸਕੇ, ਪਰੰਤੂ ਪੰਜਾਬ ਸਰਕਾਰ ਇਸ ਬਾਰੇ ਸਪੱਸ਼ਟ ਨਹੀਂ ਕਰ ਰਹੀ।ਉਨ੍ਹਾਂ ਕਿਹਾ ਕਿ ਧਾਰਮਿਕ ਗ੍ਰੰਥ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਵੱਡਾ ਫਰਕ ਹੈ।ਇਹ ਜਾਗਤ ਜੋਤ ਗੁਰੂ ਹਨ ਜਿਨ੍ਹਾਂ ਨੂੰ ਗੁਰਤਾਗੱਦੀ ਗੁਰੂ ਸਾਹਿਬ ਨੇ ਆਪ ਦਿੱਤੀ ਸੀ।ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਜਾਗਤ ਜੋਤ ਗੁਰੂ ਵਜੋਂ ਆਭਾ, ਵਡਿਆਈ ਤੇ ਮਹਾਨਤਾ ਦੀ ਵਚਨਬੱਧਤਾ ਬੇਹੱਦ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਇਸੇ ਦੇ ਮੱਦੇਨਜ਼ਰ ਕੌਮੀ ਰਾਇ ਬਣਾਉਣ ਲਈ ਸਮੂਹ ਸਿੱਖ ਜਥੇਬੰਦੀਆਂ ਤੇ ਸੰਸਥਾਵਾਂ ਦੀ ਇਕੱਤਰਤਾ ਬੁਲਾਈ ਗਈ ਹੈ।ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪਹਿਲਾਂ ਪੰਜਾਬ ਧਾਰਮਿਕ ਗ੍ਰੰਥਾਂ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ 2025 ਲਈ ਸਲੈਕਟ ਕਮੇਟੀ ਬਣਾਈ ਸੀ ਜਿਸ ਵੱਲੋਂ ਮੰਗੇ ਸੁਝਾਅ ਲਈ ਸ਼੍ਰੋਮਣੀ ਕਮੇਟੀ ਦੀ ਉਚ ਪੱਧਰੀ ਕਮੇਟੀ ਨੇ ਕਈ ਵਾਰ ਰਾਬਤਾ ਕਰਕੇ ਕੁਝ ਜਵਾਬ ਮੰਗੇ ਸਨ। ਵਾਰ ਵਾਰ ਪੱਤਰ ਲਿਖਣ ਮਗਰੋਂ ਵੀ ਸਰਕਾਰ ਨੇ ਕਿਸੇ ਤਰ੍ਹਾਂ ਦੀ ਜਾਣਕਾਰੀ ਨਹੀਂ ਦਿੱਤੀ।

**ਸ਼੍ਰੋਮਣੀ ਕਮੇਟੀ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੀ ਮੁੱਦਈ, ਪਰ ਪੰਥਕ ਰਾਇ ਨਾਲ ਬਣੇ ਕਾਨੂੰਨ-ਐਡਵੋਕੇਟ ਧਾਮੀ**

ਐਡਵੋਕੇਟ ਧਾਮੀ ਨੇ ਕਿਹਾ ਕਿ ਹੁਣ ਸਰਕਾਰ ਵੱਲੋਂ ਜਾਗਤ ਜੋਤ ਐਕਟ 2008 ਵਿੱਚ ਸੋਧ ਦੀ ਗੱਲ ਕਰਕੇ ਨਵੀਂ ਦੁਬਿਧਾ ਖੜ੍ਹੀ ਕਰ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਇਸ ਸੰਦਰਭ ਨੂੰ ਵੀ ਵਿਚਾਰਨਾ ਬੇਹੱਦ ਜਰੂਰੀ ਹੈ ਕਿ ਸਰਕਾਰ ਵੱਲੋਂ ਬਣਾਇਆ ਜਾਣ ਵਾਲਾ ਕਨੂੰਨ ਕੇਵਲ ਪੰਜਾਬ ਸੂਬੇ ਤੱਕ ਲਾਗੂ ਰਹੇਗਾ ਜਦਕਿ ਦੂਜੇ ਸੂਬਿਆਂ ਵਿਚ ਜੇਕਰ ਬੇਅਦਬੀ ਦੀ ਘਟਨਾ ਵਾਪਰਦੀ ਹੈ ਤਾਂ ਇਸ ਨੂੰ ਉਥੇ ਲਾਗੂ ਕਿਵੇਂ ਕੀਤਾ ਜਾਵੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਅਸੀਂ ਸਖ਼ਤ ਕਾਨੂੰਨ ਦੇ ਹਮੇਸ਼ਾ ਮੁੱਦਈ ਰਹੇ ਹਾਂ ਅਤੇ ਹੁਣ ਵੀ ਇਹੋ ਮੰਗ ਕਰਦੇ ਹਾਂ ਕਿ ਇੱਕ ਕੌਮੀ ਰਾਏ ਬਣਾ ਕੇ ਇਸ ਨੂੰ ਅੰਜਾਮ ਤੱਕ ਪਹੁੰਚਾਇਆ ਜਾਵੇ। ਉਨ੍ਹਾਂ ਕਿਹਾ ਕਿ ਇਸ ਮਕਸਦ ਲਈ ਸਦੀ ਗਈ ਇਕੱਤਰਤਾ ਲਈ ਸਾਰੀਆਂ ਸਿੱਖ ਜਥੇਬੰਦੀਆਂ ਦੇ ਆਗੂਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਦਾ ਪੱਤਰ ਵੀ ਭੇਜਿਆ ਜਾਵੇਗਾ।ਉਨ੍ਹਾਂ ਸਮੂਹ ਜਥੇਬੰਦੀਆਂ ਅਤੇ ਸੰਪ੍ਰਦਾਵਾਂ ਨੂੰ ਅਪੀਲ ਕੀਤੀ ਕਿ ਉਹ 6 ਅਪ੍ਰੈਲ ਨੂੰ ਮੀਟਿੰਗ ਵਿੱਚ ਜਰੂਰ ਸ਼ਾਮਲ ਹੋਣ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਾਲ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਸ. ਬਲਦੇਵ ਸਿੰਘ ਕਾਇਮਪੁਰ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਗੁਰਬਖਸ਼ ਸਿੰਘ ਖਾਲਸਾ, ਸ. ਅਜਮੇਰ ਸਿੰਘ ਖੇੜਾ, ਸ. ਪਰਮਜੀਤ ਸਿੰਘ ਲੱਖੇਵਾਲ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਹਰਭਜਨ ਸਿੰਘ ਮਸਾਣਾਂ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ ਸੁਖਮਿੰਦਰ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਲਖਵੀਰ ਸਿੰਘ ਆਦਿ ਮੌਜੂਦ ਸਨ।

### ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ 14 ਅਪ੍ਰੈਲ ਨੂੰ

# ਖ਼ਾਲਸਾ ਸਾਜਨਾ ਦਿਵਸ ਮੌਕੇ ਵਿਸ਼ਾਲ ਪੰਥਕ ਕਾਨਫਰੰਸ ਦਾ ਐਲਾਨ





**ਮੋਗਾ, 31 ਮਾਰਚ (ਆਵਾਜ਼ਿ ਕੌਮ ਬਿਊਰੋ)-** ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸੀਨੀਅਰ ਲੀਡਰਸ਼ਿਪ ਦੀ ਇਕ ਹੰਗਾਮੀ ਮੀਟਿੰਗ ਮੋਗਾ ਵਿਖੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਅਤੇ ਪਾਰਟੀ ਦੇ ਸਰਪ੍ਰਸਤ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਹੋਈ।ਇਸ ਮਹੱਤਵਪੂਰਨ ਮੀਟਿੰਗ ਵਿੱਚ ਪਾਰਟੀ ਦੀ ਮੁੱਖ ਪੰਜ ਮੈਂਬਰੀ ਕਮੇਟੀ, ਸਮੂਹ ਨਿਯੁਕਤ ਕੀਤੇ ਜਿਲਾ ਪ੍ਰਧਾਨ, ਹਲਕਾ ਇੰਚਾਰਜ ਅਤੇ ਐਗਜ਼ੀਕਿਉਟਿਵ ਕਮੇਟੀ ਦੇ ਮੈਂਬਰਾਂ ਨੇ ਭਰਪੂਰ ਹਾਜ਼ਰੀ ਲਗਵਾਈ।ਮੀਟਿੰਗ ਦੌਰਾਨ ਪੰਥਕ ਅਤੇ ਰਾਜਨੀਤਿਕ ਹਾਲਾਤਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਅਤੇ ਖ਼ਾਸ ਤੌਰ 'ਤੇ ਆਉਣ ਵਾਲੇ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਵੱਡੇ ਪੱਧਰ 'ਤੇ ਪ੍ਰੋਗਰਾਮ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਸਮੂਹ ਮੈਂਬਰਾਂ ਦੀ ਸਹਿਮਤੀ ਨਾਲ ਇਹ ਫੈਸਲਾ ਲਿਆ ਗਿਆ ਕਿ 14 ਅਪ੍ਰੈਲ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਇਕ ਵਿਸ਼ਾਲ ਪੰਥਕ ਕਾਨਫਰੰਸ ਅਤੇ ਇਕੱਠ ਕਰਵਾਇਆ ਜਾਵੇਗਾ, ਜਿਸ ਵਿੱਚ ਪੰਜਾਬ ਭਰ ਤੋਂ ਸੰਗਤਾਂ ਅਤੇ ਵਰਕਰਾਂ ਦੀ ਵੱਡੀ ਭਾਗੀਦਾਰੀ ਯਕੀਨੀ ਬਣਾਈ ਜਾਵੇਗੀ।ਬਾਪੂ ਤਰਸੇਮ ਸਿੰਘ ਜੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਇਕੱਠ ਸਿਰਫ਼ ਧਾਰਮਿਕ ਮਹੱਤਤਾ ਹੀ ਨਹੀਂ ਰੱਖੇਗਾ, ਸਗੋਂ ਪੰਥ ਅਤੇ ਪੰਜਾਬ ਦੇ ਮੌਜੂਦਾ ਹਾਲਾਤਾਂ 'ਤੇ ਵੀ ਇਕ ਸਾਂਝਾ ਮੰਚ ਸਾਬਤ ਹੋਵੇਗਾ। ਉਨ੍ਹਾਂ ਨੇ ਸਾਰੇ ਜਿਲਾ ਪ੍ਰਧਾਨਾਂ ਅਤੇ ਹਲਕਾ ਇੰਚਾਰਜਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਵੱਡੇ ਪੱਧਰ 'ਤੇ ਤਿਆਰੀਆਂ ਕਰਕੇ ਇਸ ਕਾਨਫਰੰਸ ਨੂੰ ਇਤਿਹਾਸਕ ਬਣਾਉਣ। ਪਾਰਟੀ ਆਗੂਆਂ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਖ਼ਾਲਸਾ ਸਾਜਨਾ ਦਿਵਸ ਸਿੱਖ ਕੌਮ ਲਈ ਵਿਸ਼ੇਸ਼ ਮਹੱਤਤਾ ਰੱਖਦਾ ਹੈ ਅਤੇ ਇਸ ਮੌਕੇ ਤੇ ਇਕੱਠ ਹੋਣਾ ਸਮੇਂ ਦੀ ਲੋੜ ਹੈ।ਇਸ ਮੌਕੇ ਇਹ ਵੀ ਨਿਰਣੈ ਲਿਆ ਗਿਆ ਕਿ ਕਾਨਫਰੰਸ ਦੀਆਂ ਤਿਆਰੀਆਂ ਲਈ ਵੱਖ-ਵੱਖ ਕਮੇਟੀਆਂ ਬਣਾਈਆਂ ਜਾਣਗੀਆਂ ਅਤੇ ਜ਼ਿੰਮੇਵਾਰੀਆਂ ਜਲਦ ਸੌਂਪੀਆਂ ਜਾਣਗੀਆਂ। ਅੱਜ ਦੀ ਇਸ ਮੀਟਿੰਗ ਵਿੱਚ ਬਾਪੂ ਤਰਸੇਮ ਸਿੰਘ ਜੀ ਤੋਂ ਇਲਾਵਾ ਮੁੱਖ ਤੌਰ ਤੇ ਸਕੱਤਰ ਜਨਰਲ ਭਾਈ ਮਨਦੀਪ ਸਿੰਘ ਸਿੱਧੂ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਸੁਰਜੀਤ ਸਿੰਘ ਦੌਲਤਪੁਰ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਕਾਬਲ ਸਿੰਘ, ਬਾਬੂ ਸਿੰਘ ਬਰਾੜ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਭਾਈ ਜਸਵਿੰਦਰ ਸਿੰਘ ਬਾਦਲ, ਲੱਖਾ ਸਿੰਘ ਸਿਧਾਣਾਂ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਰਸ਼ਪਾਲ ਸਿੰਘ ਸੋਸਣ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਚਮਕੌਰ ਸਿੰਘ ਧੁੰਨ, ਭਾਈ ਜਸਵਿੰਦਰ ਸਿੰਘ ਡਰੌਲੀ, ਭਾਈ ਬਰਜਿੰਦਰ ਸਿੰਘ ਹੁਸੈਨਪੁਰ, ਭਾਈ ਦਲੇਰ ਸਿੰਘ ਡੋਡ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਚਮਕੌਰ ਸਿੰਘ ਬਰਾੜ, ਭਾਈ ਗੁਰਦੀਪ ਸਿੰਘ ਭੰਡਾਲ, ਭਾਈ ਹਰਜਿੰਦਰ ਸਿੰਘ ਜੀਰਾ, ਭਾਈ ਬਲਜਿੰਦਰ ਸਿੰਘ ਲਸੋਈ, ਭਾਈ ਗੁਰਮਿੰਦਰ ਸਿੰਘ ਚਾਵਲਾ, ਭਾਈ ਕ੍ਰਿਸ਼ਨ ਸਿੰਘ ਰੁਪਾਣਾ, ਭਾਈ ਨਿਰਵੈਰ ਸਿੰਘ ਖਾਲਸਾ, ਭਾਈ ਬਲਵਿੰਦਰ ਸਿੰਘ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਗੁਰਵਿੰਦਰ ਸਿੰਘ, ਡਾਕਟਰ ਲਖਬੀਰ ਸਿੰਘ, ਭਾਈ ਸੁਖਵਿੰਦਰ ਸਿੰਘ ਝਨੇੜੀ, ਭਾਈ ਬਲਜੀਤ ਸਿੰਘ ਢੀਂਡਸਾ, ਭਾਈ ਜਸਕਰਨ ਸਿੰਘ ਰਿਆੜ, ਭਾਈ ਦਲਜੀਤ ਸਿੰਘ ਮਿਆਦੀਆਂ ਅਤੇ ਭਾਈ ਬਲਵਿੰਦਰ ਸਿੰਘ ਰੋਡੇ ਖ਼ਾਲਸਾ ਵੀ ਮੌਜੂਦ ਸਨ।

**ਖਾਲਸਾ ਸਾਜਨਾ ਦਿਵਸ ਦੀ ਕਾਨਫਰੰਸ ਪੰਜਾਬ ਦਾ ਇਕ ਸਾਂਝਾ ਪੰਥਕ ਮੰਚ ਸਾਬਤ ਹੋਵੇਗੀ : ਬਾਪੂ ਤਰਸੇਮ ਸਿੰਘ**

# ਖਾਲਸਾ ਵੱਲੋਂ ਲੋਕ ਸਭਾ ਵਿੱਚ ਪੰਜਾਬ ਦੇ ਮੁੱਦਿਆਂ ਨੂੰ ਉਠਾਉਣਾ ਸਲਾਘਾਯੋਗ ਕਦਮ : ਪੰਮਾ ਬਾਠ



**ਧੂਰੀ ( ਰਣਜੀਤ ਸਿੰਘ ਪੇਧਨੀ )-** ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਸ, ਪਰਮਜੀਤ ਸਿੰਘ ਪੰਮਾ ਬਾਠ ਨੇ ਫਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਸਰਬਜੀਤ ਸਿੰਘ ਖਾਲਸਾ ਵੱਲੋਂ ਪੰਜਾਬ ਦੇ ਮੁੱਦਿਆਂ ਨੂੰ ਲੋਕ ਸਭਾ ਦੇ ਵਿੱਚ ਉਠਾਉਣ ਤੇ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਐਮ ਪੀ ਖਾਲਸਾ ਵੱਲੋਂ ਲੋਕ ਸਭਾ ਵਿੱਚ ਸੈਸਨ ਦੌਰਾਨ ਪੰਜਾਬ ਵਿੱਚ ਨਸ਼ਿਆਂ ਦੀ ਦਲ-ਦਲ ਨੂੰ ਜੜ ਤੋਂ ਖ਼ਤਮ ਕਰਨਾ, ਨਸ਼ਿਆਂ ਅਤੇ ਬੇਰੋਜ਼ਗਾਰੀ ਅਤੇ ਖਡੂਰ ਸਾਹਿਬ ਤੋ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨੂੰ ਸੈਸ਼ਨ ਵਿੱਚ ਸ਼ਾਮਿਲ ਕਰਨ ਵਾਲੇ ਮੁੱਦਿਆ ਨੂੰ ਸੰਜੀਦਗੀ ਨਾਲ ਉਠਾਉਣਾ ਸਲਾਘਾਯੋਗ ਕਦਮ ਹੈ ਉਹਨਾਂ ਕਿਹਾ ਕਿ ਜਦੋਂ ਤੋਂ ਭਾਈ ਸਰਬਜੀਤ ਸਿੰਘ ਖਾਲਸਾ ਮੈਂਬਰ ਪਾਰਲੀਮੈਂਟ ਬਣੇ ਹਨ ਉਹਨਾਂ ਵੱਲੋਂ ਹਰ ਸੈਸ਼ਨ ਦੇ ਵਿੱਚ ਲੋਕਾਂ ਦੀ ਆਵਾਜ਼ ਨੂੰ ਉਠਾਇਆ ਜਾਂਦਾ ਹੈ। ਫਰੀਦਕੋਟ ਦੇ ਲੋਕ ਵਧਾਈ ਦੇ ਪਾਤਰ ਹਨ, ਜਿਨ੍ਹਾਂ ਨੇ ਭਾਈ ਖਾਲਸਾ ਨੂੰ ਜਿਤਾ ਕੇ ਪੰਜਾਬ ਦੇ ਮੁੱਦੇ ਉਠਾਉਣ ਦਾ ਅਤੇ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਹੈ ।

# ਨੈਸ਼ਨਲ ਅਕਾਲੀ ਦਲ ਨੇ ਫੀਸਾਂ ਵਿੱਚ ਵਾਧੇ ਅਤੇ ਮਨਮਾਨੀਆਂ ਕਾਰਵਾਈਆਂ ਤੇ ਜਤਾਈ ਨਾਰਾਜ਼ਗੀ, ਅੰਦੋਲਨ ਸ਼ੁਰੂ ਕਰਣ ਦੀ ਦਿੱਤੀ ਧਮਕੀ



ਨਵੀਂ ਦਿੱਲੀ 31 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਨੈਸ਼ਨਲ ਅਕਾਲੀ ਦਲ ਨੇ ਪ੍ਰਾਈਵੇਟ ਸਕੂਲਾਂ ਵੱਲੋਂ ਲਗਾਤਾਰ ਫੀਸਾਂ ਵਿੱਚ ਵਾਧੇ ਅਤੇ ਮਾਪਿਆਂ 'ਤੇ ਦਬਾਅ ਦਾ ਸਖ਼ਤ ਵਿਰੋਧ ਕੀਤਾ ਹੈ। ਪਾਰਟੀ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਸਕੂਲ ਪ੍ਰਬੰਧਨ ਨੂੰ ਆਪਣੀਆਂ ਮਨਮਾਨੀਆਂ ਕਾਰਵਾਈਆਂ ਬੰਦ ਕਰਨ ਦੀ ਚੇਤਾਵਨੀ ਦਿੱਤੀ ਹੈ, ਨਹੀਂ ਤਾਂ ਪਾਰਟੀ ਸੜਕਾਂ 'ਤੇ ਉਤਰੇਗੀ ਅਤੇ ਇੱਕ ਵੱਡਾ ਅੰਦੋਲਨ ਸ਼ੁਰੂ ਕਰੇਗੀ। ਪੰਮਾ ਨੇ ਕਿਹਾ ਕਿ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਬੇਲੋੜਾ ਤੰਗ ਕੀਤਾ ਜਾ ਰਿਹਾ ਹੈ, ਜੋ ਕਿ ਕਿਸੇ ਵੀ ਹਾਲਤ ਵਿੱਚ ਅਸਵੀਕਾਰਨਯੋਗ ਹੈ। ਸਿੱਖਿਆ ਦੇ ਨਾਮ 'ਤੇ ਵਿੱਤੀ ਬੋਝ ਪਾਉਣਾ ਗਲਤ ਹੈ ਅਤੇ ਇਸਨੂੰ ਤੁਰੰਤ ਬੰਦ ਕੀਤਾ ਜਾਣਾ ਚਾਹੀਦਾ ਹੈ। ਪਾਰਟੀ ਦੇ ਰਾਸ਼ਟਰੀ ਸਕੱਤਰ ਵਿਕਰਾਂਤ ਮੋਹਨ ਅਤੇ ਦਿੱਲੀ ਪ੍ਰਦੇਸ਼ ਪ੍ਰਧਾਨ ਕੁਲਦੀਪ ਸਿੰਘ ਮਾਰਵਾਹ ਨੇ ਵੀ ਸਕੂਲਾਂ ਦੇ ਕੰਮਕਾਜ 'ਤੇ ਸਵਾਲ ਉਠਾਉਂਦੇ ਹੋਏ ਕਿਹਾ ਕਿ ਜੇਕਰ ਸਥਿਤੀ ਜਲਦੀ ਨਹੀਂ ਸੁਧਰੀ ਤਾਂ ਨੈਸ਼ਨਲ ਅਕਾਲੀ ਦਲ ਸਖ਼ਤ ਕਾਰਵਾਈ ਕਰਨ ਤੋਂ ਝਿਜਕੇਗਾ ਨਹੀਂ।

# ਪਿਛਲੇ ਲੰਮੇ ਸਮੇਂ ਤੋਂ ਪੰਜਾਬ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋ ਰਹੀਆਂ ਬੇਅਦਬੀਆਂ ਚਿੰਤਾ ਦਾ ਵਿਸ਼ਾ : ਸੰਤ ਬਾਬਾ ਸੁੱਖਾ ਸਿੰਘ ਜੋਤੀਸਰ ਜੰਡਿਆਲਾ ਗੁਰੂ

ਚੌਂਕ ਮਹਿਤਾ,3,1ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ): ਪੰਜਾਬ ਵਿੱਚ ਲੰਮੇ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋ ਰਹੀਆਂ ਬੇਅਦਬੀਆਂ ਦੀਆਂ ਘਟਨਾਵਾਂ ਬਹੁਤ ਚਿੰਤਾ ਦਾ ਵਿਸ਼ਾ ਹੈ ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਗੁਰਦੁਆਰਾ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਸ੍ਰੀ ਮਾਨ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਅੱਗੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦੇ ਦੱਸੀਆਂ ਨੂੰ ਸਖਤ ਸਜਾਵਾਂ ਦਿੱਤੀਆਂ ਜਾਣ ਦੇ ਲਈ ਸਮਾਣਾ ਵਿਖੇ ਟਾਵਰ ਦੇ ਚੜ੍ਹੇ ਸਿੱਖ ਦਰਦੀ ਭਾਈ ਗੁਰਜੀਤ ਸਿੰਘ ਖਾਲਸਾ ਨੂੰ ਕਰੀਬ ਡੇਢ ਸਾਲ ਤੋਂ ਉੱਪਰ ਦਾ ਸਮਾਂ ਹੋ ਚੁੱਕਾ ਹੈ ਅਤੇ ਇਸ ਅੰਦੋਲਨ ਦੀ ਰੂਪਰੇਖਾ ਨੂੰ ਤੇਜ ਕਰਨ ਲਈ ਸਾਂਤੀ ਪਸੰਦ ਸਿੱਖ ਕੌਮ ਦੇ ਸੈਂਕੜੇ ਸਿੰਘਾਂ ਵੱਲੋਂ ਪੱਕਾ ਧਰਨਾ ਲਗਾ ਕਿ ਧਰਮ ਗ੍ਰੰਥਾਂ ਦੀਆਂ ਬੇਅਦਬੀਆਂ ਉਪਰ ਸਖਤ ਕਾਨੂੰਨ ਬਣਾਉਣ ਦੀ ਮੰਗ ਕੀਤੀ ਜਾ ਰਹੀ ਹੈ ਅਤੇ ਇਸ ਗੰਭੀਰ ਮਸਲੇ ਤੇ ਸਖਤ ਕਾਨੂੰਨ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ 13 ਅਪ੍ਰੈਲ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਸਪੈਸ਼ਲ ਵਿਧਾਨ ਸਭਾ ਸੈਸ਼ਨ ਬੁਲਾਇਆ ਗਿਆ ਹੈ ਜਿਸ ਉੱਪਰ ਪੰਜਾਬ ਭਰ ਤੋਂ ਲੈ ਕੇ ਵਿਦੇਸਾਂ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਦੀਆਂ ਨਜਰਾਂ 13 ਅਪ੍ਰੈਲ ਵਾਲੇ ਦਿਨ ਸਰਕਾਰ ਦੇ ਵੱਡੇ ਫੈਸਲੇ ਦੀ ਉਡੀਕ ਕਰ ਰਹੀਆਂ ਹਨ ਅੱਗੇ ਸ੍ਰੀ ਮਾਨ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਪੰਜਾਬ ਸਰਕਾਰ ਨੂੰ ਅਪੀਲ ਕਰਦਿਆ ਹੋਇਆ ਕਿਹਾ ਕਿ 13 ਅਪ੍ਰੈਲ ਦਾ ਦਿਨ ਸਿੱਖ ਕੌਮ ਲਈ ਬਹੁਤ ਵੱਡਾ ਇਤਿਹਾਸਕ ਦਿਨ ਹੈ ਅਤੇ ਇਸ ਸਮੇਂ ਦੀ ਹਕੂਮਤ ਵੱਲੋਂ 13 ਅਪ੍ਰੈਲ ਨੂੰ ਇਤਿਹਾਸਕ ਫੈਸਲੇ ਲਏ ਜਾਣ ਤਾਂ ਜੋ ਲੰਮੇ ਸਮੇਂ ਤੋਂ ਸਿੱਖਾਂ ਨੂੰ ਮਿਲ ਰਹੇ ਜਖਮਾਂ ਉਪਰ ਲਏ ਗਏ ਫੈਸਲੇ ਮਲਮ ਦਾ ਕੰਮ ਕਰਨ ਅਤੇ ਦੋਖੀਆਂ ਨੂੰ ਸਖਤ ਤੋਂ ਸਖਤ ਸਜਾਵਾਂ ਦਿੱਤੀਆਂ ਜਾਣ ! ਤਾਂ ਜੋ ਆਉਣ ਵਾਲੇ ਸਮੇਂ ਵਿੱਚ ਕਿਸੇ ਵੀ ਧਰਮ ਗ੍ਰੰਥ ਦੀ ਬੇਅਦਬੀ ਕਰਨ ਦੀ ਕਿਸੇ ਦੀ ਹਿੰਮਤ ਨੇ ਪਵੇ !



### ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ

# ਪੰਜਾਬ ਪੁਲਿਸ ਨੂੰ 508 ਐਮਰਜੈਂਸੀ ਰਿਸਪਾਂਸ ਵਹੀਕਲ ਸੌਂਪੇ






**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਭਰ ਵਿੱਚ ਜ਼ਮੀਨੀ ਪੱਧਰ 'ਤੇ ਪੁਲਿਸਿੰਗ ਨੂੰ ਮਜ਼ਬੂਤ ਕਰਨ ਲਈ ਸੰਗਰੂਰ ਵਿੱਚ 508 ਐਮਰਜੈਂਸੀ ਰਿਸਪਾਂਸ ਵਹੀਕਲ (ਈਵੀਆਰ) ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੁਣ ਅਮਰੀਕਾ ਅਤੇ ਯੂਰਪ ਵਰਗੇ ਵਿਕਸਤ ਦੇਸ਼ਾਂ ਵਾਂਗ ਮਹਿਜ਼ ਛੇ ਮਿੰਟਾਂ ਵਿੱਚ ਪੁਲਿਸ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਉੱਨਤ ਤਕਨਾਲੋਜੀ ਨਾਲ ਲੈਸ ਇਹ ਵਾਹਨ ਡਾਇਲ-112 ਅਧੀਨ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਤਾਇਨਾਤ ਕੀਤੇ ਗਏ ਹਨ ਜੋ ਐਮਰਜੈਂਸੀ ਹਾਲਾਤਾਂ ਦੌਰਾਨ ਤੁਰੰਤ ਸਹਾਇਤਾ ਯਕੀਨੀ ਬਣਾਉਣਗੇ। ਇਹ ਤੁਰੰਤ, ਤਕਨਾਲੋਜੀ-ਅਧਾਰਤ ਕਾਨੂੰਨ ਲਾਗੂਕਰਨ ਦੀ ਦਿਸ਼ਾ ਵੱਲ ਇਕ ਅਹਿਮ ਪੁਲਾਂਘ ਹੈ।

> **ਪੁਲਿਸ ਦੇ ਆਧੁਨਿਕੀਕਰਨ ਨੇ ਨਾ ਸਿਰਫ਼ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕੀਤਾ ਹੈ ਸਗੋਂ ਨਸ਼ਾ ਤਸਕਰਾਂ 'ਤੇ ਵੀ ਸ਼ਿਕੰਜਾ ਕੱਸਿਆ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ**

ਮੁੱਖ ਮੰਤਰੀ ਨੇ ਕਿਹਾ ਕਿ ਚਾਰ ਸਾਲਾਂ ਦੌਰਾਨ ਪੁਲਿਸ ਵਾਹਨਾਂ ਲਈ 327.70 ਕਰੋੜ ਰੁਪਏ ਦਾ ਨਿਵੇਸ਼ ਕੀਤਾ ਗਿਆ ਹੈ ਜਿਸ ਨਾਲ ਨਾ ਸਿਰਫ ਫੋਰਸ ਦੇ ਆਧੁਨਿਕੀਕਰਨ ਨਾਲ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕੀਤਾ ਗਿਆ ਹੈ ਸਗੋਂ ਨਸ਼ਾ ਤਸਕਰਾਂ 'ਤੇ ਵੀ ਨਕੇਲ ਕਸੀ ਗਈ ਹੈ। ਬਿਹਤਰ ਸੁਰੱਖਿਆ ਨਿਵੇਸ਼ਕਾਂ ਦੇ ਵਿਸ਼ਵਾਸ ਵਿੱਚ ਵੀ ਵਾਧਾ ਕਰਦੀ ਹੈ ਜੋ ਟਾਟਾ ਸਟੀਲ ਵੱਲੋਂ ਪੰਜਾਬ ਵਿੱਚ ਆਪਣਾ ਦੂਜਾ ਸਭ ਤੋਂ ਵੱਡੇ ਪਲਾਂਟ ਸਥਾਪਤ ਕਰਨ ਲਈ ਕੀਤੇ ਜਾ ਰਹੇ ਵੱਡੇ ਨਿਵੇਸ਼ਾਂ ਤੋਂ ਸਪੱਸ਼ਟ ਹੁੰਦਾ ਹੈ।

ਸੰਗਰੂਰ ਵਿੱਚ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਕਿਹਾ, "ਪੰਜਾਬ ਵਿੱਚੋਂ ਨਸ਼ਿਆਂ ਦੇ ਖ਼ਤਰੇ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਲਈ ਆਖਰੀ ਵਾਰ ਵਜੋਂ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਲੋਕਾਂ ਦਾ ਸਮਾਜਿਕ ਬਾਈਕਾਟ ਕਰਨਾ ਜ਼ਰੂਰੀ ਹੈ।" ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਪੀੜ੍ਹੀਆਂ ਨੂੰ ਬਰਬਾਦ ਕੀਤਾ ਹੈ ਉਨ੍ਹਾਂ ਨਾਲ ਬਿਲਕੁਲ ਵੀ ਨਰਮੀ ਨਹੀਂ ਵਰਤਣੀ ਚਾਹੀਦੀ। ਉਨ੍ਹਾਂ ਕਿਹਾ, "ਅਜਿਹੇ ਤੱਤਾਂ ਨੂੰ ਸਬਕ ਸਿਖਾਇਆ ਜਾਣਾ ਚਾਹੀਦਾ ਹੈ ਅਤੇ ਇਹਨਾਂ ਦਾ ਸਮਾਜਿਕ ਬਾਈਕਾਟ ਪੰਜਾਬ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਅਹਿਮ ਭੂਮਿਕਾ ਨਿਭਾਏਗਾ।"

ਸਰਕਾਰ ਦੀ ਸਖ਼ਤ ਕਾਰਵਾਈ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ, "ਪੰਜਾਬ ਸਰਕਾਰ ਨੇ ਪਹਿਲਾਂ ਹੀ ਨਸ਼ਿਆਂ ਦੇ ਵਪਾਰ ਵਿਰੁੱਧ ਸ਼ਿਕੰਜਾ ਕੱਸ ਦਿੱਤਾ ਹੈ ਅਤੇ ਅਜਿਹੇ ਮਾਮਲਿਆਂ ਵਿੱਚ ਸਜ਼ਾ ਦਰ 87 ਫੀਸਦ ਤੱਕ ਪਹੁੰਚ ਗਈ ਹੈ ਜੋ ਕਿ ਕਿਸੇ ਵੀ ਹੋਰ ਸੂਬੇ ਨਾਲੋਂ ਕਿਤੇ ਵੱਧ ਹੈ।" ਉਨ੍ਹਾਂ ਕਿਹਾ, "ਯੁੱਧ ਨਸ਼ਿਆਂ ਵਿਰੁੱਧ ਪੰਜਾਬ ਵਿੱਚ ਨਸ਼ਿਆਂ ਦੇ ਨੈੱਟਵਰਕ ਵਿਰੁੱਧ ਕੀਤੀ ਗਈ ਹੁਣ ਤੱਕ ਦੀ ਸਭ ਤੋਂ ਵੱਡੀ ਕਾਰਵਾਈ ਸਾਬਤ ਹੋ ਰਹੀ ਹੈ ਜਿਸ ਤਹਿਤ ਸਪਲਾਈ ਚੇਨ ਤੋੜ ਕੇ ਅਤੇ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਸੁੱਟ ਕੇ ਇਸ ਗੈਰ-ਕਾਨੂੰਨੀ ਵਪਾਰ ਦੀ ਰੀੜ੍ਹ ਦੀ ਹੱਡੀ ਤੋੜ ਦਿੱਤੀ ਗਈ ਹੈ।"

ਲੋਕ ਲਹਿਰ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, "ਨਸ਼ਿਆਂ ਵਿਰੁੱਧ ਇਸ ਯੁੱਧ ਨੂੰ ਜਨਤਕ ਸਮਰਥਨ ਨਾਲ ਲੋਕ ਲਹਿਰ ਵਿੱਚ ਬਦਲਣ ਲਈ ਇੱਕ ਵਿਆਪਕ ਅਤੇ ਬਹੁ-ਪੱਖੀ ਰਣਨੀਤੀ ਤਿਆਰ ਕੀਤੀ ਗਈ ਹੈ।" ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਉਲਟ, ਮੌਜੂਦਾ ਸਰਕਾਰ ਨੇ ਤਸਕਰਾਂ ਨੂੰ ਸੂਬੇ ਵਿੱਚ ਪੈਰ ਪਸਾਰਨ ਦੀ ਇਜਾਜ਼ਤ ਦੇਣ ਦੀ ਬਜਾਏ ਸਖ਼ਤ ਕਾਰਵਾਈ ਨੂੰ ਯਕੀਨੀ ਬਣਾਇਆ ਹੈ। ਉਨ੍ਹਾਂ ਕਿਹਾ, "ਸਾਡੀ ਲੜਾਈ ਪੰਜਾਬ ਦੀ ਨੌਜਵਾਨ ਪੀੜ੍ਹੀ ਦੀ ਰੱਖਿਆ ਲਈ ਹੈ ਅਤੇ ਇਹ ਨਿਰੰਤਰ ਜਾਰੀ ਰਹੇਗੀ।"

'ਨਸ਼ਾ ਅੱਤਵਾਦ' ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਪੁਲਿਸ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਸਰਗਰਮੀ ਨਾਲ ਮੁਕਾਬਲਾ ਕਰ ਰਹੀ ਹੈ ਅਤੇ ਦੁਸ਼ਮਣ ਤਾਕਤਾਂ ਦਾ ਸਖ਼ਤ ਮੁਕਾਬਲਾ ਕਰਦੇ ਹੋਏ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾ ਰਹੀ ਹੈ।"

ਉਨ੍ਹਾਂ ਪ੍ਰਬੰਧਕੀ ਸੁਧਾਰਾਂ 'ਤੇ ਚਾਨਣਾ ਪਾਉਂਦਿਆਂ ਕਿਹਾ, "ਪਹਿਲੀ ਵਾਰ ਜ਼ਮੀਨੀ ਪੱਧਰ ਤੱਕ ਪਹੁੰਚ ਅਪਣਾਈ ਗਈ ਹੈ ਜਿਸ ਤਹਿਤ ਹੁਣ ਸਿਰਫ਼ ਸੀਨੀਅਰ ਅਧਿਕਾਰੀਆਂ ਦੀ ਬਜਾਏ ਜ਼ਮੀਨੀ ਪੱਧਰ 'ਤੇ ਐਸਐਚਓਜ਼ ਨੂੰ ਵਾਹਨ ਪ੍ਰਦਾਨ ਕੀਤੇ ਜਾ ਰਹੇ ਹਨ।"

ਕਾਨੂੰਨ ਵਿਵਸਥਾ ਨੂੰ ਆਰਥਿਕ ਵਿਸ਼ਵਾਸ ਨਾਲ ਜੋੜਦਿਆਂ ਉਨ੍ਹਾਂ ਕਿਹਾ, "ਕਾਨੂੰਨ ਵਿਵਸਥਾ ਦਾ ਮੁਲਾਂਕਣ ਕਰਨ ਦਾ ਸਭ ਤੋਂ ਵਧੀਆ ਮਾਪਦੰਡ ਸੂਬੇ ਵਿੱਚ ਕੀਤਾ ਜਾਣ ਵਾਲਾ ਨਿਵੇਸ਼ ਹੈ ਅਤੇ ਟਾਟਾ ਸਟੀਲ ਵੱਲੋਂ ਪੰਜਾਬ ਵਿੱਚ ਆਪਣਾ ਦੂਜਾ ਸਭ ਤੋਂ ਵੱਡਾ ਪਲਾਂਟ ਸਥਾਪਤ ਕੀਤਾ ਗਿਆ ਜੋ ਸੂਬੇ ਦੀ ਬਿਹਤਰ ਕਾਨੂੰਨ ਵਿਵਸਥਾ ਦਾ ਪ੍ਰਤੱਖ ਪ੍ਰਮਾਣ ਹੈ।" ਉਨ੍ਹਾਂ ਅੱਗੇ ਕਿਹਾ, "ਪੰਜਾਬ ਸਭ ਤੋਂ ਸੁਰੱਖਿਅਤ ਥਾਵਾਂ ਵਿੱਚੋਂ ਇੱਕ ਹੈ ਅਤੇ ਇਸਦਾ ਸਿਹਰਾ ਪੰਜਾਬ ਪੁਲਿਸ ਨੂੰ ਜਾਂਦਾ ਹੈ ਜਿਸਨੇ ਫੋਰਸ ਅਤੇ ਲੋਕਾਂ ਦਰਮਿਆਨ ਪਾੜੇ ਨੂੰ ਪੂਰਿਆ ਹੈ।"

ਸੜਕ ਸੁਰੱਖਿਆ ਵਿੱਚ ਕੀਤੇ ਸੁਧਾਰਾਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ, "ਪੰਜਾਬ ਸਰਕਾਰ ਨੇ ਹਾਈਵੇਅ 'ਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਕੀਮਤੀ ਜਾਨਾਂ ਬਚਾਉਣ ਲਈ ਦੇਸ਼ ਦੀ ਪਹਿਲੀ ਸਮਰਪਿਤ ਸੜਕ ਸੁਰਖੀਆ ਫੋਰਸ ਸ਼ੁਰੂ ਕੀਤੀ ਹੈ।" ਉਨ੍ਹਾਂ ਕਿਹਾ, "1,597 ਸਿਖਲਾਈ ਪ੍ਰਾਪਤ ਕਰਮਚਾਰੀਆਂ ਅਤੇ 144 ਆਧੁਨਿਕ ਵਾਹਨਾਂ ਦੇ ਨਾਲ ਇਸ ਫੋਰਸ ਨੇ ਆਪਣੀ ਸ਼ੁਰੂਆਤ ਤੋਂ ਬਾਅਦ ਸੜਕ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਵਿੱਚ 48 ਫੀਸਦ ਦੀ ਕਮੀ ਲਿਆਂਦੀ ਹੈ।" ਉਨ੍ਹਾਂ ਕਿਹਾ, "4,200 ਕਿਲੋਮੀਟਰ ਦੁਰਘਟਨਾ-ਪ੍ਰਭਾਵਿਤ ਹਾਈਵੇਅ 'ਤੇ ਤਾਇਨਾਤ, ਇਹ ਫੋਰਸ ਨਾ ਸਿਰਫ਼ ਗਸ਼ਤ ਕਰਦੀ ਹੈ ਬਲਕਿ ਉਲੰਘਣਾਵਾਂ ਵਿਰੁੱਧ ਰੋਕਥਾਮ ਵਜੋਂ ਵੀ ਕੰਮ ਕਰਦੀ ਹੈ। ਇਸ ਪਹਿਲ ਦੀ ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਵੀ ਸ਼ਲਾਘਾ ਕੀਤੀ ਹੈ।"

ਪੁਲਿਸ ਦੇ ਆਧੁਨਿਕੀਕਰਨ ਬਾਰੇ ਗੱਲ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ, ਐਮਰਜੈਂਸੀ ਰਿਸਪਾਂਸ ਵਾਹਨ ਪਹਿਲਕਦਮੀ ਤਹਿਤ 508 ਨਵੀਆਂ ਬੋਲੇਰੋ ਗੱਡੀਆਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਜਾ ਰਿਹਾ ਹੈ ਅਤੇ ਡਾਇਲ-112 ਤਹਿਤ ਜਨਤਕ ਸੇਵਾ ਲਈ ਸਮਰਪਿਤ ਹਨ।" ਉਨ੍ਹਾਂ ਕਿਹਾ, "ਇਹ ਵਾਹਨ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਤਾਇਨਾਤ ਕੀਤੇ ਜਾਣਗੇ ਜੋ ਨਾਗਰਿਕਾਂ ਨੂੰ ਤੁਰੰਤ ਸਹਾਇਤਾ ਯਕੀਨੀ ਬਣਾਉਣਗੇ।"

ਉਨ੍ਹਾਂ ਅੱਗੇ ਕਿਹਾ ਕਿ ਇਸ ਨਾਲ ਡਾਇਲ-112 ਫਲੀਟ ਵਿੱਚ ਵਾਹਨਾਂ ਦੀ ਗਿਣਤੀ ਵਧ ਕੇ 764 ਹੋ ਗਈ ਹਨ, ਜੋ ਸਾਰੇ ਜੀਪੀਐਸ ਟਰੈਕਰਸ, ਡੈਸ਼ ਕੈਮਰੇ ਅਤੇ ਮੋਬਾਈਲ ਡਾਟਾ ਸਿਸਟਮ ਸਮੇਤ ਅਤਿ-ਆਧੁਨਿਕ ਤਕਨਾਲੋਜੀਆਂ ਨਾਲ ਲੈਸ ਹਨ। ਬਿਹਤਰ ਕੁਸ਼ਲਤਾ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਡਾਇਲ-112 'ਤੇ ਰੋਜ਼ਾਨਾ 15,000 ਕਾਲਾਂ ਪ੍ਰਾਪਤ ਹੁੰਦੀਆਂ ਹਨ, ਜਿਨ੍ਹਾਂ ਵਿੱਚੋਂ ਲਗਭਗ 1,500 ਕਾਲਾਂ ਲਈ ਸਹਾਇਤਾ ਵਜੋਂ ਤੁਰੰਤ ਵਾਹਨ ਭੇਜੇ ਜਾਂਦੇ ਹਨ ਅਤੇ ਪ੍ਰਕਿਰਿਆ ਸਮਾਂ 30-45 ਮਿੰਟਾਂ ਤੋਂ ਘਟਾ ਕੇ ਸਿਰਫ਼ 13-14 ਮਿੰਟ ਰਹਿ ਗਿਆ ਹੈ।

ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪੁਲਿਸ ਭਲਾਈ ਲਈ ਬਹੁਤ ਘੱਟ ਫੰਡ ਅਲਾਟ ਕੀਤੇ ਸਨ ਜਦੋਂ ਕਿ ਮੌਜੂਦਾ ਸਰਕਾਰ ਨੇ ਸਿਰਫ਼ ਚਾਰ ਸਾਲਾਂ ਵਿੱਚ 327.69 ਕਰੋੜ ਰੁਪਏ ਦਾ ਨਿਵੇਸ਼ ਕਰਕੇ ਸਾਲ 2022 ਤੋਂ ਹੁਣ ਤੱਕ 2,904 ਨਵੇਂ ਵਾਹਨ ਖਰੀਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਮੌਜੂਦਾ ਸਮੇਂ ਪੰਜਾਬ ਦੇ ਹਰ ਪੁਲਿਸ ਸਟੇਸ਼ਨ ਕੋਲ ਘੱਟੋ-ਘੱਟ ਇੱਕ ਨਵਾਂ ਵਾਹਨ ਹੈ।

ਵਿਸ਼ੇਸ਼ ਯੂਨਿਟਾਂ ਨੂੰ ਹੋਰ ਮਜ਼ਬੂਤ ਕਰਨ ਬਾਰੇ ਮੁੱਖ ਮੰਤਰੀ ਨੇ ਕਿਹਾ ਕਿ ਏਐਨਟੀਐਫ ਲਈ 22 ਮਹਿੰਦਰਾ ਸਕਾਰਪੀਓ ਵਾਹਨ ਖਰੀਦਣ ਦੇ ਨਾਲ-ਨਾਲ ਗਤੀਸ਼ੀਲਤਾ ਅਤੇ ਔਰਤਾਂ ਦੀ ਸੁਰੱਖਿਆ ਲਈ ਇਲੈਕਟ੍ਰਿਕ ਸਕੂਟਰ ਵੀ ਖਰੀਦੇ ਗਏ ਹਨ। ਉਨ੍ਹਾਂ ਅੱਗੇ ਐਲਾਨ ਕੀਤਾ ਕਿ ਸਾਲ 2026-27 ਵਿੱਚ ਹੋਰ ਵਾਹਨ ਖਰੀਦ ਲਈ 11.45 ਕਰੋੜ ਰੁਪਏ ਵੀ ਅਲਾਟ ਕੀਤੇ ਗਏ ਹਨ।

ਪੰਜਾਬ ਵਿੱਚ ਸੁਰੱਖਿਆ ਬਾਰੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਅੱਤਵਾਦ ਦੇ ਔਖੇ ਪੜਾਵਾਂ ਵਿੱਚੋਂ ਲੰਘਿਆ ਹੈ, ਪਰ ਪੁਲਿਸ ਕਰਮਚਾਰੀਆਂ ਨੇ ਆਪਣੀਆਂ ਕੁਰਬਾਨੀਆਂ ਦੇ ਕੇ ਸੂਬੇ ਵਿੱਚ ਸ਼ਾਂਤੀ ਬਹਾਲ ਕਰਨ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ ਅਤੇ ਅੱਜ ਸੂਬੇ ਨੂੰ ਇਸ ਦੀ ਸ਼ਾਂਤੀ ਲਈ ਜਾਣਿਆ ਜਾਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸਰਹੱਦੀ ਰਾਜ ਵਜੋਂ ਦਰਪੇਸ਼ ਚੁਣੌਤੀਆਂ ਦੇ ਬਾਵਜੂਦ, ਪੰਜਾਬ ਪੁਲਿਸ ਪੂਰੀ ਵਚਨਬੱਧਤਾ ਨਾਲ ਆਪਣੀ ਡਿਊਟੀ ਨਿਭਾ ਰਹੀ ਹੈ।

ਭਵਿੱਖ ਦੇ ਸੁਧਾਰਾਂ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਜਲਦ ਹੀ ਪੰਜਾਬ ਪੁਲਿਸ ਦੀ ਕੁਸ਼ਲਤਾ ਵਧਾਉਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਕਰੇਗੀ, ਜੋ ਸੂਬੇ ਨੂੰ ਦੇਸ਼ ਵਿੱਚ ਇੱਕ ਮੋਹਰੀ ਫੋਰਸ ਬਣਾਏਗਾ ਅਤੇ ਵਿਗਿਆਨਕ ਤਰੀਕਿਆਂ ਰਾਹੀਂ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰੇਗਾ।

ਮੁੱਖ ਮੰਤਰੀ ਨੇ ਕਿਸਾਨ ਭਲਾਈ ਬਾਰੇ ਗੱਲ ਕਰਦਿਆਂ ਕਿਹਾ ਕਿ ਸਰਕਾਰ ਖੇਤੀਬਾੜੀ ਵਾਲੀ ਜ਼ਮੀਨ ਵਿੱਚੋਂ ਲੰਘਦੀਆਂ ਹਾਈ-ਟੈਂਸ਼ਨ ਤਾਰਾਂ ਨੂੰ ਜ਼ਮੀਨਦੋਜ਼ ਕਰਨ ਦੀ ਸੰਭਾਵਨਾ ਦੀ ਪੜਚੋਲ ਕਰ ਰਹੀ ਹੈ, ਜਿਸ ਨਾਲ ਕਿਸਾਨਾਂ ਅਤੇ ਉਨ੍ਹਾਂ ਦੀਆਂ ਫਸਲਾਂ ਲਈ ਜੋਖਮ ਘੱਟ ਜਾਣਗੇ।"

ਭਰਤੀ ਬਾਰੇ ਉਨ੍ਹਾਂ ਕਿਹਾ ਕਿ ਸਾਲ 2022 ਤੋਂ ਲੈ ਕੇ ਹੁਣ ਤੱਕ ਪੰਜਾਬ ਪੁਲਿਸ ਵਿੱਚ 12,197 ਭਰਤੀਆਂ ਕੀਤੀਆਂ ਗਈਆਂ ਹਨ ਅਤੇ ਹੋਰ ਭਰਤੀ ਪ੍ਰਕਿਰਿਆਵਾਂ ਚੱਲ ਰਹੀਆਂ ਹਨ, ਜਿਸ ਸਬੰਧੀ ਮਾਰਚ 2026 ਵਿੱਚ 1,746 ਕਾਂਸਟੇਬਲ ਅਤੇ 3,298 ਨਵੇਂ ਅਹੁਦੇ ਸ਼ਾਮਲ ਕਰਨ ਲਈ ਇਸ਼ਤਿਹਾਰ ਜਾਰੀ ਕੀਤਾ ਜਾ ਚੁੱਕਾ ਹੈ।

ਪਾਰਦਰਸ਼ੀ ਸ਼ਾਸਨ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਵੱਲੋਂ ਦਿੱਤੇ ਟੈਕਸ ਦੇ ਪੈਸੇ ਨੂੰ ਵਿਕਾਸ ਕਾਰਜਾਂ 'ਤੇ ਪੂਰੀ ਸਮਝਦਾਰੀ ਨਾਲ ਖਰਚ ਕੀਤਾ ਜਾ ਰਿਹਾ ਹੈ ਅਤੇ ਸੂਬਾ ਵਾਸੀਆਂ ਲਈ ਸਿੱਖਿਆ, ਸਿਹਤ ਸੰਭਾਲ, ਬੁਨਿਆਦੀ ਢਾਂਚੇ ਅਤੇ ਭਲਾਈ ਸਕੀਮਾਂ ਵਿੱਚ ਲਾਭ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ 90 ਫ਼ੀਸਦ ਘਰਾਂ ਨੂੰ ਮੁਫ਼ਤ ਬਿਜਲੀ, ਭ੍ਰਿਸ਼ਟਾਚਾਰ ਤੋਂ ਬਿਨਾਂ 65,000 ਤੋਂ ਵੱਧ ਸਰਕਾਰੀ ਨੌਕਰੀਆਂ, ਬਿਹਤਰ ਸੜਕਾਂ ਅਤੇ ਟੋਲ ਪਲਾਜ਼ਾ ਬੰਦ ਕਰਕੇ ਰੋਜ਼ਾਨਾ 70 ਲੱਖ ਰੁਪਏ ਦੀ ਬੱਚਤ ਇਮਾਨਦਾਰ ਸ਼ਾਸਨ ਪ੍ਰਤੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਉਨ੍ਹਾਂ ਕਿਹਾ ਕਿ ਦੂਜੀਆਂ ਸਿਆਸੀ ਪਾਰਟੀਆਂ ਸਿਰਫ਼ ਸੱਤਾ ਹਥਿਆਉਣ 'ਤੇ ਧਿਆਨ ਦਿੰਦੀਆਂ ਹਨ, ਉੱਥੇ ਹੀ ਸਾਡੀ ਸਰਕਾਰ ਸਿੱਖਿਆ, ਸਿਹਤ, ਬਿਜਲੀ ਅਤੇ ਖੇਤੀਬਾੜੀ ਖੇਤਰ 'ਤੇ ਵਿਸ਼ੇਸ਼ ਧਿਆਨ ਦੇ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਲੋਕਾਂ ਨੇ ਮੌਕਾਪ੍ਰਸਤ ਰਾਜਨੀਤੀ ਨੂੰ ਛੱਡ ਕੇ ਇੱਕ ਅਜਿਹੀ ਸਰਕਾਰ ਚੁਣੀ ਹੈ ਜੋ ਉਨ੍ਹਾਂ ਲਈ ਕੰਮ ਕਰਦੀ ਹੈ।

ਵਿਰੋਧੀ ਲੀਡਰਸ਼ਿਪ 'ਤੇ ਨਿਸ਼ਾਨਾ ਸਾਧਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੁਝ ਆਗੂ ਲੋਕਾਂ ਨੂੰ ਜੁਮਲਿਆਂ ਵਿੱਚ ਫਸਾ ਕੇ ਸੱਤਾ ਵਿੱਚ ਵਾਪਸ ਆਉਣ ਦੇ ਸੁਪਨੇ ਦੇਖ ਰਹੇ ਹਨ, ਪਰ ਲੋਕ ਉਨ੍ਹਾਂ ਦੇ ਟਰੈਕ ਰਿਕਾਰਡ ਤੋਂ ਪੂਰੀ ਤਰ੍ਹਾਂ ਜਾਣੂ ਹਨ। ਉਨ੍ਹਾਂ ਅੱਗੇ ਕਿਹਾ ਕਿ ਮਰਹੂਮ ਪ੍ਰਕਾਸ਼ ਸਿੰਘ ਬਾਦਲ ਨੇ ਵੀ ਕਦੇ ਸੁਖਬੀਰ ਸਿੰਘ ਬਾਦਲ ਨੂੰ ਸਮੁੱਚੀ ਲੀਡਰਸ਼ਿਪ ਦੀਆਂ ਜ਼ਿੰਮੇਵਾਰੀਆਂ ਨਹੀਂ ਸੌਂਪੀਆਂ ਸਨ।

ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ,ਬਰਿੰਦਰ ਗੋਇਲ ਦੇ ਨਾਲ ਡੀ.ਜੀ.ਪੀ. ਜਨਰਲ ਗੌਰਵ ਯਾਦਵ, ਰਾਜਵੰਤ ਸਿੰਘ ਘੁੱਲੀ, ਡਾਕਟਰ ਅਨਵਰ ਭਸੌੜ, ਦਲਵੀਰ ਸਿੰਘ ਢਿੱਲੋ,ਸਤਿੰਦਰ ਸਿੰਘ ਚੱਠਾ, ਜਸਵੀਰ ਸਿੰਘ ਜੱਸੀ ਸੇਖੋਂ, ਸਾਮ ਸਿੰਗਲਾ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

## ਗੁਰਦੁਆਰਾ ਬਾਬਾ ਜੋਰਾਵਰ ਸਿੰਘ ਜੀ, ਬਾਬਾ ਫਤਹਿ ਸਿੰਘ ਜੀ ਵਿਖੇ ਵਿਸਾਖੀ ਪੁਰਬ ਨੂੰ ਸਮਰਪਿਤ ਲੜੀਵਾਰ ਪ੍ਰੋਗਰਾਮ 2 ਅਪ੍ਰੈਲ ਤੋਂ 18 ਅਪ੍ਰੈਲ ਤਕ ਹੋਣਗੇ

ਨਵੀਂ ਦਿੱਲੀ 31 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਪਛਮੀ ਦਿੱਲੀ ਦੇ ਫਤਹਿ ਨਗਰ ਵਿਖੇ ਬਣੇ ਗੁਰਦੁਆਰਾ ਬਾਬਾ ਜੋਰਾਵਰ ਸਿੰਘ ਜੀ, ਬਾਬਾ ਫਤਹਿ ਸਿੰਘ ਜੀ ਵਿਖੇ ਵਿਸਾਖੀ ਪੁਰਬ ਨੂੰ ਸਮਰਪਿਤ ਲੜੀਵਾਰ ਪ੍ਰੋਗਰਾਮ 2 ਅਪ੍ਰੈਲ ਤੋਂ 18 ਅਪ੍ਰੈਲ ਤਕ ਹੋ ਰਹੇ ਹਨ । ਇਸ ਬਾਰੇ ਜਾਣਕਾਰੀ ਦੇਂਦਿਆ ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਅਮਨਦੀਪ ਸਿੰਘ, ਭਾਈ ਗੁਰਦੇਵ ਸਿੰਘ ਅਤੇ ਭਾਈ ਇਕਬਾਲ ਸਿੰਘ ਨੇ ਦਸਿਆ ਕਿ ਇਸ ਮੌਕੇ ਅਖੰਡ ਪਾਠ ਸਾਹਿਬ ਦੀ ਸ਼ੁਰੂਆਤ 12 ਅਪ੍ਰੈਲ ਨੂੰ ਸਵੇਰੇ ਹੋਵੇਗੀ ਅਤੇ ਉਨ੍ਹਾਂ ਦੇ ਭੋਗ 14 ਅਪ੍ਰੈਲ ਨੂੰ ਸਵੇਰੇ ਪਾਏ ਜਾਣਗੇ ਜਿਸ ਉਪਰੰਤ ਸਵੇਰੇ 5.30 ਵਜੇ ਤੋਂ ਰਾਤ 11 ਵਜੇ ਤਕ ਵਿਸ਼ੇਸ਼ ਕੀਰਤਨ ਦੀਵਾਨ ਸਜਾਏ ਜਾਣਗੇ। ਉਨ੍ਹਾਂ ਦਸਿਆ ਇਸ ਮੌਕੇ ਪੰਥ ਪ੍ਰਸਿੱਧ ਰਾਗੀ ਜੱਥੇ ਭਾਈ ਮਨਿੰਦਰ ਸਿੰਘ, ਭਾਈ ਗਗਨਦੀਪ ਸਿੰਘ, ਭਾਈ ਨਿਰਮਲ ਸਿੰਘ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ, ਭਾਈ ਪਵਨਦੀਪ ਸਿੰਘ ਕਾਨਪੁਰੀ, ਭਾਈ ਜਗਤਾਰ ਸਿੰਘ ਲਾਡੀ ਖਰੜ, ਭਾਈ ਜਗਤੇਸ਼ਵਰ ਸਿੰਘ ਪਟਿਆਲਾ ਅਤੇ ਭਾਈ ਜਗਜੀਤ ਸਿੰਘ ਹਜ਼ੂਰੀ ਰਾਗੀ ਸ਼ਹੀਦਾਂ ਸਾਹਿਬ ਸਮੇਤ ਹੋਰ ਵੀ ਕੀਰਤਨੀ ਜੱਥੇ ਹਾਜ਼ਿਰੀ ਭਰ ਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨਗੇ। ਉਨ੍ਹਾਂ ਦਸਿਆ ਗੁਰਦੁਆਰਾ ਸਾਹਿਬ ਵਿਖੇ ਬੀਤੇ ਦਿਨੀਂ ਨਿਤਨੇਮ ਦੀ ਸੰਥਿਆ ਦੀ ਸਮਾਪਤੀ ਉਪਰੰਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਅਤੇ ਸੰਥਿਆ ਸ਼ੁਰੂ ਹੋ ਗਈ ਹੈ ਜਿਸ ਵਿਚ ਸੈਕੜੇ ਪ੍ਰਾਣੀ ਹਾਜ਼ਿਰੀ ਭਰ ਕੇ ਗੁਰਬਾਣੀ ਨਾਲ ਜੁੜ ਰਹੇ ਹਨ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਗਮੋਹਨ ਸਿੰਘ ਆਨੰਦ ਅਤੇ ਸਕੱਤਰ ਮਨਮੋਹਨ ਸਿੰਘ ਨੇ ਗੁਰਦੁਆਰਾ ਸਾਹਿਬ ਵਿਖੇ ਚਲ ਰਹੀ ਕਾਰ ਸੇਵਾ ਅਤੇ ਜਰੂਰਤਮੰਦ ਲੋਕਾਂ ਦੀ ਕੀਤੀ ਜਾ ਰਹੀ ਮਦਦ ਬਾਰੇ ਦਸਿਆ। ਉਨ੍ਹਾਂ ਦਸਿਆ ਕਿ ਵਿਸਾਖੀ ਪੁਰਬ ਨੂੰ ਸਮਰਪਿਤ ਦੰਦਾਂ ਦੇ ਚੈਕਅਪ ਲਈ ਫ੍ਰੀ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ ਜਿਸ ਵਿਚ ਸੰਗਤਾਂ ਹਾਜ਼ਿਰੀ ਭਰ ਕੇ ਆਪਣੇ ਦੰਦਾਂ ਦਾ ਇਲਾਜ ਕਰਵਾ ਸਕਦੇ ਹਨ ।




## ਸ੍ਰ ਕਰਤਾਰ ਸਿੰਘ ਜੌੜਾ ਬਠਿੰਡਾ ਨੂੰ ਪੰਜਾਬ ਸਵਰਨਕਾਰ ਸੰਘ ਦਾ ਚੌਥੀ ਵਾਰ ਪ੍ਰਧਾਨ ਬਣਨ ਤੇ ਸਵਰਨਕਾਰ ਸੰਘ ਸੰਗਰੂਰ ਅਤੇ ਧੂਰੀ ਵੱਲੋਂ ਵਧਾਈਆਂ ਦਾ ਸਿਲਸਲਾ ਜਾਰੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਵਰਨਕਾਰ ਸੰਘ ਰਜਿ 898 ਦੀ ਇੱਕ ਵਿਸ਼ੇਸ਼ ਤੇ ਵਿਸ਼ਾਲ ਮੀਟਿੰਗ ਬਠਿੰਡਾ ਦੇ ਇੱਕ ਇੱਕ ਰੈਸਟੋਰੈਂਟ ਵਿਚ , ਸਵਰਨਕਾਰ ਸੰਘ ਦੇ ਚੀਫ ਪੈਟਰਨ ਸ੍ਰ ਹਰਜਿੰਦਰ ਸਿੰਘ ਚੰਚਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਮੁੱਖ ਚੋਣ ਅਧਿਕਾਰੀ ਅਖਿਲ ਭਾਰਤੀਆ ਸਵਰਨਕਾਰ ਸੰਘ ਰਜਿ 3545 ਦੇ ਰਾਸ਼ਟਰੀਆ ਜਰਨਲ ਸਕੱਤਰ ਸ੍ਰੀ ਗੋਬਿੰਦ ਵਰਮਾ ਦੀ ਰਹਿਨੁਮਾਈ ਹੇਠ ਸੱਤ ਮੈਂਬਰੀ ਕਮੇਟੀ ਦੀ ਹਾਜ਼ਰੀ ਦੌਰਾਨ , ਇਸ ਮੀਟਿੰਗ ਵਿੱਚ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਪ੍ਰਧਾਨ ਸਾਹਿਬਾਨ, ਤਹਿਸੀਲ ਪ੍ਰਧਾਨ, ਜਨਰਲ ਸਕੱਤਰ ਅਤੇ ਸਵਰਨਕਾਰ ਸੰਘ ਦੇ , ਪ੍ਰਮੁੱਖ ਜ਼ਿਮੇਵਾਰ ਸੱਜਣਾਂ ਅਤੇ ਵੱਡੀ ਗਿਣਤੀ,ਚ ਦੁਕਾਨਦਾਰ ਭਰਾਵਾਂ ਦੀ ਇੱਕ ਸਾਂਝੀ ਅਵਾਜ ਤੇ ਸ੍ ਕਰਤਾਰ ਸਿੰਘ ਜੌੜਾ ਨੂੰ ਲਗਾਤਾਰ ਚੌਥੀ ਵਾਰ ਸਰਵ ਸੰਮਤੀ ਨਾਲ ਪੰਜਾਬ ਸਵਰਨਕਾਰ ਸੰਘ ਦੇ ਪ੍ਰਧਾਨ ਬਣਾਇਆ ਗਿਆ , ਸ੍ਰ ਮਲਕੀਤ ਸਿੰਘ ਚਾਂਗਲੀ ਚੇਅਰਮੈਨ ਸਵਰਨਕਾਰ ਸੰਘ ਧੂਰੀ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿਛਲੇ ਗਿਆਰਾਂ ਸਾਲਾਂ ਦੀਆਂ ਤਿੰਨ ਟਰਮਾਂ ਦੀ ਲਗਾਤਾਰ ਨੁਮਾਇੰਦਗੀ ਕਰਦੇ ਆ ਰਹੇ, ਚੋਣ ਅਧਿਕਾਰੀ ਵੱਲੋਂ ਜਦੋ ਹੀ ਕਰਤਾਰ ਸਿੰਘ ਜੌੜਾ ਦਾ ਨਾਮ ਚੌਥੀ ਵਾਰ ਪ੍ਰਧਾਨਗੀ ਪਦ ਲਈ ਅਨਾਊਸ ਕੀਤਾ ਗਿਆ,ਸਾਰਾ ਹਾਲ ਤਾੜੀਆਂ ਦੀ ਅਵਾਜ਼ ਨਾਲ ਗੂੰਜ ਉਠਿਆ , ਇਸ ਮੌਕੇ ਤੇ ਕਰਤਾਰ ਸਿੰਘ ਜੌੜਾ ਨੇ ਦੱਸਿਆ ਕਿ ਉਹ ਜਿਸ ਤਰ੍ਹਾਂ ਪਿਛਲੇ ਸਮੇਂ ਤੋਂ ਸਵਰਨਕਾਰ ਸੰਘ ਪੰਜਾਬ ਦੇ ਸਵਰਨਕਾਰ ਪਰਿਵਾਰ ਦੀ ਸੇਵਾ ਕਰਦੇ ਆ ਰਹੇ ਹਨ ਉਸੇ ਤਰ੍ਹਾਂ ਹੀ ਭਵਿੱਖ ਵਿੱਚ ਸਵਰਨਕਾਰ ਸੰਘ ਲਈ ਤੱਤਪਰ ਰਹਾਂਗਾ ਇਸ ਚੰਗੇਰੇ ਕੰਮ ਲਈ ਤੁਹਾਡੇ ਸਾਰਿਆਂ ਦੇ ਸਹਿਯੋਗ ਦੀ ਬਹੁਤ ਜ਼ਰੂਰਤ ਹੈ ਇਥੇ ਸਮੂਹ ਹਾਜ਼ਰ ਸਵਰਨਕਾਰ ਭਾਈਚਾਰੇ ਵੱਲੋਂ ਸ੍ਰ ਜੌੜਾ ਨੂੰ ਪੂਰਾ ਸਹਿਯੋਗ ਦੇਣ ਦਾ ਵਿਸ਼ਵਾਸ ਦਿਵਾਇਆ, ਵਧਾਈ ਦੇਣ ਵਾਲਿਆਂ,ਚ ਸਵਰਨਕਾਰ ਸੰਘ ਜ਼ਿਲ੍ਹਾ ਸੰਗਰੂਰ ਦੇ ਮੂਨਕ, ਪਾਤੜਾਂ, ਲਹਿਰਾ, ਚੀਮਾਂ, ਭਵਾਨੀਗੜ੍ਹ, ਮਲੇਰਕੋਟਲਾ, ਸ਼ੇਰਪੁਰ, ਸੁਨਾਮ, ਅਮਰਗੜ੍ਹ,, ਧੂਰੀ ਦੇ ਸਮੂਹ ਸਵਰਨਕਾਰ ਸਾਥੀਆਂ ਵੱਲੋਂ ਵਧਾਈਆਂ ਦਾ ਸਿਲਸਲਾ ਜਾਰੀ ਹੈ।

### ਕੌਂਸਲਰ ਡਾਕਟਰ ਸੁਖਦੇਵ ਸਿੰਘ ਦੀ ਪਤਨੀ

# ਜਸਵਿੰਦਰ ਪਾਲ ਕੌਰ ਦਾ ਸੇਵਾਮੁਕਤ ਹੋਣ ਮੌਕੇ ਕੀਤਾ ਵਿਸ਼ੇਸ਼ ਸਨਮਾਨ



**ਤਲਵੰਡੀ ਸਾਬੋ, 31 ਮਾਰਚ (ਗੁਰਜੰਟ ਸਿੰਘ ਨਥੇਹਾ)-** ਆਮ ਆਦਮੀ ਪਾਰਟੀ ਦੇ ਕੌਂਸਲਰ ਤੇ ਬਲਾਕ ਪ੍ਰਧਾਨ ਡਾਕਟਰ ਸੁਖਦੇਵ ਸਿੰਘ ਦੀ ਧਰਮ ਪਤਨੀ ਜਸਵਿੰਦਰ ਪਾਲ ਕੌਰ ਬੀਤੇ ਦਿਨੀ ਆਂਗਣਵਾੜੀ ਵਿਭਾਗ ਵਿੱਚੋਂ ਸੇਵਾਮੁਕਤ ਹੋਏ ਸਨ। ਬੀਬਾ ਜਸਵਿੰਦਰ ਪਾਲ ਕੌਰ ਦੇ ਸੇਵਾਮੁਕਤ ਹੋਣ ਦੀ ਖੁਸ਼ੀ ਵਿੱਚ ਆਮ ਆਦਮੀ ਪਾਰਟੀ ਹਲਕਾ ਤਲਵੰਡੀ ਸਾਬੋ ਦੇ ਪੁਰਾਣੇ ਸੀਨੀਅਰ ਆਗੂ ਤੇ ਅਹੁਦੇਦਾਰ ਵਿਸ਼ੇਸ਼ ਤੌਰ 'ਤੇ ਉਹਨਾਂ ਦੇ ਗ੍ਰਹਿ ਵਿਖੇ ਪਹੁੰਚੇ ਅਤੇ ਬੀਬਾ ਜਸਵਿੰਦਰ ਪਾਲ ਕੌਰ ਦਾ ਵਿਭਾਗ ਵਿਚੋਂ ਸੇਵਾ ਮੁਕਤ ਹੋਣ ਦੀ ਖੁਸ਼ੀ ਵਿੱਚ ਵਿਸੇਸ਼ ਮਾਨ ਸਨਮਾਨ ਕੀਤਾ ਗਿਆ ਅਤੇ ਖੁਸ਼ੀ ਮਨਾਈ ਗਈ। ਡਾਕਟਰ ਸੁਖਦੇਵ ਸਿੰਘ ਨੇ ਪਾਰਟੀ ਦੇ ਸੀਨੀਅਰ ਆਗੂ ਅਤੇ ਅਹੁਦੇਦਾਰਾਂ ਨੂੰ ਜੀ ਆਇਆਂ ਆਖਿਆ ਜਿਨਾਂ ਨੇ ਉਹਨਾਂ ਦੀ ਧਰਮ ਪਤਨੀ ਦੀ ਰਿਟਾਇਰਮੈਂਟ ਹੋਣ ਦੀ ਖੁਸ਼ੀ ਨੂੰ ਦੁਗਣਾ ਕੀਤਾ। ਇਸ ਮੌਕੇ ਟੇਕ ਸਿੰਘ ਬੰਗੀ ਚੇਅਰਮੈਨ ਮਾਰਕੀਟ ਕਮੇਟੀ ਤਲਵੰਡੀ ਸਾਬੋ, ਬਲਾਕ ਪ੍ਰਧਾਨ ਹਰਦੇਵ ਸਿੰਘ, ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਜੋਗੇਵਾਲਾ, ਗੁਰਦੀਪ ਸਿੰਘ ਤੂਰ ਮੀਤ ਪ੍ਰਧਾਨ ਕਿਸਾਨ ਵਿੰਗ, ਸਰਪੰਚ ਮਨਪ੍ਰੀਤ ਸਿੰਘ ਨਸੀਬਪੁਰਾ, ਸਰਪੰਚ ਗੁਰਜੰਟ ਸਿੰਘ ਮਾਨਵਾਲਾ, ਬਿੰਦਰ ਸਿੰਘ ਸਾਬਕਾ ਬਲਾਕ ਪ੍ਰਧਾਨ, ਗੁਰਪ੍ਰੀਤ ਸਿੰਘ ਗੋਰਾ ਪ੍ਰਧਾਨ ਕਿਸਾਨ ਵਿੰਗ ਤਲਵੰਡੀ ਸਾਬੋ, ਸਰਪੰਚ ਕੁਲਦੀਪ ਸਿੰਘ ਬੰਗੀ ਨਿਹਾਲ ਸਿੰਘ, ਡਾਕਟਰ ਰਾਜਵੀਰ ਸਿੰਘ ਹਲਕਾ ਕੋਆਰਡੀਨੇਟਰ, ਗੁਰਦੇਵ ਸਿੰਘ ਹਲਕਾ ਕੋਆਰਡੀਨੇਟਰ ਵੀ ਡੀ ਐਸ ਕਮੇਟੀ, ਜਗਤਾਰ ਸਿੰਘ ਪ੍ਰਧਾਨ ਯੂਥ ਵਿੰਗ, ਪਿਆਰਾ ਸਿੰਘ ਹਲਕਾ ਕੋਆਡੀਨੇਟਰ ਐਸਸੀ ਵਿੰਗ, ਕਾਲਾ ਗੋਦਾਰਾ, ਇਕਬਾਲ ਸਿੰਘ ਮਾਨਵਾਲਾ, ਗੁਰਮੀਤ ਸਿੰਘ ਸਾਬਕਾ ਹਲਕਾ ਕੋਆਰਡੀਨੇਟਰ ਯੂਥ ਵਿੰਗ, ਸੋਨੀ ਬੰਗੀ ਸਾਬਕਾ ਪ੍ਰਧਾਨ ਟਰੱਕ ਯੂਨੀਅਨ, ਨਿਮਰਤ ਕੌਰ ਵੂਮੈਨ ਟਰੱਸਟ ਬਠਿੰਡਾ, ਰਾਜਵਿੰਦਰ ਕੌਰ, ਬਲਕਾਰ ਸਿੰਘ ਵਾਰਡ ਪ੍ਰਧਾਨ ਤੇ ਹੋਰ ਪਾਰਟੀ ਵਰਕਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

### ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਜੰਡਿਆਲਾ ਗੁਰੂ ਦੇ ਪਿੰਡ

# ਕੋਹਾਟਵਿੰਡ ਹਿੰਦੂਆਂ ਵਿਖੇ ਗਲੀਆਂ ਅਤੇ ਸੜਕਾਂ ਦੇ ਕੰਮਾਂ ਦੀ ਸ਼ੁਰੂਆਤ ਕੀਤੀ



ਜੰਡਿਆਲਾ ਗੁਰੂ 31 ਮਾਰਚ ( ਕੁਲਵੰਤ ਸਿੰਘ ਵਿਰਦੀ ) - ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਵਧਾਉਂਦੇ ਹੋਏ ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਵੱਲੋਂ ਅੱਜ 4 ਕਰੋੜ ਰੁਪਏ ਦੀ ਲਾਗਤ ਨਾਲ ਪਿੰਡ ਕੋਹਾਟ ਵਿੰਡ ਹਿੰਦੂਆਂ ਵਿਖੇ ਵੱਖ-ਵੱਖ ਇੰਟਰਲਾਕਿੰਗ ਗਲੀਆਂ ਅਤੇ ਨਵੀਆਂ ਸੜਕਾਂ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਇਲਾਕਾ ਨਿਵਾਸੀਆਂ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਸਪੈਸ਼ਲ ਅਸਿਸਟੈਂਸ ਸਕੀਮ ਫੇਸ-1 ਅਧੀਨ 5054 ਫੰਡਾਂ ਵਿਚੋਂ ਉਕਤ ਦਰਸਾਈਆਂ ਸੜਕਾਂ ਦੀ ਉਸਾਰੀ ਦਾ ਕੰਮ ਕੀਤਾ ਜਾਵੇਗਾ। ਇਹਨਾਂ ਸੜਕਾਂ ਦੀ ਕੁੱਲ ਲੰਬਾਈ 10.59 ਕਿਲੋਮੀਟਰ ਹੋਵੇਗੀ। ਉਹਨਾਂ ਦੱਸਿਆ ਕਿ ਇਹ ਕਾਰਜ ਸਬੰਧਤ ਠੇਕੇਦਾਰ ਨੂੰ ਅਲਾਟ ਹੋ ਚੁੱਕਾ ਅਤੇ ਇਸ ਕੰਮ ਨੂੰ 12 ਮਹੀਨੇ ਦੀ ਸਮਾਂ ਸੀਮਾਂ ਵਿੱਚ ਮੁਕੰਮਲ ਕਰਨ ਦਾ ਟੀਚਾ ਮਿੱਥਿਆ ਗਿਆ ਹੈ।ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਅਧੀਨ ਪੈਂਦੀਆਂ ਵੱਖ-ਵੱਖ ਸੜਕਾਂ ਨੂੰ 400.01 ਲੱਖ ਰੁਪਏ ਦੀ ਲਾਗਤ ਨਾਲ ਅਪਗਰੇਡ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਾਲ ਅੰਦਰ ਸਾਰੀਆਂ ਸੰਪਰਕ ਸੜਕਾਂ ਨੂੰ ਅਪਗਰੇਡ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੜਕਾਂ ਬਣਨ ਨਾਲ ਆਮ ਲੋਕਾਂ ਨੂੰ ਆਵਾਜਾਈ ਵਿਚ ਕਾਫੀ ਰਾਹਤ ਮਿਲੇਗੀ ਅਤੇ ਸੜਕੀ ਹਾਦਸਿਆਂ ਨੂੰ ਰੋਕ ਲੱਗੇਗੀ। ਉਹਨਾਂ ਦੱਸਿਆ ਕਿ ਇਸ ਕਾਰਜ ਨੂੰ ਸਮੇਂ-ਸਿਰ ਮੁਕੰਮਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਾਲ ਨੂੰ ਮਾਨ ਸਰਕਾਰ ਵੱਲੋਂ ਵਿਕਾਸ ਵਰ੍ਹੇ ਵਜੋਂ ਮਨਾਇਆ ਜਾ ਰਿਹਾ ਹੈ।

### ਸਬ ਇੰਸਪੈਕਟਰ ਮਲਕੀਤ ਸਿੰਘ ਬਡਬਰ ਨੂੰ ਸਦਮਾ

# ਮਾਤਾ ਜੀ ਦਾ ਦੇਹਾਂਤ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ

**ਸੰਗਰੂਰ ( ਰਣਜੀਤ ਸਿੰਘ ਪੇਧਨੀ )-** ਪੰਜਾਬ ਪੁਲਿਸ ਇਮਾਨਦਾਰੀ ਨਾਲ ਆਪਣੀਆਂ ਸੇਵਾਵਾਂ ਨਿਭਾ ਰਹੇ ਸਬ ਇੰਸਪੈਕਟਰ ਮਲਕੀਤ ਸਿੰਘ ਬਡਬਰ ਦੇ ਸਤਿਕਾਰਯੋਗ ਮਾਤਾ ਜਸਵੰਤ ਕੌਰ ਆਪਣੇ ਸਵਾਸਾਂ ਦੀ ਪੂੰਜੀ ਨੂੰ ਪੂਰਾ ਕਰਦਿਆਂ ਅਚਾਨਕ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਪਰਿਵਾਰ ਦੇ ਨਾਲ ਇਸ ਦੁੱਖ ਦੀ ਘੜੀ ਦੇ ਵਿੱਚ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ,ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ ,ਪੰਜਾਬ ਦੇ ਸਾਬਕਾ ਵਿੱਤ ਮੰਤਰੀ ਸ ਪਰਮਿੰਦਰ ਸਿੰਘ ਢੀਡਸਾ, ਮੁੱਖ ਮੰਤਰੀ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ, ਸਿਮਰਨਜੀਤ ਸਿੰਘ ਮਾਨ ਸਾਬਕਾ ਐਮ,ਪੀ, ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ, ਐਮ ਪੀ ਮੀਤ ਹੇਅਰ, ਵਿਜੈਇੰਦਰ ਸਿੰਗਲਾ ਸਾਬਕਾ ਸਿੱਖਿਆ ਮੰਤਰੀ, ਪੰਮੀ ਸਿਬਿਆ, ਐਮ ਐਲ ਏ ਬਰਨਾਲਾ ਕਾਲਾ ਢਿੱਲੋਂ , ਕੇਵਲ ਸਿੰਘ ਢਿੱਲੋ ਸੀਨੀਅਰ ਆਗੂ ਬੀਜੇਪੀ ਪੰਜਾਬ, ਵਿੰਨਰਜੀਤ ਸਿੰਘ ਗੋਲਡੀ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ, ਅਮਨਵੀਰ ਸਿੰਘ ਚੈਰੀ, ਸ੍ਰੀ ਅਰਵਿੰਦ ਖੰਨਾ ਸੀਨੀਅਰ ਸਾਬਕਾ ਵਿਧਾਇਕ ਸੰਗਰੂਰ, ਐਮ ਐਲ ਏ ਬੀਬੀ ਨਰਿੰਦਰ ਕੌਰ ਭਰਾਜ,ਪਰਮਜੀਤ ਸਿੰਘ ਖਾਲਸਾ ਮੈਂਬਰ ਐਸ,ਜੀ,ਪੀ,ਸੀ, ਮਲਕੀਤ ਸਿੰਘ ਚੰਗਾਲ ਮੈਂਬਰ ਐਸਜੀਪੀਸੀ, ਮਨਦੀਪ ਸਿੰਘ ਸਿੱਧੂ , ਸਰਤਾਜ ਸਿੰਘ ਚਹਿਲ ਐਸਐਸਪੀ ਸੰਗਰੂਰ, ਨਵਰੀਤ ਸਿੰਘ ਵਿਰਕ, ਤੇਜਿੰਦਰ ਸਿੰਘ ਡੀਐਸਪੀ,ਐਸਪੀ ਯੋਗੇਸ਼ ਪਟਿਆਲਾ ,ਗੁਰਭਜਨ ਸਿੰਘ , ਕੁਲਵੰਤ ਸਿੰਘ ਕੰਤਾ, ਜਸਵਿੰਦਰ ਸਿੰਘ ਬੋਪਾਰਾਏ, ਪਰਮਜੀਤ ਸਿੰਘ ਬੱਬੂ ਯਮੁਨਾਨਗਰ, ਵਿੱਕੀ ਯਮੁਨਾਨਗਰ, ਏਐਸਆਈ ਮਲਕੀਤ ਸਿੰਘ ਇੰਸਪੈਕਟਰ ਰਮਨਦੀਪ ਸਿੰਘ ,ਐਸਐਚ ਓ ਸਿਟੀ ਗੁਲਾਬ ਸਿੰਘ ,ਡੀਐਸਪੀ ਰਜੇਸ ਛਿੱਬਰ, ਇਕਬਾਲ ਸਿੰਘ ਲੱਕੀ ਬਡਬਰ, ਸੁਖਪਾਲ ਸਿੰਘ ਬਡਬਰ, ਲਖਵਿੰਦਰ ਸਿੰਘ ਬਡਬਰ, ਬਲਵਿੰਦਰ ਸਿੰਘ ਸੰਗਤੀਵਾਲ, ਪੱਤਰਕਾਰ ਸੁਖਵਿੰਦਰ ਸਿੰਘ ਫੁੱਲ, ਪੱਤਰਕਾਰ ਰਣਜੀਤ ਸਿੰਘ ਪੇਧਨੀ ਆਦਿ ਆਗੂਆਂ ਨੇ ਜਿੱਥੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ, ਉੱਥੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਮਾਤਾ ਜਸਵੰਤ ਕੌਰ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।



# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ 'ਤੇ ਸਿਆਸੀ ਖਾਮੋਸ਼ੀ ਕਬੂਲ ਨਹੀਂ : ਭਾਈ ਭੁਪਿੰਦਰ ਸਿੰਘ ਗਿੰਨੀ

## ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਾਮਧਾਰੀ ਆਗੂ ਠਾਕੁਰ ਦਲੀਪ ਸਿੰਘ ਖਿਲਾਫ਼ ਸਖਤ ਕਾਰਵਾਈ ਦੀ ਮੰਗ




ਅੰਮ੍ਰਿਤਸਰ 31 ਮਾਰਚ (ਆਵਾਜ਼ਿ ਕੌਮ ਬਿਊਰੋ)-ਨਾਮਧਾਰੀ ਆਗੂ ਠਾਕੁਰ ਦਲੀਪ ਸਿੰਘ ਵੱਲੋਂ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਬਾਰੇ ਕੀਤੀਆਂ ਗਈਆਂ ਅਪਮਾਨਯੋਗ, ਗੁਰਮਤਿ ਵਿਰੋਧੀ ਅਤੇ ਕੌਮ ਨੂੰ ਭੜਕਾਉਣ ਵਾਲੀਆਂ ਟਿੱਪਣੀਆਂ ਦੇ ਖਿਲਾਫ ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਭੁਪਿੰਦਰ ਸਿੰਘ ਗਿੰਨੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਪੇਸ਼ ਹੋਏ। ਇਸ ਮੌਕੇ ਉਨ੍ਹਾਂ ਵੱਲੋਂ ਇਕ ਵਿਸਥਾਰਪੂਰਕ ਲਿਖਤੀ ਪੱਤਰ ਸੌਂਪਿਆ ਗਿਆ, ਜਿਸ ਵਿੱਚ ਮਾਮਲੇ ਦੀ ਗੰਭੀਰਤਾ ਨੂੰ ਦਰਸਾਉਂਦਿਆਂ ਦੋਸ਼ੀਆਂ ਖਿਲਾਫ ਤੁਰੰਤ ਅਤੇ ਮਿਸਾਲੀ ਕਾਰਵਾਈ ਦੀ ਮੰਗ ਕੀਤੀ ਗਈ। ਮੀਡੀਆ ਨੂੰ ਸੰਬੋਧਨ ਕਰਦਿਆਂ ਭਾਈ ਭੁਪਿੰਦਰ ਸਿੰਘ ਗਿੰਨੀ ਨੇ ਕਿਹਾ ਕਿ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖ ਕੌਮ ਲਈ ਸਦੀਵੀ ਗੁਰੂ ਹਨ ਅਤੇ ਉਨ੍ਹਾਂ ਦੀ ਮਹਾਨਤਾ 'ਤੇ ਉਂਗਲ ਚੁੱਕਣਾ ਸਿਰਫ਼ ਧਾਰਮਿਕ ਅਸੂਲਾਂ ਦੀ ਉਲੰਘਣਾ ਹੀ ਨਹੀਂ, ਸਗੋਂ ਕੌਮ ਦੀ ਆਤਮਿਕ ਆਸਥਾ 'ਤੇ ਸਿੱਧਾ ਹਮਲਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਬਿਆਨ ਕਿਸੇ ਇਕ ਵਿਅਕਤੀ ਦੀ ਗਲਤੀ ਨਹੀਂ ਸਗੋਂ ਇੱਕ ਸੋਚੀ-ਸਮਝੀ ਸਾਜ਼ਿਸ਼ ਦਾ ਹਿੱਸਾ ਲੱਗਦੇ ਹਨ, ਜਿਸਦਾ ਮਕਸਦ ਸਿੱਖ ਕੌਮ ਵਿੱਚ ਭਰਮ ਅਤੇ ਫੁੱਟ ਪੈਦਾ ਕਰਨਾ ਹੈ। ਭਾਈ ਗਿੰਨੀ ਨੇ ਜ਼ੋਰ ਦੇ ਕੇ ਕਿਹਾ ਕਿ ਸਿੱਖ ਇਤਿਹਾਸ ਗਵਾਹ ਹੈ ਕਿ ਗੁਰੂ ਦੀ ਤੌਹੀਨ ਕਰਨ ਵਾਲਿਆਂ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਗਿਆ ਅਤੇ ਅੱਜ ਵੀ ਕੌਮ ਇਸ ਮਸਲੇ 'ਤੇ ਇਕਜੁੱਟ ਹੋ ਕੇ ਸਖ਼ਤ ਰੁੱਖ ਅਪਣਾਉਣ ਲਈ ਤਿਆਰ ਹੈ। ਉਨ੍ਹਾਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਅਪੀਲ ਕੀਤੀ ਕਿ ਇਸ ਮਾਮਲੇ 'ਤੇ ਤੁਰੰਤ ਪੰਥਕ ਪੱਧਰ 'ਤੇ ਕਾਰਵਾਈ ਕਰਦੇ ਹੋਏ ਦੋਸ਼ੀ ਨੂੰ ਤਲਬ ਕੀਤਾ ਜਾਵੇ। ਇਸ ਮੌਕੇ ਉਨ੍ਹਾਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕੁਝ ਆਗੂਆਂ ਅਤੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਇਸ ਗੰਭੀਰ ਮਾਮਲੇ 'ਤੇ ਚੁੱਪੀ ਧਾਰਨ ਕਰਨ ਨੂੰ ਵੀ ਸਖ਼ਤ ਨਿੰਦਿਆ ਦਾ ਪਾਤਰ ਦੱਸਿਆ। ਉਨ੍ਹਾਂ ਕਿਹਾ ਕਿ ਜਦੋਂ ਗੁਰੂ ਘਰ ਦੀ ਬੇਅਦਬੀ ਹੋ ਰਹੀ ਹੋਵੇ, ਉਸ ਵੇਲੇ ਖਾਮੋਸ਼ ਰਹਿਣਾ ਵੀ ਇੱਕ ਵੱਡਾ ਪਾਪ ਹੈ ਅਤੇ ਇਹ ਚੁੱਪੀ ਸਿੱਖ ਕੌਮ ਦੇ ਜਜ਼ਬਾਤਾਂ ਨਾਲ ਧੋਖਾ ਹੈ। ਭਾਈ ਗਿੰਨੀ ਨੇ ਸਵਾਲ ਉਠਾਇਆ ਕਿ ਕੀ ਸਿਆਸੀ ਲਾਭ ਅਤੇ ਕੁਰਸੀਆਂ ਦੀ ਰਾਜਨੀਤੀ ਗੁਰੂ ਦੀ ਮਰਿਆਦਾ ਤੋਂ ਵੱਡੀ ਹੋ ਗਈ ਹੈ? ਉਨ੍ਹਾਂ ਕਿਹਾ ਕਿ ਜੇਕਰ ਆਗੂ ਇਸ ਮਾਮਲੇ 'ਤੇ ਆਪਣਾ ਸਪਸ਼ਟ ਸਟੈਂਡ ਨਹੀਂ ਲੈਂਦੇ ਤਾਂ ਕੌਮ ਉਨ੍ਹਾਂ ਨੂੰ ਕਦੇ ਮਾਫ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਅੱਜ ਸਮਾਂ ਹੈ ਕਿ ਹਰ ਸੱਚਾ ਸਿੱਖ ਅਜਿਹੀਆਂ ਤਾਕਤਾਂ ਦੇ ਖਿਲਾਫ ਖੜ੍ਹਾ ਹੋਵੇ ਜੋ ਗੁਰਮਤਿ ਦੇ ਖਿਲਾਫ ਪ੍ਰਚਾਰ ਕਰਕੇ ਕੌਮ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ ਅਖੀਰ ਵਿੱਚ ਭਾਈ ਭੁਪਿੰਦਰ ਸਿੰਘ ਗਿੰਨੀ ਨੇ ਕਿਹਾ ਕਿ ਜੇਕਰ ਇਸ ਮਾਮਲੇ 'ਤੇ ਜਲਦੀ ਅਤੇ ਸਖ਼ਤ ਕਾਰਵਾਈ ਨਾ ਕੀਤੀ ਗਈ ਤਾਂ ਸਿੱਖ ਸੰਗਤਾਂ ਵੱਲੋਂ ਵੱਡੇ ਪੱਧਰ 'ਤੇ ਪ੍ਰਦਰਸ਼ਨ ਕੀਤੇ ਜਾਣਗੇ ਅਤੇ ਕੌਮ ਆਪਣੇ ਗੁਰੂ ਦੀ ਬੇਅਦਬੀ ਦਾ ਹਰ ਹਾਲ ਵਿੱਚ ਡੱਟ ਕੇ ਇਨਸਾਫ ਲਵੇਗੀ।

## ਅਵਤਾਰ ਸਿੰਘ ਭੋਲਾ ਰਿਟਾਇਰਡ ਐਸ.ਡੀ.ਓ ਨੂੰ ਭਾਰਤ ਵਿਕਾਸ ਪ੍ਰੀਸ਼ਦ ਦਾ ਕੈਸ਼ੀਅਰ ਕੀਤਾ ਨਿਯੁਕਤ




ਫ਼ਿਰੋਜ਼ਪੁਰ, 31 ਮਾਰਚ (ਮਨੋਹਰ ਲਾਲ) :— ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਇਕ ਹੰਗਾਮੀ ਮੀਟਿੰਗ ਬਾਗਬਾਨ ਮਖੂ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਹੋਈ। ਇਸ ਮੀਟਿੰਗ ਵਿਚ ਜੁੜੇ ਆਗੂਆਂ ਤੇ ਮੈਂਬਰਾਂ ਨੇ ਅਹਿਮ ਮੁੱਦਿਆਂ ਸਮੇਤ ਕਈ ਮੁੱਦਿਆਂ ਉਪਰ ਵਿਚਾਰ—ਵਟਾਂਦਰੇ ਕੀਤੇ ਗਏ। ਇਸ ਮੌਕੇ ਤੇ ਅਵਤਾਰ ਸਿੰਘ ਭੋਲਾ ਨੂੰ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਕੈਸ਼ੀਅਰ ਨਿਯੁਕਤ ਕੀਤਾ ਗਿਆ। ਇਸ ਮੌਕੇ ਤੇ ਸ: ਅਵਤਾਰ ਸਿੰਘ ਭੋਲਾ ਐਸ.ਡੀ.ਓ ਨੇ ਕਿਹਾ ਕਿ ਜਿਹੜੀ ਜਿੰਮੇਵਾਰੀ ਮੈਨੂੰ ਭਾਰਤ ਵਿਕਾਸ ਪ੍ਰੀਸ਼ਦ ਨੇ ਸੌਂਪੀ ਹੈ, ਇਸ ਨੂੰ ਮੈਂ ਤਨਦੇਹੀ ਨਾਲ ਨਿਭਾਵਾਂਗਾ। ਇਸ ਤੋਂ ਇਲਾਵਾ ਸੀਨੀਅਰ ਸਿਟੀਜਨ ਫੋਰਮ ਦੀ ਮੀਟਿੰਗ ਹੋਈ, ਜਿਸ ਵਿਚ ਪ੍ਰਧਾਨ ਸ੍ਰੀ ਪਰਦੀਪ ਧਵਨ ਪ੍ਰਧਾਨ, ਐਸ.ਪੀ. ਖੇੜਾ ਚੇਅਰਮੈਨ, ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਦੇਸ਼ ਬੰਧੂ ਤੁਲੀ ਪੈਟਰਨ, ਸਤੀਸ਼ ਪੁਰੀ ਸੀਨੀਅਰ ਮੀਤ ਪ੍ਰਧਾਨ, ਗਤਿੰਦਰ ਕਮਲ ਕੈਸ਼ੀਅਰ, ਸ਼ਾਮ ਲਾਲ ਗੱਖੜ, ਹਰੀਸ਼ ਮੌਂਗਾ, ਮਨੋਹਰ ਲਾਲ ਪੱਤਰਕਾਰ, ਸੁਰਿੰਦਰ ਵਿੱਜ ਪੱਤਰਕਾਰ ਸਮੇਤ ਵੱਡੀ ਗਿਣਤੀ ਮੈਂਬਰ ਹਾਜ਼ਰ ਹੋਏ। ਇਸ ਮੌਕੇ ਸਮੂਹ ਆਗੂਆਂ ਨੇ ਅਵਤਾਰ ਸਿੰਘ ਭੋਲਾ ਰਿਟਾਇਰਡ ਐਸ.ਡੀ ਮੈਂਬਰ ਸੀਨੀਅਰ ਸਿਟੀਜਨ ਫੋਰਮ ਨੂੰ ਸਨਮਾਨਿਤ ਕੀਤਾ ਅਤੇ ਉਨ੍ਹਾਂ ਵੱਲੋਂ ਲੋਕ ਹਿੱਤ ਵਿਚ ਪਾਏ ਯੋਗਦਾਨ ਦੀ ਪ੍ਰਸ਼ੰਸਾ ਕੀਤੀ।

## ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਵਾਲਿਆਂ ਦੇ ਪਿਤਾ ਜਥੇਦਾਰ ਪਾਲ ਸਿੰਘ ਫੌਜੀ ਡੇਹਰੀਵਾਲਾ ਅੰਤਿਮ ਅਰਦਾਸ ਅਤੇ ਭੋਗ 2 ਅਪ੍ਰੈਲ ਨੂੰ

ਚੌਕ ਮਹਿਤਾ, 31ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਗੁਰਦੁਆਰਾ ਟਾਹਲਾ ਸਾਹਿਬ ਨਹਿਰ ਪੁਲ ਤਰਸਿੱਕਾ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ਤਰਸਿੱਕਾ ਵਾਲਿਆਂ ਦੇ ਪਿਤਾ ਸਤਿਕਾਰ ਯੋਗ ਪਿਤਾ ਜਥੇਦਾਰ ਪਾਲ ਸਿੰਘ ਫੌਜੀ ਡੇਅਰੀਵਾਲ ਇਸ ਸੰਸਾਰ ਦੀ ਯਾਤਰਾ ਪੂਰੀ ਕਰਕੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਆਰੰਭ ਕੀਤੇ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ 2 ਅਪ੍ਰੈਲ 2026 ਦਿਨ ਵੀਰਵਾਰ ਨੂੰ ਗੁਰਦੁਆਰਾ ਟਾਹਲਾ ਸਾਹਿਬ ਨਹਿਰ ਪੁਲ ਤਰਸਿੱਕਾ ਵਿੱਖੇ 11 ਤੋਂ 1 ਵਜੇ ਤੱਕ ਪੈਣਗੇ। ਉਪਰੰਤ ਕੀਰਤਨ ਕਥਾ ਵਿਚਾਰਾਂ ਦੀ ਵਿਦਿਵਾਨ ਸਾਂਝ ਪਾਉਣਗੇ। ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਵਾਲਿਆਂ ਵੱਲੋਂ ਅਤੇ ਸਮੂਹ ਪਰਿਵਾਰ ਵੱਲੋਂ ਰਿਸ਼ਤੇਦਾਰਾਂ, ਇਲਾਕੇ ਅਤੇ ਸਮੂਹ ਦੇਸ਼ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਵਿੱਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਗੁਰਦੁਆਰਾ ਟਾਹਲਾ ਸਾਹਿਬ ਨਹਿਰ ਪੁਲ ਤਰਸਿੱਕਾ ਵਿੱਖੇ ਪਾਉਚਣ ਦੀ ਕਿਰਪਾਲਤਾ ਕਰਨੀ ਜੀ। ਇਸ ਮੌਕੇ ਤੇ ਸੰਤ ,ਮਹਾਂਪੁਰਖ, ਨਿਹੰਗ ਸਿੰਘ ਜਥੇਬੰਦੀਆਂ ਸਮਾਜ ਸੇਵੀ, ਰਾਜਨੀਤਕ ਪਾਰਟੀਆਂ ਵਿੱਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।



### ਦੇਸ਼ ਦੇ ਇਤਿਹਾਸ ਵਿੱਚ ਪਹਿਲੀ ਵਾਰ ਕਿਸੇ ਸੂਬੇ ਦੀ ਸਰਕਾਰ ਨੇ ਸੂਬਾ ਵਾਸੀਆਂ ਲਈ

# 10 ਲੱਖ ਰੁਪਏ ਤੱਕ ਸਿਹਤ ਬੀਮਾ ਸ਼ੁਰੂ ਕੀਤਾ : ਹਰਭਜਨ ਸਿੰਘ ਈ.ਟੀ.ਓ.





**ਜੰਡਿਆਲਾ ਗੁਰੂ, 31 ਮਾਰਚ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਤੇ ਲੋਕ ਨਿਰਮਾਣ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ. ਨੇ ਜੰਡਿਆਲਾ ਹਲਕੇ ਦੇ ਪਿੰਡ ਫਤਿਹਪੁਰ ਰਾਜਪੂਤਾਂ ਖੁਰਦ ਅਤੇ ਗਿੱਲ ਪਿੰਡ ਵਿਖੇ ਲੋਕਾਂ ਨਾਲ ਸਿੱਧਾ ਸੰਵਾਦ ਕੀਤਾ ਅਤੇ ਸਰਕਾਰ ਵਲੋਂ ਕੀਤੇ ਗਏ ਵਿਕਾਸ ਕਾਰਜਾਂ ਅਤੇ ਚਾਰ ਸਾਲ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨਾਂ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸੂਬੇ ਨੇ ਆਪਣੇ ਵਾਸੀਆਂ ਲਈ 10 ਲੱਖ ਰੁਪਏ ਤੱਕ ਸਿਹਤ ਬੀਮਾ ਸ਼ੁਰੂ ਕੀਤਾ ਹੈ। ਉਨਾਂ ਕਿਹਾ ਕਿ ਆਮ ਤੌਰ ਤੇ ਵੇਖਣ ਵਿੱਚ ਆਉਂਦਾ ਸੀ ਕਿ ਪਿਛਲੀਆਂ ਸਰਕਾਰਾਂ ਕੇਵਲ ਆਪਣੀ ਆਖਿਰੀ ਸਾਲ ਦੇ ਕੰਮ ਵਿੱਚ ਹੀ ਛੋਟੇ ਮੋਟੇ ਵਿਕਾਸ ਦੇ ਕੰਮ ਕਰਕੇ ਲੋਕਾਂ ਨੂੰ ਵਰਗਲਾ ਲੈਂਦੀਆਂ ਸਨ। ਉਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਪਹਿਲੇ ਸਾਲ ਤੋਂ ਹੀ ਲੋਕਾਂ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਕਰਨਾ ਸ਼ੁਰੂ ਕਰ ਦਿੱਤਾ ਸੀ। ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਸ਼ਾਨਦਾਰ ਚਾਰ ਸਾਲ ਪੂਰੇ ਹੋਣ ਤੇ ਸ: ਈ.ਟੀ.ਓ. ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਕਿਹਾ ਕਿ ਇਨ੍ਹਾਂ ਚਾਰ ਸਾਲਾਂ ਦੌਰਾਨ ਸਿਹਤ, ਸਿੱਖਿਆ, ਰੁਜ਼ਗਾਰ ਉਦਯੋਗਿਕ ਵਿਕਾਸ, ਬੁਨਿਆਦੀ ਢਾਂਚੇ ਵਿੱਚ ਵੱਡੇ ਬਦਲਾਅ ਲਿਆਂਦੇ ਗਏ ਹਨ। ਉਨ੍ਹਾਂ ਕਿਹਾ ਕਿ ਸਿਹਤ ਦੇ ਖੇਤਰ ਵਿਚ ਕ੍ਰਾਂਤੀਕਾਰੀ ਬਦਲਾ ਲਿਆਂਦੇ ਹੋਏ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਗਈ । ਜਿਸ ਤਹਿਤ ਹਰ ਵਰਗ ਦੇ ਹਰੇਕ ਨਾਗਰਿਕ ਲਈ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਦਿੱਤੀ ਗਈ ਹੈ ।ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਆਰਥਿਕ ਮਜਬੂਤੀ ਲਈ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਅਤੇ ਐਸ.ਸੀ ਵਰਗ ਦੀਆਂ ਔਰਤਾਂ ਲਈ 1500 ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਸਿੱਖਿਆ ਦੇ ਖੇਤਰ ਵਿੱਚ ਕਰੋੜਾਂ ਰੁਪਏ ਖਰਚ ਕੇ ਵੱਡੇ ਸੁਧਾਰ ਕਰਦਿਆਂ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ ਅਤੇ ਪ੍ਰਾਈਵੇਟ ਸਕੂਲਾਂ ਦੀ ਤਰ੍ਹਾਂ ਸਰਕਾਰੀ ਸਕੂਲਾਂ ਵਿੱਚ ਵੀ ਸਾਰੀਆਂ ਸੁਵਿਧਾਵਾਂ ਉਪਲਬਧ ਕਰਵਾਈਆਂ ਗਈਆਂ ਹਨ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਗਏ ਅਤੇ ਬਿਨਾਂ ਕਿਸੇ ਸਿਫਾਰਿਸ਼ ਦੇ ਨੌਕਰੀਆਂ ਦਿੱਤੀਆਂ ਗਈਆਂ ਹਨ ।ਕਾਨੂੰਨ ਵਿਵਸਥਾ ਨੂੰ ਮਜਬੂਤ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਗਈ ਅਤੇ ਅਜਿਹਾ ਕਾਰੋਬਾਰ ਕਰਨ ਵਾਲਿਆਂ ਖਿਲਾਫ ਵੱਡੇ ਪੱਧਰ ਤੇ ਕਾਰਵਾਈਆਂ ਕੀਤੀਆਂ ਗਈਆਂ ਉਨ੍ਹਾਂ ਦੱਸਿਆ ਕਿ ਕਰੋੜਾਂ ਰੁਪਏ ਖਰਚ ਕੇ ਸੜਕਾਂ ਦਾ ਨਵੀਨੀਕਰਨ ,ਪੁੱਲਾਂ ਦੀ ਉਸਾਰੀ ਅਤੇ ਹੋਰ ਵੱਡੇ ਪ੍ਰੋਜੈਕਟਾਂ ਤੇ ਕੰਮ ਕਰਕੇ ਬੁਨਿਆਦੀ ਢਾਂਚੇ ਨੂੰ ਮਜਬੂਤ ਕੀਤਾ ਗਿਆ ।ਕੈਬਨਿਟ ਮੰਤਰੀ ਈ.ਟੀ.ਓ. ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦੇਣ ਲਈ 90% ਘਰਾਂ ਦੇ ਬਿਜਲੀ ਦੇ ਬਿੱਲ ਜੀਰੋ ਆ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਜੇ ਨੀਅਤ ਸਾਫ ਹੋਵੇ ਤਾਂ ਘੱਟ ਸਮੇਂ ਵਿੱਚ ਵੀਡੇਰੀ ਡੇ ਬਦਲਾਅ ਲਿਆਂਦੇ ਜਾ ਸਕਦੇ ਹਨ। ਆਉਣ ਵਾਲੇ ਸਮੇਂ ਵਿੱਚ ਵੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਤਰੱਕੀ ਅਤੇ ਖੁਸ਼ਹਾਲੀ ਦੀ ਨਵੀਂ ਉਚਾਈਆਂ ਤੱਕ ਲਿਜਾਇਆ ਜਾਵੇਗਾ। ਇਸ ਮੋਕੇ ਸਰਪੰਚ ਬਲਜਿੰਦਰ ਸਿੰਘ, ਸਰਪੰਚ ਮੰਗਲ ਸਿੰਘ, ਸਰਪੰਚ ਪਿੰਡ ਮੱਖਣਵਿੰਡੀ ਸਰਦਾਰ ਸੁਖਵਿੰਦਰ ਸਿੰਘ (ਸੁੰਦਰ), ਸਰਪੰਚ ਪਿੰਡ ਫਤਿਹਪੁਰ ਰਾਜਪੂਤਾਂ ਖੁਰਦ ਕੁਲਵਿੰਦਰ ਕੌਰ ਪਤਨੀ ਰਣਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

### 'ਆਪ' ਨੇ 75 ਸਾਲਾਂ ਦੇ ਮੁਕਾਬਲੇ ਪੰਜਾਬ ਦਾ ਸਭ ਤੋਂ ਵੱਧ ਨੁਕਸਾਨ ਕੀਤਾ : ਮਨਜੀਤ ਸਿੰਘ ਭੱਟੀ

# ਪੰਜਾਬ 'ਚ ਆਮ ਆਦਮੀ ਪਾਰਟੀ ਦਾ ਸੂਰਜ ਹੁਣ ਡੁੱਬਣ ਕਿਨਾਰੇ

ਚੌਕ ਮਹਿਤਾ, 31 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਆਮ ਆਦਮੀ ਪਾਰਟੀ ਦਾ ਪਰਛਾਵਾਂ ਲੰਮਾ ਹੁੰਦਾ ਦੇਖ ਕੇ ਸਮਰਥਕ ਖੁਸ਼ੀ ਮਨਾ ਰਹੇ ਹਨ ਪਰ ਇਹ ਲੰਬਾ ਪਰਛਾਵਾਂ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਹੁਣ ਪੰਜਾਬ ਦੇ ਅੰਦਰ ਆਮ ਆਦਮੀ ਪਾਰਟੀ ਦਾ ਸੂਰਜ ਡੁੱਬਣ ਕਿਨਾਰੇ ਹੈ। ਹਲਕਾ ਜੰਡਿਆਲਾ ਗੁਰੂ ਤੋਂ ਇਹ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜ਼ਿਲ੍ਹਾ ਪ੍ਰਧਾਨ ਸ, ਮਨਜੀਤ ਸਿੰਘ ਭੱਟੀ ਨੇ ਗੱਲਬਾਤ ਕਰਦਿਆਂ ਕੀਤਾ।

ਉਨ੍ਹਾਂ ਆਖਿਆ ਕਿ ਆਮ ਆਦਮੀ ਪਾਰਟੀ ਨੇ ਕੁਝ ਸਾਲਾਂ 'ਚ ਪੰਜਾਬ ਦਾ ਜਿੰਨਾ ਨੁਕਸਾਨ ਕੀਤਾ ਹੈ, ਉਹ ਪਿਛਲੇ 75 ਸਾਲਾਂ 'ਚ ਕਦੇ ਨਹੀਂ ਹੋਇਆ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਨੇ ਅੱਜ ਪੰਜਾਬ ਨੂੰ ਦੁਬਾਰਾ ਕਾਲੇ ਦੌਰ 'ਚ ਧਕੇਲ



ਦਿੱਤਾ ਹੈ। ਝੂਠੇ ਪੁਲਸ ਮੁਕਾਬਲੇ, ਫ਼ਿਰੌਤੀਆਂ ਅਤੇ ਕਤਲੋਗਾਰਤ ਕਾਰਨ ਹਰ ਪਾਸੇ ਹਾਹਾਕਾਰ ਮਚੀ ਹੋਈ ਹੈ। ਸੂਬੇ ਦੇ ਭੋਲੇ-ਭਾਲੇ ਲੋਕ ਖ਼ੌਫ਼ ਦੇ ਸਾਏ ਹੇਠ ਜ਼ਿੰਦਗੀ ਕੱਟ ਰਹੇ ਹਨ।

ਇਹ ਸਰਕਾਰ ਝੂਠ ਦੀਆਂ ਨੀਹਾਂ 'ਤੇ ਟਿਕੀ ਹੈ, ਹੋਰਨਾਂ ਵਾਅਦਿਆਂ ਦੀ ਤਰ੍ਹਾਂ ਬਜ਼ੁਰਗਾਂ, ਅੰਗਹੀਣਾਂ ਤੇ ਵਿਧਵਾਵਾਂ ਨੂੰ ਮਿਲਣ ਵਾਲੀ ਪੈਨਸ਼ਨ ਵਧਾ ਕੇ 2500 ਰੁਪਏ ਪ੍ਰਤੀ ਮਹੀਨਾ ਕਰਨ ਦਾ ਵਾਅਦਾ ਵੀ ਹਵਾ ਹੋ ਚੁੱਕਾ ਹੈ। ਅੱਜ ਲੋਕ ਭਲਾਈ ਸਕੀਮਾਂ ਬੰਦ ਪਈਆਂ ਹਨ ਅਤੇ ਗਰੀਬੀ ਰੇਖਾ ਨਾਲ ਜੁੜੇ ਲੋਕ ਸਰਕਾਰ ਨੂੰ ਕੋਸ ਰਹੇ ਹਨ।

ਪ੍ਰਧਾਨ ਮਨਜੀਤ ਸਿੰਘ ਭੱਟੀ ਨੈ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀਆਂ ਰੈਲੀਆਂ ਨੂੰ ਲੋਕਾਂ ਦਾ ਲਾਮਿਸਾਲ ਸਮਰਥਨ ਮਿਲ ਰਿਹਾ ਹੈ ਕਿਉਂਕਿ ਲੋਕ 'ਆਪ' ਦੇ ਝੂਠ ਤੋਂ ਤੰਗ ਆ ਚੁੱਕੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਚੋਣਾਂ 'ਚ ਅਕਾਲੀ ਦਲ ਰਿਕਾਰਡਤੋੜ ਜਿੱਤ ਪ੍ਰਾਪਤ ਕਰੇਗਾ।

# ਗੁਰਦੁਆਰਾ ਮਾਈ ਰਾਮ ਦੇਵੀ ਵਿਖੇ ਕਰਵਾਏ ਧਾਰਮਿਕ ਸਮਾਗਮ





ਫ਼ਿਰੋਜ਼ਪੁਰ, 31 ਮਾਰਚ (ਮਨੋਹਰ ਲਾਲ) :— ਗੁਰਦੁਆਰਾ ਮਾਈ ਰਾਮ ਦੇਵੀ ਜੀ ਵਿਖੇ ਹੈਡ ਗ੍ਰੰਥੀ ਭਾਈ ਅਵਤਾਰ ਸਿੰਘ ਫੌਜੀ ਦੇ ਪਰਿਵਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੇ ਜਿਸ ਦਿਨ ਆਪਣੀ ਸੇਵਾ ਬਖਸ਼ਿਸ਼ ਕੀਤੀ ਸੀ। ਉਸ ਦਿਨ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੇ ਆਪਣੀ ਕਿਰਪਾ ਦੁਆਰਾ ਸਵੇਰੇ ਸਹਿਜ ਪਾਠ ਦੇ ਭੋਗ ਪਾਏ ਗਏ ।ਉਪਰੰਤ ਸ਼ਾਮ ਨੂੰ ਤਿੰਨ ਤੋਂ ਪੰਜ ਸ੍ਰੀ ਸੁਖਮਣੀ ਸਾਹਿਬ ਦੇ ਜਾਪ ਕਰਵਾਏ ਗਏ। ਜਾਪ ਤੋਂ ਉਪਰੰਤ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਵੱਲੋਂ ਕੀਰਤਨ ਦਰਬਾਰ ਹੋਇਆ, ਜਿਸ ਵਿੱਚ ਵੱਖ—ਵੱਖ ਜਥਿਆਂ ਨੇ ਸ਼ਬਦ ਕੀਰਤਨ ਕਥਾ ਵਿਚਾਰ ਨਾਲ ਸੰਗਤਾਂ ਨੂੰ ਜੋੜਿਆ। ਭੋਗ ਉਪਰੰਤ ਅਰਦਾਸ ਕਰਦੇ ਭਾਈ ਅਵਤਾਰ ਸਿੰਘ ਫੌਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਬੇਨਤੀ ਕੀਤੀ। ਸਤਿਗੁਰੂ ਜੀ ਮਿਹਰ ਭਰਿਆ ਹੱਥ ਰੱਖ ਕੇ ਸ਼ੁੱਧਤਾ ਪੂਰਕ ਸੇਵਾ ਕਰਨ ਦਾ ਬਲ ਬਖਸ਼ਿਸ਼ ਕਰਨਾ ਜੀ। ਸਮਾਗਮ ਵਿਚ ਗੁਰਦੁਆਰਾ ਮਾਈ ਰਾਮ ਦੇਵੀ ਜੀ ਦੀ ਸਾਰੀ ਸੰਗਤ ਪ੍ਰਬੰਧਕ ਕਮੇਟੀ ਤੋਂ ਇਲਾਵਾ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਤੇ ਸਮੂਹ ਮੈਂਬਰ ਸਾਹਿਬਾਨ ਜਥੇਦਾਰ ਲਖਬੀਰ ਸਿੰਘ ਮਹਾਲਮ, ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਕਮੇਟੀ ਦੇ ਪੰਜਾਬ ਪ੍ਰਧਾਨ ਭਾਈ ਕੁਲਦੀਪ ਸਿੰਘ ਨੰਡਾ, ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ ਦੇ ਸ਼ਹਿਰੀ ਪ੍ਰਧਾਨ ਤੋਂ ਇਲਾਵਾ ਹੋਰ ਸੰਗਤਾਂ ਨੇ ਹਾਜ਼ਰੀ ਭਰੀ। ਸਮਾਪਤੀ ਉਪਰੰਤ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਅਵਤਾਰ ਸਿੰਘ ਫੌਜੀ, ਭਾਈ ਗੁਰਦੀਪ ਸਿੰਘ ਬੱਗਾ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ। ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਤੇ ਜਥੇਦਾਰ ਲਖਬੀਰ ਸਿੰਘ ਮਹਾਲਮ ਭਾਈ ਕੁਲਦੀਪ ਸਿੰਘ ਨੰਡਾ ਸਾਰਿਆਂ ਵੱਲੋਂ ਬਾਬਾ ਜੀ ਨੂੰ ਸਨਮਾਨਿਤ ਕੀਤਾ ਗਿਆ। ਆਖੀਰ ਵਿੱਚ ਭਾਈ ਅਵਤਾਰ ਸਿੰਘ ਫੌਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਅਤੇ ਆਈਆਂ ਸਾਰੀਆਂ ਸੰਗਤਾਂ, ਜਥੇਬੰਦੀਆਂ ਦਾ ਧੰਨਵਾਦ ਕੀਤਾ, ਉਪਰੰਤ ਆਈਆਂ ਸੰਗਤਾਂ ਨੂੰ ਚਾਹ ਪਕੌੜਿਆਂ ਦੇ ਲੰਗਰ ਛਕਾਏ ਗਏ।

# ਸਰਕਾਰੀ ਪ੍ਰਾਇਮਰੀ ਸਿਟੀ ਸਕੂਲ ਦਾ ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ



ਫ਼ਿਰੋਜ਼ਪੁਰ, 31 ਮਾਰਚ (ਮਨੋਹਰ ਲਾਲ) :— ਸਰਕਾਰੀ ਪ੍ਰਾਇਮਰੀ ਸਿਟੀ ਸਕੂਲ ਲੜਕੇ ਦਾ ਇਨਾਮ ਵੰਡ ਸਮਾਰੋਹ ਫਿਰੋਜ਼ਪੁਰ ਸ਼ਹਿਰ ਵਿਖੇ ਸ਼ਾਨੋ ਸ਼ੌਕਤ ਨਾਲ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸੁਮਨਦੀਪ ਕੌਰ ਨੇ ਰੀਬਨ ਕੱਟ ਕੇ ਸਮਾਰੋਹ ਦੀ ਸ਼ੁਰੂਆਤ ਕੀਤੀ, ਉਪਰੰਤ ਛੋਟੇ—ਛੋਟੇ ਬੱਚਿਆਂ ਨੇ ਵੈਲਕਮ ਗੀਤ, ਭਾਸ਼ਣ, ਸਿੱਖਿਆ, ਮਾਈ ਟੀਚਰ, ਮੋਬਾਇਲ ਫੋਨ ਦੀ ਵਰਤੋ ਗੀਤ, ਨਨਾ ਮੁੰਨਾ ਰਾਹੀਂ ਗੀਤ, ਮੇਰੀ ਮਾਤਾ ਨਾਲ ਸੰਬੰਧਿਤ ਡਾਂਸ, ਗੁਰਮੁਖੀ ਡਾਂਸ, ਸਭਿਆਚਾਰ ਵੰਨਗੀਆ ਅਤੇ ਸਮਾਜਿਕ ਸੰਦੇਸ਼ ਪਾਣੀ ਦੀ ਮਹੱਤਤਾ, ਪਾਣੀ ਬਚਾਓ ਜੀਵਨ ਬਚਾਓ ਵਿਸ਼ੇ ਦੇ ਪ੍ਰਭਾਵਸ਼ਾਲੀ ਸਕਿਟ ਸਮਾਰੋਹ ਦਾ ਅੰਤ ਰੰਗਲਾ ਪੰਜਾਬ ਗੀਤ ਅਤੇ ਪੰਜਾਬ ਦਾ ਲੋਕ ਨਾਚ ਭੰਗੜਾ ਨਾਲ ਹੋ ਨਿਬੜਿਆ, ਜਿਸ ਦਾ ਆਨੰਦ ਬੱਚਿਆਂ ਤੇ ਬੱਚਿਆਂ ਦੇ ਮਾਪਿਆਂ ਅਤੇ ਪਤਵੰਤੇ ਸੱਜਣਾਂ ਨੇ ਮਾਨਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਸੈਂਟਰ ਹੈਡ ਟੀਚਰ ਜਸਵਿੰਦਰ ਕੌਰ, ਗੁਰਬਚਨ ਸਿੰਘ ਭੁੱਲਰ, ਤਰੁਣ ਸ਼ਰਮਾ ਬੀ.ਐਮ.ਟੀ, ਚਰਨਜੀਤ ਸਿੰਘ ਬੀ.ਐਮ.ਟੀ, ਅਧਿਆਪਕ ਮੁਖਤਿਆਰ ਸਿੰਘ, ਚਿੰਕੀ ਮੈਡਮ ਕਲਰਕ, ਜਨਕ ਰਾਜ ਕਲਰਕ ਅਤੇ ਰਾਜਵਿੰਦਰ ਕੌਰ ਨੇ ਸ਼ਿਰਕਤ ਕੀਤੀ। ਇਸ ਮੌਕੇ ਆਪਣੇ ਭਾਸ਼ਣ ਦੌਰਾਨ ਮੁੱਖ ਮਹਿਮਾਨ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸੁਮਨਦੀਪ ਕੌਰ ਨੇ ਕਿਹਾ ਕਿ ਸਕੂਲ ਰਿਜਲਟ ਬਹੁਤ ਵਧੀਆ ਹੈ ਇਸ ਸਕੂਲ ਦਾ ਨਤੀਜਾ ਹਮੇਸ਼ਾ ਬਹੁਤ ਹੀ ਵਧੀਆ ਹੁੰਦਾ ਹੈ ਅਤੇ ਇਸ ਸਕੂਲ ਦੇ ਬੱਚੇ ਪੰਜਾਬ ਸਟੇਟ ਪੱਧਰ ਦੀਆਂ ਖੇਡਾਂ ਵਿੱਚ ਭਾਗ ਲੈਂਦੇ ਹਨ ਤੇ ਇਸ ਦਾ ਸਿਹਰਾ ਹੈਡ ਟੀਚਰ ਮੋਨਿਕਾ ਸ਼ਰਮਾ ਅਤੇ ਸਮੂਹ ਸਟਾਫ ਨੂੰ ਜਾਂਦਾ ਹੈ ਅਤੇ ਉਨਾਂ ਕਿਹਾ ਹੈਡ ਟੀਚਰ ਮੋਨਿਕਾ ਸ਼ਰਮਾ ਅਤੇ ਸਮੂਹ ਸਟਾਫ ਜਿਨਾਂ ਦੀ ਮਿਹਨਤ ਸਦਕਾ ਸਕੂਲ ਹਮੇਸ਼ਾ ਹੀ ਹਰ ਪੱਖੋਂ ਵਧੀਆ ਨੰਬਰ ਲੈ ਕਿ ਆਉਂਦਾ ਹੈ ਨੂੰ ਵਧਾਈ ਦਿੱਤੀ। ਉਨ੍ਹਾਂ ਨਵੇਂ ਦਾਖਲੇ ਲਈ ਬੱਚਿਆਂ ਅਤੇ ਬੱਚਿਆਂ ਦੇ ਮਾਪਿਆਂ ਨੂੰ ਪ੍ਰੇਰਿਤ ਕੀਤਾ। ਇਸ ਮੌਕੇ ਨਤੀਜਾ ਐਲਾਨਨ ਤੋਂ ਬਾਅਦ ਵਧੀਆ ਕਾਰਗੁਜ਼ਾਰੀ ਤੇ ਪੜ੍ਹਾਈ ਵਿੱਚ ਮੋਹਰੀ ਆਏ ਬੱਚਿਆਂ ਨੂੰ ਅਤੇ ਸਮਾਗਮ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸੁਮਨਦੀਪ ਕੌਰ ਅਤੇ ਸੈਂਟਰ ਹੈਡ ਟੀਚਰ ਜਸਵਿੰਦਰ ਕੌਰ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਸਟਾਫ ਵੱਲੋਂ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸੁਮਨਦੀਪ ਕੌਰ ਸੈਂਟਰ ਹੈਡ ਟੀਚਰ ਜਸਵਿੰਦਰ ਕੌਰ ਅਤੇ ਸਕੂਲ ਦੇ ਕੈਂਪਸ ਵਿੱਚ ਪੁੱਜੀਆਂ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੈਡ ਟੀਚਰ ਮੋਨਿਕਾ ਸ਼ਰਮਾ, ਕੰਵਲਜੀਤ ਕੌਰ, ਪੂਜਾ ਵੋਹਰਾ, ਰੰਜਨਾ ਪੁਗਲ, ਗੀਤੂ, ਰੁਚੀਕਾ, ਵਿਕਾਸ ਗੁਪਤਾ, ਪਰਮਦੀਪ ਕੌਰ, ਸੁਸ਼ਮਾ ਆਦਿ ਅਧਿਆਪਕਾਂ ਨੇ ਆਏ ਹੋਏ ਬੱਚੇ ਅਤੇ ਬੱਚਿਆਂ ਦੇ ਮਾਪੇ ਅਤੇ ਪਤਵੰਤੇ ਮਹਿਮਾਨਾਂ ਦਾ ਖਾਸ ਤੌਰ ਤੇ ਮੁੱਖ ਮਹਿਮਾਨ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸੁਮਨਦੀਪ ਕੌਰ, ਹੈਡ ਟੀਚਰ ਜਸਵਿੰਦਰ ਕੌਰ, ਅਰੁਣ ਪੁਗਲ, ਗੁਰਬਚਨ ਸਿੰਘ ਭੁੱਲਰ, ਤਰੁਣ ਸ਼ਰਮਾ, ਚਰਨਜੀਤ ਸਿੰਘ, ਮੁਖਤਿਆਰ ਸਿੰਘ, ਜਨਕ ਰਾਜ, ਚਿੰਕੀ ਮੈਡਮ ਅਤੇ ਸਰਕਾਰੀ ਪ੍ਰਾਇਮਰੀ ਚੁੰਗੀ ਖਾਨਾ ਸਕੂਲ ਦੇ ਸਮੂਹ ਸਟਾਫ ਆਦਿ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ।

### ਅਖੰਡ ਕੀਰਤਨੀ ਜੱਥੇ ਵਲੋਂ ਗੁਰਦੁਆਰਾ ਸ਼੍ਰੀ ਪਾਉਂਟਾ ਸਾਹਿਬ ਵਿਖ਼ੇ

# ਸਾਲਾਨਾ ਸਮਾਗਮ ਚੜ੍ਹਦੀਕਲਾ ਨਾਲ ਹੋਏ ਸੰਪੂਰਨ



**ਨਵੀਂ ਦਿੱਲੀ 31 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਸਿੱਖ ਪੰਥ ਦੀ ਸਿਰਮੌਰ ਜੱਥੇਬੰਦੀ ਅਖੰਡ ਕੀਰਤਨੀ ਜੱਥੇ ਵਲੋਂ ਹਿਮਾਚਲ ਪ੍ਰਦੇਸ਼ ਵਿਖ਼ੇ ਸਥਿਤ ਦਸਮ ਪਾਤਸ਼ਾਹ ਜੀ ਦੇ ਵੱਖ ਵੱਖ ਇਤਿਹਾਸਿਕ ਗੁਰਦੁਆਰਿਆਂ ਵਿਖ਼ੇ ਸਾਲਾਨਾ ਅਖੰਡ ਕੀਰਤਨ ਸਮਾਗਮ ਚੜ੍ਹਦੀਕਲਾ ਨਾਲ ਸੰਪੂਰਨ ਹੋਏ। ਇਸ ਸਮਾਗਮ ਵਿਚ ਇਤਿਹਾਸਿਕ ਗੁਰਦੁਆਰਾ ਤੀਰਗੜ੍ਹੀ ਸਾਹਿਬ (ਭੰਗਾਣੀ ਸਾਹਿਬ), ਗੁਰਦੁਆਰਾ ਸ਼ੇਰਗਾਹ ਸਾਹਿਬ, ਦਰਬਾਰ ਹਾਲ ਗੁਰਦੁਆਰਾ ਸ਼੍ਰੀ ਪਾਉਂਟਾ ਸਾਹਿਬ ਵਿਖ਼ੇ ਸਵੇਰ ਅਤੇ ਸ਼ਾਮ ਦੇ ਕੀਰਤਨ ਉਪਰੰਤ ਰੈਣ ਸਬਾਈ ਕੀਰਤਨ ਦੇ ਦੀਵਾਨ ਕਵੀ ਦਰਬਾਰ ਹਾਲ ਵਿਖ਼ੇ ਸਜਾਏ ਗਏ ਸਨ। ਸਮਾਗਮ ਦੌਰਾਨ ਪ੍ਰਬੰਧਕਾਂ ਵਲੋਂ ਦੇਸ਼ ਦੇ ਵੱਖ ਵੱਖ ਹਿਸਿਆਂ ਤੋਂ ਆਈਆਂ ਸੰਗਤਾਂ ਦੀ ਰਿਹਾਇਸ਼ ਅਤੇ ਲੰਗਰ ਦਾ ਇੰਤਜਾਮ ਗੁਰੂਦੁਆਰਾ ਸ਼੍ਰੀ ਪਾਉਂਟਾ ਸਾਹਿਬ ਵਿਖ਼ੇ ਰੱਖਿਆ ਗਿਆ ਸੀ। ਜਿਕਰਯੋਗ ਹੈ ਕਿ ਸ਼੍ਰੀ ਅਨੰਦਪੁਰ ਸਾਹਿਬ ਵਿਖ਼ੇ ਹੋਲਾ ਮਹੱਲਾ ਸਮਾਗਮ ਤੇ ਜੱਥੇ ਦੇ ਪੰਜ ਸਿੰਘ ਸਾਹਿਬਾਨ ਵਲੋਂ ਮਾਇਆ ਲੈ ਕੇ ਕੀਰਤਨ ਕਰਣ ਵਾਲੇ ਜੱਥੇ ਦੇ ਸਿੰਘ ਸਿੰਘਣੀਆਂ ਉਪਰ ਸਖਤੀ ਕਰਦੇ ਹੋਏ ਉਨ੍ਹਾਂ ਦੀ ਕੀਰਤਨੀ ਹਾਜ਼ਿਰੀ ਉਪਰ ਰੋਕ ਲਗਾ ਦਿੱਤੀ ਗਈ ਸੀ ਜਿਸ ਦਾ ਅਸਰ ਗੁਰਦੁਆਰਾ ਪਾਉਂਟਾ ਸਾਹਿਬ ਵਿਖ਼ੇ ਸਮਾਗਮ ਦੌਰਾਨ ਦੇਖਣ ਨੂੰ ਮਿਲਿਆ ਸੀ ਤੇ ਪ੍ਰਬੰਧਕਾਂ ਵਲੋਂ ਪੰਜ ਸਿੰਘ ਸਾਹਿਬਾਨਾਂ ਦੇ ਹੁਕਮ ਦੀ ਪਾਲਣਾ ਕਰਦਿਆ ਨਿਸ਼ਕਾਮ ਕੀਰਤਨ ਕਰਣ ਵਾਲੇ ਕੀਰਤਨੀਆਂ ਦੀਆਂ ਹਾਜ਼ਰੀਆਂ ਨੇ ਸਮਾਗਮ ਵਿਚ ਰੰਗ ਬੰਨਦੇ ਹੋਏ ਜੱਥੇ ਦੇ ਪੁਰਾਤਨ ਕੀਰਤਨੀ ਇਤਿਹਾਸ ਨੂੰ ਦੋਹਰਾ ਦਿੱਤਾ। ਇਥੇ ਦਸਣਯੋਗ ਹੈ ਕਿ ਭਾਈ ਸਾਹਿਬ ਭਾਈ ਰਣਧੀਰ ਸਿੰਘ ਜੀ ਵਲੋਂ ਨਿਸ਼ਕਾਮ ਕੀਰਤਨ ਰਾਹੀਂ ਸੰਗਤਾਂ ਨੂੰ ਕੀਰਤਨ ਅਤੇ ਸੇਵਾ ਨਾਲ ਜੋੜਨ ਲਈ ਅਖੰਡ ਕੀਰਤਨੀ ਜੱਥੇ ਦੀ ਨੀਂਹ ਰਖੀ ਗਈ ਸੀ ਅਤੇ ਸੰਗਤਾਂ ਵਲੋਂ ਮਿਲੇ ਅਥਾਹ ਪਿਆਰ ਸਦਕਾ ਬਹੁਤ ਹੀ ਘੱਟ ਸਮੇਂ ਅੰਦਰ ਜੱਥਾ ਫਲਦਾ ਫੁਲਦਾ ਸੰਸਾਰ ਭਰ ਵਿਚ ਫੈਲ ਗਿਆ ਪਰ ਪਿਛਲੇ ਕੁਝ ਸਮੇਂ ਦੌਰਾਨ ਜੱਥੇ ਦੇ ਕੁਝ ਸਿੰਘ ਸਿੰਘਣੀਆਂ ਵਲੋਂ ਮੂੰਹ ਮੰਗੀ ਮਾਇਆ ਲੈ ਕੇ ਕੀਰਤਨ ਕਰਣ ਨਾਲ ਜੱਥੇ ਦੀ ਮਰਿਆਦਾ ਨੂੰ ਢਾਹ ਲਗ ਰਹੀ ਸੀ ਜਿਸ ਨੂੰ ਦੇਖਦਿਆਂ ਪੰਜ ਸਿੰਘ ਸਾਹਿਬਾਨਾਂ ਵਲੋਂ ਸ਼੍ਰੀ ਅਨੰਦਪੁਰ ਸਾਹਿਬ ਵਿਖ਼ੇ ਜੱਥੇ ਦੀ ਪੁਰਾਤਨ ਮਰਿਆਦਾ ਨੂੰ ਕਾਇਮ ਕਰਣ ਲਈ ਅਤੇ ਇਸ ਦੁਖਾਂਤ ਨੂੰ ਜੱਥੇ ਅੰਦਰ ਵਧਣ ਫੁਲਣ ਤੋਂ ਰੋਕਣ ਲਈ ਸਖ਼ਤ ਹੁਕਮ ਜਾਰੀ ਕੀਤਾ ਗਿਆ ਸੀ ਕਿਉਕਿ ਜੱਥੇ ਦਾ ਇਤਿਹਾਸ ਨਿਸ਼ਕਾਮ ਕੀਰਤਨ ਅਤੇ ਵੱਧ ਤੋਂ ਵੱਧ ਹੱਥੀ ਸੇਵਾ ਕਰਣ ਦਾ ਰਿਹਾ ਹੈ । ਇਥੇ ਦਸਣਯੋਗ ਹੈ ਕਿ ਸਮਾਗਮ ਦੌਰਾਨ ਸੰਗਤਾਂ ਵਲੋਂ ਪੁਰਾਤਨ ਮਾਰਿਆਦਾ ਦੀ ਵਾਪਿਸੀ ਤੇ ਪੰਜ ਸਿੰਘ ਸਾਹਿਬਾਨਾਂ ਵਲੋਂ ਜਾਰੀ ਕੀਤੇ ਗਏ ਹੁਕਮ ਦੀ ਭਰਵੀਂ ਸ਼ਲਾਘਾ ਕੀਤੀ ਜਾ ਰਹੀ ਸੀ। ਸ਼੍ਰੀ ਪਾਉਂਟਾ ਸਾਹਿਬ ਵਿਖ਼ੇ ਸਮਾਗਮ ਉਲੀਕਣ ਵਾਲੇ ਜੱਥੇ ਦੇ ਪ੍ਰਬੰਧਕਾਂ ਵਲੋਂ ਹਾਜ਼ਿਰੀ ਭਰਣ ਵਾਲੀ ਸੰਗਤਾਂ ਅਤੇ ਗੁਰਦੁਆਰਾ ਸ਼੍ਰੀ ਪਾਉਂਟਾ ਸਾਹਿਬ ਦੀ ਪ੍ਰਬੰਧਕੀ ਕਮੇਟੀ ਵਲੋਂ ਦਿੱਤੇ ਗਏ ਸਾਹਿਯੋਗ ਦਾ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਦਸਿਆ ਕਿ ਖਾਲਸਾ ਜੀ ਦੇ ਜਨਮ ਦਿਹਾੜੇ ਵਿਸਾਖੀ ਅਤੇ ਸ਼ਹੀਦ ਹੋਏ ਸਿੰਘਾਂ ਦੀ ਯਾਦ ਵਿਚ ਅਗਲੇ ਸਮਾਗਮ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖ਼ੇ 11 ਅਪ੍ਰੈਲ ਤੋਂ 15 ਅਪ੍ਰੈਲ ਅਤੇ ਅਖੰਡ ਕੀਰਤਨੀ ਜੱਥੇ ਦੇ ਬਾਨੀ ਸੋਨ ਚਿੜੀ ਭਾਈ ਸਾਹਿਬ ਭਾਈ ਰਣਧੀਰ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਮਾਗਮ ਦਿੱਲੀ ਵਿਖ਼ੇ 21 ਤੋਂ 23 ਮਈ ਤਕ ਹੋਣਗੇ।

**ਪੰਜ ਸਿੰਘ ਸਾਹਿਬਾਨਾਂ ਵਲੋਂ ਮਾਇਆ ਲੈਕੇ ਕੀਰਤਨ ਕਰਣ ਵਾਲੇ ਕੀਰਤਨੀ ਸਿੰਘ ਸਿੰਘਣੀਆਂ 'ਤੇ ਕੀਰਤਨੀ ਹਾਜ਼ਿਰੀ ਭਰਣ ਦੀ ਲਗਾਈ ਗਈ ਰੋਕ**

### ਸ਼੍ਰੋਮਣੀ ਸੰਪ੍ਰਦਾਈ ਟਕਸਾਲ ਸ਼ਹੀਦ ਭਾਈ ਮਨੀ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ

# ਸੰਤ ਅਮਨਦੀਪ ਸਿੰਘ ਜੀ ਵੱਲੋਂ ਲਗਾਇਆ ਗਿਆ ਅੱਖਾਂ ਦਾ ਫ੍ਰੀ ਚੈਕਅੱਪ/ਓਪਰੇਸ਼ਨ ਕੈਂਪ





**ਚੌਂਕ ਮਹਿਤਾ, 31 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਧੰਨ ਧੰਨ ਸ਼ਹੀਦ ਭਾਈ ਮਨੀ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ਼੍ਰੋਮਣੀ ਸੰਪ੍ਰਦਾਈ ਟਕਸਾਲ ਸ਼ਹੀਦ ਭਾਈ ਮਨੀ ਸਿੰਘ ਜੀ ਡੇਰਾ ਸੰਤ ਅਮੀਰ ਸਿੰਘ ਜੀ ਕਟਰਾ ਕਰਮ ਸਿੰਘ, ਗਲੀ ਸਤੋਵਾਲੀ ਅੰਮ੍ਰਿਤਸਰ ਵਿਖੇ 30 ਮਾਰਚ ਦਿਨ ਸੋਮਵਾਰ ਨੂੰ ਸੰਤ ਅਮਨਦੀਪ ਸਿੰਘ ਜੀ ਦੀ ਦੇਖਰੇਖ ਹੇਠ ਵਰਲਡ ਸਿੱਖ ਚੈਂਬਰ ਆਫ ਕਮਰਸ ਵੱਲੋਂ ਸਰਦਾਰ ਰਜਿੰਦਰ ਸਿੰਘ ਮਰਵਾਹਾ ਜੀ ਦੇ ਸੰਯੋਗ ਨਾਲ ਲਗਾਇਆ ਗਿਆ ਅੱਖਾਂ ਦਾ ਅਤੇ ਚਮੜੀ ਰੋਗਾਂ ਦਾ ਫਰੀ ਮੈਡੀਕਲ ਚੈਕਅਪ ਕੈਂਪ ।

ਜਿਸ ਵਿੱਚ ਡਾਕਟਰ ਸ਼ਕੀਲ ਸਿੰਘ ਵੱਲੋਂ ਅੱਖਾਂ ਦੇ ਫਰੀ ਆਪਰੇਸ਼ਨ ਕੀਤੇ ਜਾਣਗੇ ਅਤੇ ਚਮੜੀ ਰੋਗਾਂ ਦੇ ਮਾਹਰ ਡਾਕਟਰ ਅਮਰਜੀਤ ਸਿੰਘ ਜੀ ਵੱਲੋਂ ਚਮੜੀ ਰੋਗਾਂ ਦੇ ਇਲਾਜ ਵੀ ਕੀਤੇ ਗਏ। ਇਸ ਕੈਂਪ ਵਿੱਚ ਦਰਜਨਾਂ ਦੀ ਗਿਣਤੀ ਵਿੱਚ ਲੋਕਾਂ ਨੇ ਹਿੱਸਾ ਲਿਆ ਅਤੇ ਇਸ ਕੈਂਪ ਦਾ ਲਾਭ ਉਠਾਇਆ। 50 ਤੋਂ ਵੱਧ ਲੋਕਾਂ ਦੇ ਅੱਖਾਂ ਦੇ ਆਪਰੇਸ਼ਨ ਕੀਤੇ ਗਏ। ਆਏ ਹੋਏ ਮਰੀਜ਼ਾਂ ਵਾਸਤੇ ਸੰਤ ਅਮਨਦੀਪ ਸਿੰਘ ਜੀ ਵੱਲੋਂ ਲੰਗਰ ਭੰਡਾਰੇ ਤਿਆਰ ਕੀਤੇ ਗਏ ਅਤੇ ਸੰਗਤਾਂ ਵਿੱਚ ਅਤੁੱਟ ਵਰਤਾਏ ਗਏ। ਇਸ ਮੌਕੇ ਅਮਰਜੀਤ ਸਿੰਘ ਜੀ ਨਾਰੰਗ ਚਾਟਡ ਅਕਾਊਂਟੈਂਟ,ਬੋਬੀ ਬਾਦਸ਼ਾਹ ਜੀ, ਜਜਬੀਰ ਸਿੰਘ ਜੀ ਭਾਈ ਗੋਬਿੰਦ ਸਿੰਘ ਜੀ, ਵਿਸ਼ਾਲ ਸਿੰਘ ਜੀ ਕਥਾ ਵਾਚਕ ਹੋਰ ਨਾਮਵਾਰ ਸ਼ਖਸ਼ੀਅਤਾਂ ਹਾਜ਼ਰ ਸਨ।

# ਵਿਧਾਇਕ ਦੀ ਧੱਕੇਸ਼ਾਹੀ ਨਾ ਸਹਾਰੇ ਖੁਦਕਸ਼ੀ ਕਰਨ ਵਾਲੇ ਓਮ ਪ੍ਰਕਾਸ਼ ਨੂੰ ਇਨਸਾਫ ਦਿਵਾਉਣ ਲਈ ਜੁਟੀਆਂ ਜਥੇਬੰਦੀਆਂ






ਫ਼ਿਰੋਜ਼ਪੁਰ, 31 ਮਾਰਚ (ਮਨੋਹਰ ਲਾਲ) :— ਅੱਜ ਤੋਂ ਤਕਰੀਬਨ ਨੂੰ ਮਹੀਨੇ ਪਹਿਲਾਂ ਓਮ ਪ੍ਰਕਾਸ਼ ਨਾਮ ਦੇ ਨੌਜਵਾਨ ਵੱਲੋਂ ਫਿਰੋਜਪੁਰ ਦਿਹਾਤੀ ਦੇ ਐਮ.ਐਲ.ਏ ਅਤੇ ਉਸ ਦੇ ਸਾਥੀ ਦਲਜੀਤ ਸਿੰਘ ਦੀਆਂ ਧੱਕੇਸ਼ਾਹੀਆਂ ਤੋਂ ਪ੍ਰੇਸ਼ਾਨ ਹੋ ਕੇ ਖੁਦਕਸ਼ੀ ਕਰ ਲਈ ਸੀ ਅਤੇ ਇਸ ਸਬੰਧੀ ਆਪਣਾ ਦੁੱਖੜਾ ਵੀ ਸਾਂਝਾ ਕੀਤਾ ਸੀ, ਪਰ ਉਕਤ ਨੌਜਵਾਨ ਦੀ ਮੌਤ ਬਾਅਦ ਪੁਲਿਸ ਪ੍ਰਸ਼ਾਸਨ ਨੇ ਮ੍ਰਿਤਕ ਨੌਜਵਾਨ ਜਾਂ ਉਸ ਦੇ ਪਰਿਵਾਰ ਨੂੰ ਇਨਸਾਫ ਦੇਣਾ ਵਾਜਿਬ ਨਹੀਂ ਸਮਝਿਆ, ਜਿਸ ਤੋਂ ਪ੍ਰੇਸ਼ਾਨ ਹੋਏ ਪਰਿਵਾਰਕ ਮੈਂਬਰਾਂ ਨੇ ਬੀਤੇ ਦਿਨ ਤੋਂ ਕਿਸਾਨ ਜਥੇਬੰਦੀਆਂ, ਸਮਾਜ ਸੇਵੀ ਜਥੇਬੰਦੀਆਂ ਸਮੇਤ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਇਨਸਾਫ ਲੈਣ ਲਈ ਸਿਵਲ ਤੇ ਪੁਲਿਸ ਪ੍ਰਸ਼ਾਸਨ ਕੋਲ ਗੁਹਾਰ ਲਗਾਈ ਸੀ। ਇਸ ਰੋਹ ਮਾਰਚ ਦੀ ਅਗਵਾਈ ਕਰਦਿਆਂ ਅਕਾਲੀ ਦਲ ਵਾਰਿਸ ਪੰਜਾਬ ਦੀ ਟੀਮ ਸਮੇਤ ਗੁਰਪ੍ਰੀਤ ਸਿੰਘ ਸੇਖੋਂ ਟੀਮ ਨੇ ਪੀੜਤ ਪਰਿਵਾਰ ਨਾਲ ਚਟਾਂਨ ਵਾਂਗ ਖੜ੍ਹੇ ਹੋਣ ਦਾ ਐਲਾਨ ਕਰਦਿਆਂ ਸੂਬਾ ਸਰਕਾਰ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਗੁਹਾਰ ਲਗਾਈ ਕਿ ਪੀੜਤ ਪਰਿਵਾਰ ਨੂੰ ਇਨਸਾਫ ਦਿੱਤਾ ਜਾਵੇ ਤਾਂ ਜ਼ੋ ਵਿਧਾਇਕ ਦੀ ਧੱਕੇਸ਼ਾਹੀ ਦਾ ਸ਼ਿਕਾਰ ਹੋਏ ਓਮ ਪ੍ਰਕਾਸ਼ ਨਾਲ ਇਨਸਾਫ ਹੋ ਸਕੇ। ਐਸ.ਐਸ.ਪੀ ਦਫਤਰ ਮੂਹਰੇ ਪੱਕਾ ਧਰਨਾ ਲਗਾਈ ਬੈਠੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਦਿਆਂ ਅਕਾਲੀ ਦਲ ਵਾਰਿਸ ਪੰਜਾਬ, ਗੁਰਪ੍ਰੀਤ ਸਿੰਘ ਸੇਖੋਂ ਦੀ ਟੀਮ ਨੇ ਸਪੱਸ਼ਟ ਕੀਤਾ ਕਿ ਉਹ ਪਰਿਵਾਰ ਨਾਲ 24 ਘੰਟੇ ਖੜ੍ਹੇ ਹਨ ਅਤੇ ਜਿਨ੍ਹੀ ਦੇਰ ਸਰਕਾਰ ਵੱਲੋਂ ਪਰਿਵਾਰ ਨੂੰ ਇਨਸਾਫ ਨਹੀਂ ਮਿਲਦਾ, ਉਨ੍ਹੀ ਦੇਰ ਉਹ ਪਰਿਵਾਰ ਨਾਲ ਖੜ੍ਹੇ ਹਨ। ਇਸ ਮੌਕੇ ਫ਼ਿਰੋਜ਼ਪੁਰ ਦਿਹਾਤੀ ਦੀ ਟੀਮ ਗੁਰਪ੍ਰੀਤ ਸਿੰਘ ਸੇਖੋਂ, ਜਸਪ੍ਰੀਤ ਸਿੰਘ ਜੱਸਾ ਸਰਪੰਚ, ਕਰਨਵੀਰ ਸਿੰਘ ਖਾਲਸਾ ਆਈ.ਟੀ ਸੈਲ (ਪੰਜਾਬ), ਡਾਕਟਰ ਅਵਤਾਰ ਸਿੰਘ ਹਲਕਾ ਫਿਰੋਜ਼ਪੁਰ ਦਿਹਾਤੀ ਸੇਵਾਦਾਰ, ਹਰਪ੍ਰੀਤ ਸਿੰਘ ਸੰਧੂ, ਜਸਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਦਲੇਰ ਸਿੰਘ, ਰਣਜੋਤ ਸਿੰਘ ਭੁੱਲਰ, ਨਸੀਬ ਸਿੰਘ ਸੰਧੂ, ਪਵਨ ਭੁੱਲਰ, ਹਰਮੀਤ ਸਿੰਘ, ਹਰਪ੍ਰੀਤ ਸਿੰਘ ਸੁੱਖ, ਬਲਵਿੰਦਰ ਸਿੰਘ ਆਦਿ ਨੇ ਸੰਬੋਧਨ ਕਰਦਿਆਂ ਸਿਵਲ ਤੇ ਪੁਲਿਸ ਪ੍ਰਸ਼ਾਸਨ ਨੂੰ ਇਨਸਾਫ ਕਰਨ ਦੀ ਗੁਹਾਰ ਲਗਾਈ।

### ਬੇਅਦਬੀ ਰੋਕਣ ਲਈ ਬੰਨ ਰਹੇ ਕਾਨੂੰਨ ਨੂੰ ਰਾਜਨੀਤਕ ਫ਼ਾਇਦੇ ਲਈ ਕਾਹਲੀ ਵਿਚ ਬਿਨਾਂ ਵਿਚਾਰੇ ਬਣਾਏ ਜਾਣ ਨਾਲ ਹੋਵੇਗਾ ਨੁਕਸਾਨ : ਪਰਮਜੀਤ ਸਿੰਘ ਵੀਰਜੀ

# ਐਸਜੀਪੀਸੀ ਵਲੋਂ ਉਲੀਕੀ ਗਈ 6 ਅਪ੍ਰੈਲ ਦੀ ਮੀਟਿੰਗ ਵਿਚ ਸਿੱਖ ਜੱਥੇਬੰਦੀਆਂ ਨੂੰ ਵੱਡੀ ਗਿਣਤੀ ਵਿਚ ਸ਼ਾਮਿਲ ਹੋਣ ਦੀ ਅਪੀਲ

ਨਵੀਂ ਦਿੱਲੀ 31 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਵਿੱਚ "ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ" ਨੂੰ ਪਰਿਭਾਸ਼ਿਤ ਕਰਨ ਅਤੇ ਸਜ਼ਾ ਦੇਣ ਲਈ ਕਾਨੂੰਨ ਬਣਾਉਣ ਦੇ ਆਲੇ-ਦੁਆਲੇ ਤੀਬਰ ਭਾਵਨਾਤਮਕ ਅਤੇ ਰਾਜਨੀਤਿਕ ਪ੍ਰਤੀਕਿਰਿਆਵਾਂ ਪੈਦਾ ਹੋਈਆਂ ਹਨ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਗੁਰਦੁਆਰਾ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਦਸਿਆ ਇਹ ਭਾਵਨਾਵਾਂ ਸੱਚੀ ਸ਼ਰਧਾ ਤੋਂ ਪੈਦਾ ਹੁੰਦੀਆਂ ਹਨ। ਦੁਨੀਆ ਭਰ ਦੇ ਸਿੱਖਾਂ ਲਈ, ਗੁਰੂ ਗ੍ਰੰਥ ਸਾਹਿਬ ਸਿਰਫ਼ ਇੱਕ ਪਵਿੱਤਰ ਗ੍ਰੰਥ ਨਹੀਂ ਹੈ, ਸਗੋਂ ਪ੍ਰਗਟ ਗੁਰੂ ਵੀ ਹਨ, ਬ੍ਰਹਮ ਗਿਆਨ ਦਾ ਰੂਪ ਹੈ ਅਤੇ ਸਿੱਖ ਧਰਮ ਦਾ ਅਧਿਆਤਮਿਕ ਕੇਂਦਰ ਹੈ। ਫਿਰ ਵੀ ਕਾਨੂੰਨੀ ਕਾਨੂੰਨਾਂ ਅਤੇ ਨਿਆਂਇਕ ਪਰਿਭਾਸ਼ਾਵਾਂ ਰਾਹੀਂ ਇਸਦੀ ਪਵਿੱਤਰਤਾ ਨੂੰ ਨਿਯਮਤ ਕਰਨ ਦੀ ਕੋਸ਼ਿਸ਼ ਇੱਕ ਡੂੰਘਾ ਦਾਰਸ਼ਨਿਕ ਸਵਾਲ ਉਠਾਉਂਦੀ ਹੈ: ਕੀ ਗੁਰੂ ਦੇ ਸ਼ਬਦ ਨੂੰ ਸੱਚਮੁੱਚ ਕਾਨੂੰਨ ਦੁਆਰਾ ਸੁਰੱਖਿਅਤ ਜਾਂ ਪਰਿਭਾਸ਼ਿਤ ਕੀਤਾ ਜਾ ਸਕਦਾ ਹੈ..? ਜਦੋਂ ਵੀ ਬੇਅਦਬੀ ਦਾ ਕੋਈ ਕੰਮ ਹੁੰਦਾ ਹੈ ਤਾਂ ਉਸ ਵਿੱਚ ਪੈਦਾ ਹੋਣ ਵਾਲੀ ਡੂੰਘੀ ਪੀੜਾ ਨੂੰ ਦੇਖਦੇ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਰੱਖਿਆ ਲਈ ਵਿਸ਼ੇਸ਼ ਕਾਨੂੰਨ ਦੀ ਮੰਗ, ਇੱਕ ਪੱਧਰ 'ਤੇ, ਸਮਝਣ ਯੋਗ ਹੈ। ਪਰ ਸੰਵਿਧਾਨਕ ਅਤੇ ਦਾਰਸ਼ਨਿਕ ਦੋਵਾਂ ਦ੍ਰਿਸ਼ਟੀਕੋਣਾਂ ਤੋਂ, ਅਜਿਹਾ ਵਾਧੂ ਸੰਹਿਤਾ ਬੇਲੋੜਾ ਜਾਪਦੀ ਹੈ। ਕਿਉਕਿ ਸੰਵਿਧਾਨ ਦੇ ਢਾਂਚੇ ਦੇ ਤਹਿਤ, ਕੋਈ ਵੀ ਅਜਿਹਾ ਕੰਮ ਜੋ ਜਾਣਬੁੱਝ ਕੇ ਧਾਰਮਿਕ ਭਾਵਨਾਵਾਂ ਦਾ ਅਪਮਾਨ ਕਰਦਾ ਹੈ ਜਾਂ ਭੜਕਾਉਂਦਾ ਹੈ, ਜਾਂ ਕਿਸੇ ਭਾਈਚਾਰੇ ਜਾਂ ਇਸਦੇ ਪਵਿੱਤਰ ਚਿੰਨ੍ਹਾਂ ਵਿਰੁੱਧ ਹਿੰਸਾ ਭੜਕਾਉਂਦਾ ਹੈ,



ਪਹਿਲਾਂ ਹੀ ਪੂਰੀ ਤਰ੍ਹਾਂ ਅਪਰਾਧਿਕ ਕਾਨੂੰਨ ਅਤੇ ਜਨਤਕ ਵਿਵਸਥਾ ਦੇ ਖੇਤਰ ਵਿੱਚ ਆਉਂਦਾ ਹੈ। ਰਾਜ ਦੀ ਕਾਨੂੰਨ-ਵਿਵਸਥਾ ਮਸ਼ੀਨਰੀ ਅਜਿਹੇ ਅਪਰਾਧਾਂ ਦੀ ਜਾਂਚ, ਮੁਕੱਦਮਾ ਚਲਾਉਣ ਅਤੇ ਸਜ਼ਾ ਦੇਣ ਲਈ ਪੂਰੀ ਤਰ੍ਹਾਂ ਅਧਿਕਾਰਤ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਲਈ ਵਿਸ਼ੇਸ਼ ਤੌਰ 'ਤੇ ਇੱਕ ਵੱਖਰਾ ਕਾਨੂੰਨ ਬਣਾਉਣ ਨਾਲ ਇਹ ਖ਼ਤਰਾ ਪੈਦਾ ਹੁੰਦਾ ਹੈ ਕਿ ਸਿੱਖ ਗ੍ਰੰਥ ਦਾ ਅਧਿਆਤਮਿਕ ਅਧਿਕਾਰ ਕਿਸੇ ਤਰ੍ਹਾਂ ਰਾਜ ਜਾਂ ਅਦਾਲਤਾਂ ਦੀ ਸੁਰੱਖਿਆ ਵਾਲੀ ਬਾਂਹ 'ਤੇ ਨਿਰਭਰ ਕਰਦਾ ਹੈ। ਸਿੱਖ ਧਰਮ, ਆਪਣੇ ਮੂਲ ਰੂਪ ਵਿੱਚ, ਸਾਨੂੰ ਗਿਆਨ, ਦ੍ਰਿੜਤਾ, ਦਇਆ ਅਤੇ ਸੱਚ ਵੱਲ ਬੁਲਾਉਂਦਾ ਹੈ। ਸ੍ਰੀ ਗ੍ਰੰਥ ਸਾਹਿਬ ਉਸ ਜੀਵਨ ਭਰ ਦੀ ਖੋਜ ਵਿੱਚ ਮਾਰਗਦਰਸ਼ਕ ਹੈ ਅਤੇ ਇਸਨੂੰ ਸ਼ਰਧਾ ਦੀਆਂ ਸਰਹੱਦਾਂ, ਨਿਯਮਾਂ ਜਾਂ ਨਿਆਂਇਕ ਪਰਿਭਾਸ਼ਾਵਾਂ ਦੀ ਲੋੜ ਨਹੀਂ ਹੈ। ਇਸਦਾ ਅਧਿਕਾਰ ਸ਼ਬਦ ਦੀ ਅਟੱਲ ਸ਼ਕਤੀ ਵਿੱਚ ਹੈ, ਜਿਸਨੂੰ ਕੋਈ ਕਾਨੂੰਨ ਨਹੀਂ ਰੋਕ ਸਕਦਾ ਹੈ। ਇਸ ਲਈ ਅਸੀਂ ਪੰਜਾਬ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਬਣਾਏ ਜਾ ਰਹੇ ਕਿ ਕਿਸੇ ਰਾਜਨੀਤਕ ਦਬਾਅ ਵਿਚ ਆ ਕੇ ਜਾਂ ਅਪਣੇ ਰਾਜਨੀਤਕ ਫ਼ਾਇਦੇ ਲਈ ਕਾਹਲੀ ਵਿਚ ਬਿਨਾਂ ਇਸ ਕਾਨੂੰਨ ਦੇ ਲਾਭ ਹਾਨੀ ਵਿਚਾਰੇ, ਕੋਈ ਕਾਨੂੰਨ ਬਣਾਇਆ ਜਾਂਦਾ ਹੈ ਤਾਂ ਉਸ ਦਾ ਨੁਕਸਾਨ ਹੀ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਲਈ ਪ੍ਰਸਤਾਵਿਤ ਬਿੱਲ ਸਬੰਧੀ ਵਿਧਾਨ ਸਭਾ ਦੀ ਸਿਲੈਕਟ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਪਾਸੋਂ ਮੰਗੇ ਸੁਝਾਅ ਦੇਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਮੰਗੀ ਗਈ ਜਾਣਕਾਰੀ ਉਨ੍ਹਾਂ ਨਾਲ ਸਾਂਝੀ ਕਰਣਾ ਅਤਿਅੰਤ ਜ਼ਰੂਰੀ ਹੈ, ਜਿਸ ਉਪਰੰਤ ਹੀ ਸ਼੍ਰੋਮਣੀ ਕਮੇਟੀ ਪਾਸੋਂ ਮੰਗੇ ਗਏ ਸੁਝਾਅ ਸਾਰਥਿਕ ਢੰਗ ਨਾਲ ਭੇਜੇ ਜਾ ਸਕਦੇ ਹਨ ਪ੍ਰੰਤੂ ਸ਼੍ਰੋਮਣੀ ਕਮੇਟੀ ਵੱਲੋਂ ਵਾਰ-ਵਾਰ ਪੱਤ੍ਰਿਕਾਵਾਂ ਲਿਖ ਕੇ ਮੰਗਿਆ ਗਿਆ ਰਿਕਾਰਡ/ਜਾਣਕਾਰੀ ਸਰਕਾਰ ਵੱਲੋਂ ਜਾਣ-ਬੁੱਝ ਕੇ ਮੁਹੱਈਆ ਨਾ ਕਰਵਾਉਣਾ ਬਹੁਤ ਹੀ ਮੰਦਭਾਗਾ ਹੈ। ਅੰਤ ਵਿਚ ਉਨ੍ਹਾਂ ਨੇ ਐਸਜੀਪੀਸੀ ਵਲੋਂ ਇਸ ਮਾਮਲੇ ਵਿਚ ਵਿਚਾਰ ਕਰਣ ਲਈ 6 ਅਪ੍ਰੈਲ ਦੀ ਮੀਟਿੰਗ ਵਿਚ ਸਿੱਖ ਜੱਥੇਬੰਦੀਆਂ ਨੂੰ ਵਡੀ ਗਿਣਤੀ ਵਿਚ ਸ਼ਾਮਿਲ ਹੋਣ ਦੀ ਅਪੀਲ ਕੀਤੀ ਹੈ।

### ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਪਲਵਿੰਦਰ ਸਿੰਘ ਤੇ ਹੋਰ ਮੁਲਾਜ਼ਮਾਂ ਨੂੰ

# ਸੇਵਾ ਮੁਕਤ ਹੋਣ 'ਤੇ ਕੀਤਾ ਸਨਮਾਨਤ





**ਅੰਮ੍ਰਿਤਸਰ, 31 ਮਾਰਚ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਅੱਜ ਸੇਵਾ ਮੁਕਤ ਹੋਏ ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਪਲਵਿੰਦਰ ਸਿੰਘ ਤੇ ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ ਨੂੰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰ ਅਧਿਕਾਰੀਆਂ ਨੇ ਗੁਰੂ ਬਖਸ਼ਿਸ਼ ਸਿਰੋਪਾਓ, ਸ੍ਰੀ ਸਾਹਿਬ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਤ ਕੀਤਾ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਸੇਵਾ ਮੁਕਤ ਹੋਏ ਇਨ੍ਹਾਂ ਅਧਿਕਾਰੀਆਂ ਵੱਲੋਂ ਨਿਭਾਈਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਚੰਗੇਰੇ ਭਵਿੱਖ ਲਈ ਅਰਦਾਸ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਤੇ ਭਾਈ ਅਜੈਬ ਸਿੰਘ ਅਭਿਆਸੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਵਿਚ ਸੇਵਾ ਨਿਭਾਉਣ ਵਾਲੇ ਬਹੁਤ ਸਾਰੇ ਪਰਿਵਾਰ ਉਨ੍ਹਾਂ ਸ਼ਹੀਦਾਂ ਦੀ ਵਿਰਾਸਤ ਹਨ, ਜਿਨ੍ਹਾਂ ਨੇ ਕੌਮ ਲਈ ਵੱਡੀਆਂ ਕੁਰਬਾਨੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਸੇਵਾਮੁਕਤ ਹੋਏ ਇਨ੍ਹਾਂ ਮੁਲਾਜ਼ਮਾਂ ਨੇ ਆਪਣੇ ਜ਼ੁੰਮੇ ਲੱਗੀ ਡਿਊਟੀ ਨੂੰ ਪੂਰੀ ਤਨਦੇਹੀ ਨਾਲ ਨਿਭਾਇਆ ਹੈ ਅਤੇ ਆਸ ਕਰਦੇ ਹਾਂ ਕਿ ਭਵਿੱਖ ਵਿਚ ਨਿਸ਼ਕਾਮ ਭਾਵਨਾ ਨਾਲ ਸਿੱਖ ਸੰਸਥਾ ਨੂੰ ਸਹਿਯੋਗ ਕਰਦੇ ਰਹਿਣਗੇ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਈਸ਼ਰ ਸਿੰਘ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਸੁਖਹਰਪ੍ਰੀਤ ਸਿੰਘ ਰੋਡੇ, ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ. ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਮਨਜੀਤ ਸਿੰਘ ਤਲਵੰਡੀ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਮੇਜਰ ਸਿੰਘ, ਸ. ਪ੍ਰਜਿੰਦਰ ਸਿੰਘ, ਸ. ਗੁਰਮੀਤ ਸਿੰਘ ਮੁਕਤਸਰੀ, ਸ. ਬਲਦੇਵ ਸਿੰਘ, ਸ. ਗੁਰਪ੍ਰੀਤ ਸਿੰਘ ਰੋਡੇ, ਸ. ਰਾਜਪਾਲ ਸਿੰਘ, ਸ. ਓਂਕਾਰ ਸਿੰਘ, ਮੈਨੇਜਰ ਸ. ਗੁਰਦੀਪ ਸਿੰਘ ਕੰਗ ਅਤੇ ਸੇਵਾ ਮੁਕਤ ਕਰਮਚਾਰੀਆਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।

### *ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਦੀ ਵਿਭਾਗੀ ਮੰਤਰੀ ਡਾ. ਬਲਜੀਤ ਕੌਰ ਨਾਲ ਅਹਿਮ ਮੀਟਿੰਗ

# ਕਈ ਮੰਗਾਂ 'ਤੇ ਮਿਲਿਆ ਹਾਂ-ਪੱਖੀ ਭਰੋਸਾ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਦੀ ਇੱਕ ਅਹਿਮ ਮੀਟਿੰਗ ਵਿਭਾਗੀ ਮੰਤਰੀ ਡਾ. ਬਲਜੀਤ ਕੌਰ ਨਾਲ ਹੋਈ, ਜਿਸ ਵਿੱਚ ਵਰਕਰਾਂ ਅਤੇ ਹੈਲਪਰਾਂ ਨਾਲ ਸੰਬੰਧਿਤ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਯੂਨੀਅਨ ਦੇ ਪ੍ਰਤਿਨਿਧੀਆਂ ਨੇ ਵੱਖ-ਵੱਖ ਮਸਲੇ ਮੰਤਰੀ ਦੇ ਧਿਆਨ ਵਿੱਚ ਲਿਆਏ, ਜਿਨ੍ਹਾਂ 'ਤੇ ਮੰਤਰੀ ਵੱਲੋਂ ਹਾਂ-ਪੱਖੀ ਰਵੱਈਆ ਅਪਣਾਉਂਦੇ ਹੋਏ ਜਲਦੀ ਹੱਲ ਦਾ ਭਰੋਸਾ ਦਿੱਤਾ ਗਿਆ। ਮੀਟਿੰਗ ਵਿੱਚ ਯੂਨੀਅਨ ਵੱਲੋਂ ਕੌਮੀ ਸੈਕਟਰੀ ਊਸ਼ਾ ਰਾਣੀ, ਸੂਬਾ ਪ੍ਰਧਾਨ ਹਰਜੀਤ ਕੌਰ, ਜਨਰਲ ਸਕੱਤਰ ਸੁਭਾਸ਼ ਰਾਣੀ ਅਤੇ ਖਜ਼ਾਨਚੀ ਅੰਮ੍ਰਿਤਪਾਲ ਕੌਰ ਹਾਜ਼ਰ ਰਹੇ। ਯੂਨੀਅਨ ਵੱਲੋਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀ ਪੈਨਸ਼ਨ ਅਤੇ ਗ੍ਰੈਚੂਇਟੀ ਦੇ ਮਸਲੇ ਨੂੰ ਪ੍ਰਮੁੱਖ ਤੌਰ 'ਤੇ ਉਠਾਇਆ ਗਿਆ। ਇਸ ਸਬੰਧੀ ਮੰਤਰੀ ਨੇ ਦੱਸਿਆ ਕਿ ਮਾਮਲਾ ਸਰਕਾਰ ਵੱਲੋਂ ਏ.ਜੀ. ਕੋਲ ਭੇਜਿਆ ਜਾ ਚੁੱਕਾ ਹੈ, ਉਨ੍ਹਾਂ ਇਸ ਮੰਗ ਉਤੇ ਹਾਂ-ਪੱਖੀ ਹੁੰਗਾਰਾ ਦਿੱਤਾ ਹੈ। ਇਸ ਤੋਂ ਇਲਾਵਾ ਹਰ ਸਾਲ ਮਾਣਭੱਤੇ ਵਿਚ 500 ਰੁਪਏ ਵਾਧੇ ਦੀ ਮੰਗ ਵੀ ਉਠਾਈ ਗਈ ਜਿਸ ਸਬੰਧੀ ਮੰਤਰੀ ਨੇ ਵਿਚਾਰ ਕਰਨ ਦਾ ਭਰੋਸਾ ਦਿੱਤਾ। ਹੈਲਪਰਾਂ ਦੀ ਤਰੱਕੀ ਦੇ ਮਸਲੇ ਬਾਰੇ ਮੰਤਰੀ ਅਤੇ ਵਿਭਾਗੀ ਸਕੱਤਰ ਨੇ ਭਰੋਸਾ ਦਿਵਾਇਆ ਕਿ ਇਸ ਸਬੰਧੀ ਜਲਦੀ ਗੱਲਬਾਤ ਕਰਕੇ ਉਚਿਤ ਫੈਸਲਾ ਲਿਆ ਜਾਵੇਗਾ। ਆਂਗਣਵਾੜੀ ਵਰਕਰਾਂ ਨੂੰ ਐਨਪੀਈ ਤਹਿਤ ਐਨਈਟੀਟੀ ਦਾ ਦਰਜਾ ਦੇਣ ਸਬੰਧੀ ਮੰਗ ਉਤੇ ਮੰਤਰੀ ਨੇ ਕਿਹਾ ਕਿ ਇਸ ਮਾਮਲੇ 'ਤੇ ਭਾਰਤ ਸਰਕਾਰ ਨਾਲ ਗੱਲਬਾਤ ਕੀਤੀ ਜਾਵੇਗੀ। ਇਸ ਦੇ ਨਾਲ ਹੀ 20 ਰੁਪਏ ਦੀ ਥਾਂ 200 ਰੁਪਏ ਟੀ.ਏ. ਦੇਣ ਦੀ ਮੰਗ ਸੰਬੰਧੀ ਪਿਛਲੀ ਮੀਟਿੰਗ ਦੀ ਕਾਪੀ ਵੀ ਪੇਸ਼ ਕੀਤੀ ਗਈ, ਜਿਸ 'ਤੇ ਮੰਤਰੀ ਵੱਲੋਂ ਭਰੋਸਾ ਦਿੱਤਾ ਗਿਆ ਕਿ ਇਸ ਮਸਲੇ ਦਾ ਜਲਦ ਨਿਪਟਾਰਾ ਕੀਤਾ ਜਾਵੇਗਾ। ਯੂਨੀਅਨ ਵੱਲੋਂ ਵਿਦੇਸ਼ ਜਾਣ ਲਈ ਛੁੱਟੀ ਦੇ ਨਿਯਮ ਸੌਖੇ ਕਰਨ ਦੀ ਮੰਗ ਵੀ ਰੱਖੀ ਗਈ। ਇਸ ਸਬੰਧੀ ਮੰਤਰੀ ਨੇ ਕਿਹਾ ਕਿ ਐਮਰਜੈਂਸੀ ਹਾਲਾਤ ਵਿੱਚ 24 ਤੋਂ 48 ਘੰਟਿਆਂ ਦੀ ਛੁੱਟੀ ਦੇਣ ਦੇ ਮਸਲੇ 'ਤੇ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੂੰ ਸੇਵਾ ਮੁਕਤੀ ਤੋਂ ਬਾਅਦ ਬੁਢਾਪਾ ਪੈਨਸ਼ਨ ਦੇ ਘੇਰੇ ਵਿੱਚ ਲਿਆਂਦਾ ਜਾਣ ਦੀ ਮੰਗ ਵੀ ਉਠਾਈ ਗਈ, ਜਿਸ 'ਤੇ ਮੰਤਰੀ ਵੱਲੋਂ ਹਾਂ-ਪੱਖੀ ਹੁੰਗਾਰਾ ਦਿੱਤਾ ਗਿਆ। ਆਂਗਣਵਾੜੀ ਮੁਲਾਜ਼ਮ ਯੂਨੀਅਨ ਨੇ 1 ਅਪ੍ਰੈਲ ਨੂੰ ਮਨਾਈ ਜਾ ਰਹੇ ਬਲੈਕ ਡੇਅ ਮੌਕੇ ਸਮੂਹ ਵਰਕਰਾਂ ਤੇ ਹੈਲਪਰਾਂ ਕਾਲੀਆਂ ਪੱਟੀਆਂ ਬੰਨ੍ਹ ਕੇ ਸੈਂਟਰ ਵਿਚ ਕੰਮ ਕਰਨ ਅਤੇ ਸਰਕਾਰ ਵਿਰੁੱਧ ਰੋਸ਼ ਪ੍ਰਦਰਸ਼ਨ ਕਰਨਗੀਆਂ।

# ਜਗਾ ਰਾਮ ਤੀਰਥ ਦੇ ਉਭਰਦੇ ਕਬੱਡੀ ਖਿਡਾਰੀ ਪ੍ਰਿਤਪਾਲ ਸਿੰਘ ਪਾਲਾ ਜਗਾ ਦਾ ਕੀਤਾ ਗਿਆ ਵਿਸ਼ੇਸ਼ ਸਨਮਾਨ



**ਤਲਵੰਡੀ ਸਾਬੋ, 31 ਮਾਰਚ (ਗੁਰਜੰਟ ਸਿੰਘ ਨਥੇਹਾ)**-ਤਲਵੰਡੀ ਸਾਬੋ ਦੇ ਪਿੰਡ ਜਗਾ ਰਾਮ ਤੀਰਥ ਦੇ ਜੰਮਪਲ ਉਭਰਦੇ ਕਬੱਡੀ ਖਿਡਾਰੀ ਪ੍ਰਿਤਪਾਲ ਸਿੰਘ ਪਾਲਾ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਚੜਦੀਕਲਾ ਵੈਲਫੇਅਰ ਕਲੱਬ ਜਗਾ ਰਾਮ ਤੀਰਥ ਦੇ ਪ੍ਰਧਾਨ ਜੱਗਾ ਸਿੰਘ ਨੇ ਦੱਸਿਆ ਕਿ ਪ੍ਰਿਤਪਾਲ ਸਿੰਘ ਉਰਫ ਪਾਲਾ ਸਿੰਘ ਪੁੱਤਰ ਸਤਨਾਮ ਸਿੰਘ ਨੇ ਸਾਲ 2019-20 ਤੋਂ ਕਬੱਡੀ ਖੇਡਣੀ ਸ਼ੁਰੂ ਕੀਤੀ। ਸਕੂਲ ਵਿੱਚ ਪੜ੍ਹਦਿਆਂ ਮਾਸਟਰ ਬਲਦੇਵ ਡੀ.ਪੀ ਨੇ ਕਬੱਡੀ ਖੇਡਣ ਲਈ ਪ੍ਰੇਰਤ ਕੀਤਾ ਅਤੇ ਸਕੂਲੀ ਖੇਡਾਂ ਵਿਚ ਉਸਨੇ ਨੈਸ਼ਨਲ ਸਟਾਈਲ ਕਬੱਡੀ ਵਿੱਚ ਵਧੀਆ ਪ੍ਰਦਰਸ਼ਨ ਕੀਤਾ। ਉਸ ਤੋਂ ਬਾਅਦ ਵਿੱਚ ਸਰਕਲ ਕਬੱਡੀ ਦੇ ਦਾਅ ਪੇਚ ਸਿਖਾਏ ਗਏ। ਅੱਜ ਪਾਲਾ ਸਿੰਘ ਨੂੰ ਉਹਨਾਂ ਦੇ ਚੰਗੇ ਪ੍ਰਦਰਸ਼ਨ ਲਈ ਉਹਨਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਨਮਾਨ ਵਿਚ ਘੁੱਦੂਵਾਲਾ ਵਿਖੇ ਉਸਨੂੰ 11000 ਹਜਾਰ ਰੁਪਏ ਤੇ ਇਕ ਵੱਡੇ ਕੱਪ ਨਾਲ ਸਨਮਾਨਤ ਕੀਤਾ ਗਿਆ ਅਤੇ ਆਉਣ ਵਾਲੇ ਦਿਨਾਂ ਵਿੱਚ ਮੋਟਰਸਾਈਕਲ ਨਾਲ ਸਨਮਾਨ ਕੀਤਾ ਜਾਵੇਗਾ। ਇਸ ਸਨਮਾਨ ਲਈ ਚੜ੍ਹਦੀਕਲ੍ਹਾ ਵੈਲਫੇਅਰ ਕਲੱਬ ਦੇ ਪ੍ਰਧਾਨ ਜੱਗਾ ਸਿੰਘ, ਬਿੱਟੂ ਸੰਧੂ ਖਜ਼ਾਨਚੀ, ਉਪ ਸਲਾਹਕਾਰ ਮਾਸਟਰ ਬਲਦੇਵ ਸਿੰਘ ਡੀ ਪੀ ਜਗਾ, ਸਿਕੰਦਰ ਸਿੰਘ, ਮਨਪ੍ਰੀਤ ਆਦੀ, ਪਾਲਾ ਮੈਂਬਰ, ਦੀਪਾ ਕਬੱਡੀ ਅਤੇ ਸਮੂਹ ਫੱਕਰ ਕਮੇਟੀ ਮੈਂਬਰ ਵੱਲੋਂ ਮੁਬਾਰਕਬਾਦ ਦਿੱਤੀ ਗਈ। ਪ੍ਰਧਾਨ ਜੱਗਾ ਸਿੰਘ ਨੇ ਦੱਸਿਆ ਕਿ ਪ੍ਰਿਤਪਾਲ ਸਿੰਘ ਪਾਲਾ ਦੇ ਸਨਮਾਨ ਲਈ ਅਗਲੇ ਵੱਡੇ ਐਲਾਨ ਹੈਪੀ, ਵਿੱਕੀ ਕਨੇਡਾ, ਦੀਸ਼ਾ ਬਹਿਣੀਵਾਲ, ਸਿੰਘ ਫੌਜੀ ਵੱਲੋਂ ਕੀਤੇ ਗਏ।

# ਪਾਠਕ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਲੱਡਾ ਕੋਠੀ ਵਿਖੇ ਪਹੁੰਚਣ 'ਤੇ ਕੀਤਾ ਨਿੱਘਾ ਸਵਾਗਤ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ.ਭਗਵੰਤ ਮਾਨ ਵੱਲੋਂ ਲੱਡਾ ਕੋਠੀ, ਸੰਗਰੂਰ ਵਿਖੇ 508 ਨਵੇਂ ਐਮਰਜੈਂਸੀ ਰਿਸਪਾਂਸ ਵਹੀਕਲ ਪੰਜਾਬ ਪੁਲਿਸ ਨੂੰ ਦਿੱਤੀਆ ਗਈਆ। ਸਿੱਖਿਆ ਕ੍ਰਾਂਤੀ ਦੇ ਹਲਕਾ ਕੋਆਰਡੀਨੇਟਰ ਉੱਘੇ ਸਮਾਜ ਸੇਵੀ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ. ਦਰਸ਼ਨ ਸਿੰਘ ਪਾਠਕ ਮੁੱਖ ਮੰਤਰੀ ਮਾਨ ਵੱਲੋਂ ਲੱਡਾ ਵਿਖੇ ਆਉਣ ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਦਰਸ਼ਨ ਸਿੰਘ ਪਾਠਕ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਉਹ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ ਜਿਨਾਂ ਨੇ ਰੋਜ਼ਾਨਾ ਐਕਸੀਡੈਂਟਾਂ ਨਾਲ ਹੋ ਰਹੀਆਂ ਮੌਤਾਂ ਨੂੰ ਠੱਲ ਪਾਉਣ ਦੇ ਲਈ ਪੰਜਾਬ ਪੁਲਿਸ ਨੂੰ ਇਹ ਗੱਡੀਆਂ ਦਿੱਤੀਆਂ ਹਨ। ਉਹਨਾਂ ਕਿਹਾ ਕਿ ਸਰਕਾਰ ਦੇ ਸ਼ਾਨਦਾਰ ਚਾਰ ਸਾਲਾਂ ਵਿੱਚ ਜਿੰਨੇ ਲੋਕ ਪੱਖੀ ਫੈਸਲੇ ਲਏ ਉਨਾਂ ਨੇ ਪੰਜਾਬ ਦੇ ਲੋਕਾਂ ਦਾ ਦਿਲ ਜਿੱਤਿਆ ਹੈ,ਪੰਜਾਬ ਦੇ ਲੋਕਾਂ ਨੇ ਹੁਣ ਮਨ ਬਣਾ ਲਿਆ ਹੈ ਕਿ ਉਹ 2027 ਦੇ ਵਿੱਚ ਵੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਹੀ ਬਣਾਉਣਗੇ ।

# ਗੁਰਦੇਵ ਸਿੰਘ ਬਾਠ ਯੂ ਐਸ ਏ ਨੂੰ ਸਦਮਾ-ਮਾਤਾ ਦਾ ਹੋਇਆ ਦਿਹਾਂਤ



**ਚੌਕ ਮਹਿਤਾ, 31 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰਦੇਵ ਸਿੰਘ ਬਾਠ ਭੋਏ ਯੂ ਐਸ ਏ , ਕਾਬਲ ਸਿੰਘ ਬਾਠ ਭੋਏ ਨੂੰ ਭਾਰੀ ਸਦਮਾ ਹੋਇਆ ਜਦੋਂ ਕਿ ਉਨ੍ਹਾਂ ਦੇ ਸਤਿਕਾਰ ਯੋਗ ਮਾਤਾ ਰਣਜੀਤ ਕੌਰ ਧਰਮ ਪਤਨੀ ਜਥੇਦਾਰ ਸੁਰਗਵਾਸੀ ਦ ਇਆ ਸਿੰਘ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਗੁਰੂ ਸਾਹਿਬ ਜੀ ਦੇ ਚਰਨਾਂ ਵਿਚ ਜਾ ਬਿਰਾਜੇ ਹਨ । ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਬੋਪਾਰਾਏ, ਪਿਰੰਸੀਪਲ ਗੁਰਸੇਵਕ ਸਿੰਘ, ਰਣਜੀਤ ਸਿੰਘ ਬਾਠ ਬਾਬੋਵਾਲ, ਬਾਬਾ ਬਲਰਾਜ ਸਿੰਘ ਰਾਜਾ, ਹੈਂਡ ਗ੍ਰੰਥੀ ਭਾਈ ਸੁਲੱਖਣ ਸਿੰਘ, ਜਗਰੂਪ ਸਿੰਘ ਬੋਪਾਰਾਏ, ਨਰਿੰਦਰ ਸਿੰਘ ਬਾਠ, ਬਾਬਾ ਜਸਾ ਸਿੰਘ, ਆਦਿ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੇ ਪ੍ਰਵਾਰ ਨਾਲ ਦੁੱਖ ਸਾਂਝਾ ਕੀਤਾ।

ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਮਿਤੀ 02ਅਪ੍ਰੈਲ 2026 ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਗ੍ਰਹਿ ਪਿੰਡ ਭੋਏ ਜ਼ਿਲਾ ਅੰਮ੍ਰਿਤਸਰ ਵਿਖੇ ਪੈਣਗੇ। ਉਪਰੰਤ ਸ਼ਬਦ ਕੀਰਤਨ ਅਤੇ ਅੰਤਿਮ ਅਰਦਾਸ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਮਹਿਤਾ ਰੋਡ ਵਿਖੇ 12 ਵਜੇ ਤੋਂ 1 ਵਜੇ ਤੱਕ ਹੋਵੇਗੀ ਆਪ ਜੀ ਨੇ ਸ਼ਾਮਿਲ ਹੋਣ ਦੀ ਕਿਰਪਾਲਤਾ ਕਰਨੀ ਜੀ।

### ਖਾਲਸਾ ਕਾਲਜ ਮਹਿਤਾ ਦੇ

# ਵਿਦਿਆਰਥੀਆਂ ਦਾ ਧਾਰਮਿਕ ਟੂਰ ਕਰਵਾਇਆ




**ਚੌਕ ਮਹਿਤਾ,31 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਜਿੱਥੇ ਵਿਦਿਆ ਦੇ ਖੇਤਰ ਵਿੱਚ ਮੋਹਰੀ ਮੱਲਾ ਮਾਰ ਰਿਹਾ , ਇਸ ਦੇ ਨਾਲ ਇੱਥੇ ਪੜਦੇ ਬੱਚਿਆਂ ਨੂੰ ਧਾਰਮਿਕ ਸਿੱਖਿਆ ਸੰਬੰਧੀ ਜਾਣਕਾਰੀ ਦੇਣ ਦੇ ਮੰਤਵ ਨਾਲ ਸਮੇਂ ਸਮੇਂ ਉਪਰਾਲੇ ਵੀ ਕਰ ਰਿਹਾ ਹੈ ।ਇਸ ਸਬੰਧੀ ਅੱਜ ਕਾਲਜ ਦੇ ਵਿਦਿਆਰਥੀਆਂ ਨੂੰ ਗੁਰਦੁਆਰਾ ਟਾਹਲਾ ਸਾਹਿਬ ਅੰਮ੍ਰਿਤਸਰ ਵਿਖੇ ਧਾਰਮਿਕ ਟੂਰ ਕਰਵਾਇਆ ਗਿਆ। ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਟੂਰ ਨੂੰ ਰਵਾਨਾ ਕਰਨ ਮੌਕੇ ਇਸ ਅਸਥਾਨ ਦੇ ਇਤਿਹਾਸ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ।ਇਸ ਮੌਕੇ ਪ੍ਰਿੰਸੀਪਲ ਸਾਹਿਬ ਨੇ ਧਾਰਮਿਕ ਟੂਰ ਦੀ ਮਹੱਤਤਾ ਦੱਸਦਿਆ ਹੋਇਆ ਕਿਹਾ ਕਿ ਅਜੋਕੇ ਸਮੇਂ ਵਿੱਚ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਸਿੱਖ ਗੁਰਦੁਆਰਿਆਂ ਦੇ ਦਰਸ਼ਨ ਕਰਨੇ ਅਤੇ ਸਿੱਖ ਕੌਮ ਦੇ ਇਤਿਹਾਸਿਕ ਪਿਛੋਕੜ ਨੂੰ ਜਾਣਨ ਲਈ ਟੂਰ ਬਹੁਤ ਹੀ ਮਹੱਤਵਪੂਰਨ ਹਨ ਅਤੇ ਵਿਦਿਆਰਥੀਆਂ ਨੂੰ ਨਸ਼ੇ ਤੋਂ ਦੂਰ ਰੱਖਣ ਲਈ ਬਾਣੀ ਨਾਲ ਜੋੜਨਾ ਬਹੁਤ ਜਰੂਰੀ ਹੈ। ਇਸ ਦੌਰਾਨ ਵਿਦਿਆਰਥੀਆਂ ਨੂੰ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰਵਾਏ ਗਏ। ਸਮੂਹ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਨੇ ਸਰਬੱਤ ਦੇ ਭਲੇ ਲਈ ਅਤੇ ਅਦਾਰੇ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਅਤੇ ਇਸ ਉਪਰੰਤ ਸਮੂਹ ਸੰਗਤਾਂ ਨੇ ਲੰਗਰ ਛਕਿਆ। ਇਸ ਟੂਰ ਵਿੱਚ ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ,ਕੁਲਦੀਪ ਕੌਰ, ਮਨਜੀਤ ਕੌਰ, ਨਵਨੀਤ ਕੌਰ ,ਅਰਸ਼ਦੀਪ ਕੌਰ ,ਪੂਰਤੀ ਸ਼ਰਮਾ ,ਗੁਰਵਿੰਦਰ ਕੌਰ ਗੁਰਸ਼ਰਨਪ੍ਰੀਤ ਕੌਰ ,ਸੁਪ੍ਰੀਤ ਕੌਰ ,ਸੁਖਮਨਦੀਪ ਕੌਰ ,ਅਮਨਦੀਪ ਕੌਰ ,ਪਵਨਪ੍ਰੀਤ ਕੌਰ ਬਲਜੀਤ ਕੌਰ ਅਤੇ ਕਾਬਲ ਸਿੰਘ ਆਦਿ ਵੀ ਸ਼ਾਮਿਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਦੇਸ਼ ਭਗਤ ਯਾਦਗਾਰ ਹਾਲ 'ਚ ਇਕੱਠੇ ਹੋ ਕੇ ਕਾਲੇ ਝੰਡਿਆਂ ਨਾਲ ਮੁਜ਼ਾਹਰਾ ਕਰਨ ਦਾ ਐਲਾਨ

# ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਰੱਦ ਕਰਵਾਉਣ ਲਈ ਪੰਜਾਬ ਦੀਆਂ ਟਰੇਡ ਯੂਨੀਅਨਾਂ ਵਲੋਂ ਵਿਰੋਧ ਦਾ ਸੱਦਾ



ਹੁਸ਼ਿਆਰਪੁਰ, 31 ਮਾਰਚ (ਆਵਾਜ਼ਿ ਕੌਮ ਬਿਊਰੋ)- ਇਫਟੂ, ਸੀਟੀਯੂ, ਏਟਕ ਸਮੇਤ ਕੇਂਦਰੀ ਅਤੇ ਪੰਜਾਬ ਦੀਆਂ ਟਰੇਡ ਯੂਨੀਅਨਾਂ ਵਲੋਂ ਚਾਰ ਲੇਬਰ ਕੋਡਾਂ ਦੇ ਵਿਰੋਧ ਵਿੱਚ ਕਾਲਾ ਦਿਵਸ ਐਲਾਨਦਿਆਂ 1 ਅਪ੍ਰੈਲ ਨੂੰ ਪੰਜਾਬ ਭਰ ਚ "ਸੰਘਰਸ਼ ਦਿਵਸ" ਮਨਾਉਣ ਦਾ ਫ਼ੈਸਲਾ ਕੀਤਾ ਹੈ। ਇਸ ਕੜੀ ਵਜੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਇਕੱਠੇ ਹੋ ਕੇ ਸ਼ਹਿਰ ਵਿੱਚ ਮੁਜ਼ਾਹਰਾ ਕੀਤਾ ਜਾਵੇਗਾ। ਅੱਜ ਏਥੇ ਮਜ਼ਦੂਰ ਆਗੂ ਹਰੀਮੁਨੀ ਸਿੰਘ ਦੀ ਪ੍ਰਧਾਨਗੀ ਹੇਠ ਟਰੇਡ ਯੂਨੀਅਨਾਂ ਦੀ ਹੋਈ ਮੀਟਿੰਗ ਚ ਫ਼ੈਸਲਾ ਕੀਤਾ ਗਿਆ। ਮੀਟਿੰਗ ਵਿੱਚ ਸੀਟੀਯੂ ਦੇ ਹਰੀਮੁਨੀ ਸਿੰਘ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾਂ,ਏਟਕ ਆਗੂ ਰਣਜੀਤ ਸਿੰਘ ਔਲਖ ਅਤੇ ਰਛਪਾਲ ਕੈਲੇ ਆਦਿ ਸ਼ਾਮਲ ਹੋਏ। ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਤੇ ਦੇਸ਼ੀ ਵਿਦੇਸ਼ੀ ਸਰਮਾਏਦਾਰਾਂ ਨੂੰ ਖੁਸ਼ ਕਰਨ ਲਈ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਤੇ ਸੰਘਰਸ਼ ਕਰਨ ਵਰਗੇ ਜਮਹੂਰੀ ਹੱਕ ਖੋਹਣ ਲਈ ਮਜ਼ਦੂਰ ਪੱਖੀ 29 ਲੇਬਰ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡ ਲੈ ਕੇ ਆਈ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਇਹਨਾਂ ਚਾਰ ਲੇਬਰ ਕੋਡਾਂ ਨੂੰ 1 ਅਪ੍ਰੈਲ ਤੋਂ ਲਾਗੂ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਕੋਲ ਆਪਣੇ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਅਤੇ ਪ੍ਰਾਪਤ ਕਰਨ ਲਈ ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦਾ ਜਮਹੂਰੀ ਅਧਿਕਾਰ ਖ਼ਤਮ ਹੋ ਜਾਵੇਗਾ। ਪੱਕੀ ਨੌਕਰੀ ਦੀ ਥਾਂ "ਫਿਕਸਡ ਟਰਮ ਇੰਪਲਾਇਮੈਂਟ" ਲਾਗੂ ਹੋਵੇਗਾ,ਨੌਕਰੀ ਦੀ ਸੁਰੱਖਿਆ ਖ਼ਤਮ ਹੋ ਜਾਵੇਗੀ। ਕੰਮ ਦਾ ਮਿਹਨਤਾਨਾ ਵਧਾਉਣ ਦੀ ਥਾਂ ਕੰਮ ਘੰਟੇ 8 ਤੋਂ 12 ਘੰਟੇ ਦੀ ਦਿਹਾੜੀ ਹੋਵੇਗੀ। ਇਨ੍ਹਾਂ ਕੋਡਾਂ ਰਾਹੀਂ ਗਰੀਬੀ ਰੇਖਾ ਤੋਂ ਹੇਠਾਂ ਇਕ ਰਾਸ਼ਟਰੀ ਫਲੋਰ ਘੱਟੋ-ਘੱਟ ਮਜ਼ਦੂਰੀ ਨੂੰ ਕਾਨੂੰਨੀ ਜਾਮਾ ਪਹਿਨਾਇਆ ਜਾ ਰਿਹਾ ਹੈ, ਜਿਸ ਨਾਲ ਅਸਲ ਘੱਟੋ-ਘੱਟ ਮਜ਼ਦੂਰੀ ਦੇ ਅਧਿਕਾਰ ਨੂੰ ਖਤਮ ਕੀਤਾ ਜਾ ਰਿਹਾ ਹੈ। ਅਸੰਗਠਿਤ ਖੇਤਰ ਦੇ ਮਜ਼ਦੂਰਾਂ ਨੂੰ ਹੱਕਾਂ ਤੋਂ ਵੰਚਿਤ ਕੀਤਾ ਗਿਆ ਹੈ। ਇਹ ਕੋਡ ਭਾਰਤੀ ਸੰਵਿਧਾਨ, ਅੰਤਰਰਾਸ਼ਟਰੀ ਮਜ਼ਦੂਰ ਮਿਆਰਾਂ ਅਤੇ ਮਨੁੱਖੀ ਅਧਿਕਾਰਾਂ ਦੇ ਖਿਲਾਫ਼ ਹਨ। ਇਸਦਾ ਡੱਟ ਕੇ ਵਿਰੋਧ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵੱਡੀਆਂ ਕੁਰਬਾਨੀ ਦੇ ਕੇ ਪ੍ਰਾਪਤ ਕੀਤੇ ਅਧਿਕਾਰਾਂ ਅਤੇ ਮਜ਼ਦੂਰਾਂ ਵਿਰੋਧੀ ਚਾਰ ਲੇਬਰ ਕੋਡ ਰੱਦ ਕਰਵਾਉਣ ਲਈ ਮਜ਼ਦੂਰ ਲਹਿਰ ਖੜ੍ਹੀ ਕਰਦਿਆਂ ਸੰਘਰਸ਼ਾਂ ਦੇ ਮੈਦਾਨ ਵਿੱਚ ਕੁੱਦਣਾ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਜਨਤਾ ਮਾਡਰਨ ਸਕੂਲ ਵਿਖੇ ਸਲਾਨਾ ਇਨਾਮ ਵੰਡ ਸਮਾਰੋਹ ਆਯੋਜਿਤ ਕੀਤਾ ਗਿਆ



**ਚੌਕ ਮਹਿਤਾ,30 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਜਨਤਾ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਵਿਖੇ ਸਕੂਲ ਚੇਅਰਮੈਨ ਸ. ਪਰਮਜੀਤ ਸਿੰਘ ਸੰਧੂ ਦੀ ਸਰਸਤੀ ਹੇਠ ਸਲਾਨਾ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ । ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸ੍ਰੀਮਤੀ ਸੁਹਿੰਦਰ ਕੌਰ ਧਰਮਸੁਪਤਨੀ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਅਤੇ ਸ੍ਰੀ ਸੰਦੀਪ ਵਡੇਰਾ ਪੁਲਿਸ ਕਪਤਾਨ ਬਟਾਲਾ ਹਾਜ਼ਰ ਹੋਏ । ਇਸ ਮੌਕੇ ਤੇ ਸ. ਕੁਲਵੰਤ ਸਿੰਘ ਰਿਟਾਇਰਡ ਡੀ.ਐੱਸ. ਪੀ., ਠੇਕੇਦਾਰ ਲਖਵਿੰਦਰ ਸਿੰਘ ਜਲਾਲ ਉਸਮਾਂ ਸਰਪੰਚ, ਪ੍ਰਧਾਨ ਸ੍ਰੀ ਅਮਰ ਰਾਵਤ ਅਤੇ ਇਲਾਕੇ ਦੀਆਂ ਨਾਮਵਰ ਸ਼ਖਸੀਅਤਾਂ ਹਾਜ਼ਰ ਸਨ । ਜਿਨਾਂ ਨੂੰ ਸਕੂਲ ਚੇਅਰਮੈਨ ਸ. ਪਰਮਜੀਤ ਸਿੰਘ ਸੰਧੂ ਨੇ ਜੀ ਆਇਆਂ ਆਖਿਆ। ਆਏ ਹੋਏ ਮਹਿਮਾਨਾਂ ਨੇ ਸਮੁੱਚੀਆਂ ਗਤੀਵਿਧੀਆਂ ਦੀ ਸਰਾਹਨਾ ਕਰਦਿਆਂ ਸਮੂਹ ਵਿਦਿਆਰਥੀਆਂ ਨੂੰ ਉੱਜਵਲ ਭਵਿੱਖ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ ।ਇਸ ਮੌਕੇ ਤੇ ਸਕੂਲ ਡਾਇਰੈਕਟਰ ਸ੍ਰੀਮਤੀ ਸੁਖਬੀਰ ਕੌਰ ਸੰਧੂ, ਡਾਇਰੈਕਟਰ ਡਾ ਖ਼ੁਸ਼ਪ੍ਰੀਤ ਕੌਰ ਸੰਧੂ, ਡਾ. ਜਸਪ੍ਰੀਤ ਸਿੰਘ ਸੰਧੂ ਹਾਜ਼ਰ ਸਨ। ਸਕੂਲ ਪ੍ਰਿੰਸੀਪਲ ਮੈਡਮ ਸਤਵਿੰਦਰ ਕੌਰ ਰੰਧਾਵਾ ਨੇ ਆਈਆਂ ਹੋਈਆਂ ਸ਼ਖ਼ਸ਼ੀਅਤਾਂ ਦਾ ਧੰਨਵਾਦ ਕਰਦਿਆਂ ਸਮੂਹ ਸਟਾਫ, ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਝਾੜ ਸਾਹਿਬ ਕਾਲਜ ਵਿਖੇ ਹੋਮ ਸਾਇੰਸ ਵਿਭਾਗ ਵੱਲੋਂ ਕੈਫੇਟੇਰੀਆ ਦਾ ਆਯੋਜਨ



**ਮਾਛੀਵਾੜਾ ਸਾਹਿਬ, 31 ਮਾਰਚ (ਆਵਾਜ਼ਿ ਕੌਮ ਬਿਊਰੋ)**-ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਾਰ ਵਿੱਦਿਅਕ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ,ਝਾੜ ਸਾਹਿਬ (ਲੁਧਿ.) ਦੇ ਹੋਮ ਸਾਇੰਸ ਵਿਭਾਗ ਵੱਲੋਂ ਹੋਮ ਸਾਇੰਸ ਲੈਬ ਵਿੱਚ ਕੈਫੇਟੇਰੀਆ ਦਾ ਆਯੋਜਨ ਕੀਤਾ ਗਿਆ ।ਇਸ ਕੈਫੇਟੇਰੀਆ ਦਾ ਮੁੱਖ ਆਕਰਸ਼ਣ ਪਾਵ ਭਾਜੀ ਕੌਂਬੋ ਮੌਕਟੇਲ ਜਾਂ ਕੋਲਡ ਕਾਫੀ ਨਾਲ ਸੀ । ਇਸ ਗਤੀਵਿਧੀ ਦਾ ਆਯੋਜਨ ਹੋਮ ਸਾਇੰਸ ਵਿਭਾਗ ਦੇ ਮੁੱਖੀ ਡਾ. ਰਣਜੀਤ ਕੌਰ ਦੀ ਰਹਿਨੁਮਾਈ ਹੇਠ ਵਿਦਿਆਰਥੀਆਂ ਵੱਲੋਂ ਕੀਤਾ ਗਿਆ ।ਇਸ ਦਾ ਉਦੇਸ਼ ਵਿਦਿਆਰਥਣਾਂ ਨੂੰ ਵਿਹਾਰਕ ਹੁੰਨਰ ਦੇ ਨਾਲ ਭੋਜਨ ਦੀ ਤਿਆਰੀ ,ਪ੍ਰਸਤੁਤੀਕਰਨ ਅਤੇ ਪ੍ਰਬੰਧਨ ਬਾਰੇ ਪ੍ਰਯੋਗਾਤਮਕ ਤਜੁਰਬਾ ਦੇਣਾ ਸੀ ।ਇਹ ਗਤੀਵਿਧੀ ਨਵੀ ਸਿੱਖਿਆ ਨੀਤੀ (ਓਫ) ਦੇ ਤਹਿਤ ਕਰਵਾਈ ਗਈ, ਜਿਸ ਨਾਲ ਵਿਦਿਆਰਥਣਾਂ ਵਿੱਚ ਪ੍ਰਯੋਗਾਤਮਕ ਸਿੱਖਿਆ ਅਤੇ ਕੌਸ਼ਲ ਵਿਕਾਸ ਨੂੰ ਉਤਸ਼ਾਹ ਮਿਲਦਾ ਹੈ ।ਹੋਮ ਸਾਇੰਸ ਵਿਭਾਗ ਵੱਲੋਂ ਇਸ ਤੋਂ ਪਹਿਲਾਂ ਵੀ ਗੋਲ-ਗੱਪਿਆਂ ਦਾ ਸਟਾਲ ਲਗਾਇਆ ਗਿਆ ਸੀ ।ਇਸ ਤੋਂ ਇਲਾਵਾ ਵਿਭਾਗ ਵੱਲੋਂ ਅਚਾਰ,ਚਾਹ-ਮਸਾਲਾ ਅਤੇ ਬਿਸਕੁਟ ਵੀ ਤਿਆਰ ਕਰਕੇ ਵੇਚੇ ਜਾਂਦੇ ਹਨ, ਜਿਸ ਨਾਲ ਵਿਦਿਆਰਥੀਆਂ ਨੂੰ ਘਰੇਲੂ ਉਤਪਾਦ ਬਣਾਉਣ ਅਤੇ ਉਨ੍ਹਾਂ ਦੀ ਵਿਕਰੀ ਬਾਰੇ ਪ੍ਰਯੋਗਾਤਮਕ ਗਿਆਨ ਮਿਲਦਾ ਹੈ। ਅਜਿਹੀਆਂ ਗਤੀਵਿਧੀਆਂ ਵਿਦਿਆਰਥਣਾਂ ਨੂੰ ਆਪਣੇ ਛੋਟੇ ਬਿਜਨਸ ਨੂੰ ਚਲਾਉਣ ਅਤੇ ਉਦਯਮਿਤਾ ਬਾਰੇ ਸਿੱਖਣ ਦਾ ਮੌਕਾ ਦਿੰਦੀਆਂ ਹਨ। ਇਹ ਵਿਦਿਆਰਥਣਾਂ ਲਈ ਇੱਕ ਬਹੁਤ ਹੀ ਵਧੀਆ ਪਲੇਟਫਾਰਮ ਹੈ, ਜਿੱਥੋਂ ਉਹ ਪ੍ਰਯੋਗਾਤਮਕ ਤਜਰਬਾ ਹਾਸਿਲ ਕਰਕੇ ਭਵਿੱਖ ਵਿੱਚ ਆਪਣਾ ਕੋਈ ਵੀ ਕੰਮ ਜਾਂ ਬਿਜਨਸ ਸ਼ੁਰੂ ਕਰ ਸਕਦੇ ਹਨ ।ਵਿਦਿਆਰਥਣਾਂ ਨੇ ਭੋਜਨ ਦੀ ਤਿਆਰੀ ਅਤੇ ਸਰਵਿਸ ਵਿੱਚ ਬਹੁਤ ਉਤਸ਼ਾਹ ਨਾਲ ਭਾਗ ਲਿਆ ਸੁਆਦੀ ਪਾਵ-ਭਾਜੀ ਅਤੇ ਤਾਜ਼ਗੀ ਭਰੇ ਪੇਅ ਪਦਾਰਥਾਂ ਨੂੰ ਆਏ ਹੋਏ ਮਹਿਮਾਨਾਂ ਅਤੇ ਕਾਲਜ ਸਟਾਫ ਵੱਲੋ ਬਹੁਤ ਸਰਾਹਿਆ ਗਿਆ ।ਕਾਲਜ ਪ੍ਰਿੰਸੀਪਲ ਡਾ ਰਜਿੰਦਰ ਕੌਰ ਨੇ ਹੋਮ ਸਾਇੰਸ ਵਿਭਾਗ ਦੇ ਯਤਨਾਂ ਦੀ ਪ੍ਰਸੰਸ਼ਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥਣਾਂ ਦੇ ਹੁੰਨਰ ਅਤੇ ਆਤਮ-ਵਿਸ਼ਵਾਸ ਨੂੰ ਵਿਕਸਿਤ ਕਰਦੀਆਂ ਹਨ।



## ਜਨਮ ਦਿਨ ਮੁਬਾਰਕ

ਸਮਾਜ ਸੇਵੀ ਦਰਸ਼ਨ ਸਿੰਘ ਖ਼ਾਲਸਾ
ਪਿੰਡ ਫਤਿਹਗੜ੍ਹ ਛੰਨਾ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜੇਤੂ ਟੀਮਾਂ ਨੂੰ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਕੀਤਾ ਸਨਮਾਨਿਤ

# ਹਠੂਰ ਵਿੱਚ 10ਵਾਂ ਵਿਰਸਾ ਸੰਭਾਲ ਗੱਤਕਾ ਕੱਪ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ


















ਜਗਰਾਉਂ (ਵਰਿਆਮ ਹਠੂਰ) ਮੀਰੀ ਪੀਰੀ ਦੇ ਮਾਲਕ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਕਸਬਾ ਹਠੂਰ ਦੀ ਭਾਗਾਂ ਭਰੀ ਧਰਤੀ ਤੇ ਸ਼ਸੋਭਿਤ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਵਿਖੇ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਪਤਿਤਪੁਣੇ ਵੱਲੋਂ ਮੁੜ ਗੁਰਸਿੱਖੀ ਨਾਲ ਜੋੜਨ ਲਈ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਅਤੇ 20ਵੀਂ ਸਦੀ ਦੇ ਮਹਾਨ ਜਰਨੈਲ ਅਤੇ ਦਮਦਮੀ ਟਕਸਾਲ ਦੇ 14ਵੇਂ ਮੁਖੀ ਰਹੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਅਤੇ ਖਾਲਸੇ ਦੇ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ 10ਵਾਂ ਵਿਰਸਾ ਸੰਭਾਲ ਗੱਤਕਾ ਕੱਪ ਗੁਰਦੁਆਰਾ ਪ੍ਰਬੰਧਕ ਕਮੇਟੀ, ਸਮੂਹ ਗ੍ਰਾਮ ਪੰਚਾਇਤ, ਨਗਰ ਨਿਵਾਸੀਆਂ, ਕੈਲੇਫੋਰਨੀਆਂ ਗੱਤਕਾ ਦਲ, ਮਿਸਲ ਮੈਮੋਰੀਅਲ ਅਤੇ ਵੀਰ ਗੁਰਜਿੰਦਰ ਸਿੰਘ ਯੂ ਐੱਸ ਏ ਦੇ ਸਹਿਯੋਗ ਸਦਕਾ ਬੜੀ ਹੀ ਸ਼ਾਨੋ ਸ਼ੌਕਤ ਨਾਲ ਕਰਵਾਇਆ ਗਿਆ, ਗੱਤਕਾ ਕੱਪ ਦੀ ਅਰੰਭਤਾ ਤੋਂ ਪਹਿਲਾਂ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਵਿਖੇ ਚੜ੍ਹਦੀ ਕਲਾ ਦੀ ਅਰਦਾਸ ਬੇਨਤੀ ਕਰਨ ਉਪਰੰਤ ਖ਼ਾਲਸਾਈ ਰਵਾਇਤਾਂ ਅਨੁਸਾਰ ਨਗਰ ਵਿੱਚ ਜ਼ੋਸ਼ੀਲੇ ਅੰਦਾਜ਼ ਵਿੱਚ ਮਹੱਲਾ ਕੱਢਿਆ ਗਿਆ, ਪਨਗਰੇਨ ਦੇ ਚੇਅਰਮੈਨ ਤੇਜਪਾਲ ਸਿੰਘ ਗਿੱਲ, ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ ਅਤੇ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਭਾਈ ਹਰਪ੍ਰੀਤ ਸਿੰਘ ਖਾਲਸਾ, ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ ਵੱਲੋਂ ਗੁਬਾਰੇ ਛੱਡ ਕੇ ਗੱਤਕਾ ਕੱਪ ਦੀ ਰਸਮੀ ਅਰੰਭਤਾ ਕੀਤੀ, ਸਟੇਜ ਤੇ ਸਭ ਤੋਂ ਪਹਿਲਾਂ ਗੁਰਮਤਿ ਸੰਗੀਤ ਅਕੈਡਮੀ ਮਾਣੂੰਕੇ ਅਤੇ ਗੁਰੂ ਹਰਗੋਬਿੰਦ ਸਾਹਿਬ ਕੀਰਤਨ ਅਕੈਡਮੀ ਦੀਆਂ ਹੋਣਹਾਰ ਬੱਚੀਆਂ ਵੱਲੋਂ ਸ਼ਬਦ ਕੀਰਤਨ ਕੀਤਾ ਗਿਆ, ਗੱਤਕਾ ਕੱਪ ਤੇ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਲੜਕੇ ਅਤੇ ਲੜਕੀਆਂ ਦੀਆਂ ਗੱਤਕਾ ਟੀਮਾਂ ਪਹੁੰਚੀਆਂ ਅਤੇ ਤੇ ਗੱਤਕਾ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜੱਜ ਸਹਿਬਾਨਾਂ ਦੀ ਜੱਜਮੈਂਟ ਤੋਂ ਬਾਅਦ ਜੇਤੂ ਟੀਮਾਂ ਨੂੰ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਸਟੇਜ ਤੋਂ ਵਿਸ਼ੇਸ਼ ਤੌਰ ਤੇ ਗੁਰੂ ਹਰਗੋਬਿੰਦ ਸਾਹਿਬ ਕੀਰਤਨ ਅਕੈਡਮੀ ਦੀਆਂ ਬੱਚੀਆਂ ਅਤੇ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਸਟੇਟ ਨੈਸ਼ਨਲ ਪੱਧਰ ਤੇ ਖੇਡੇ ਵਿਦਿਆਰਥੀਆਂ ਨੂੰ ਸਾਈਕਲ ਦੇ ਕੇ ਸਨਮਾਨਿਤ ਕੀਤਾ ਗਿਆ, ਇਸ ਤੋਂ ਇਲਾਵਾ ਗੱਤਕਾ ਕੱਪ ਲਈ ਸਹਿਯੋਗ ਦੇਣ ਵਾਲੀਆਂ ਸਤਿਕਾਰਯੋਗ ਸਖਸੀਅਤਾਂ ਸਮੇਤ ਐੱਸ ਐੱਚ ਓ ਕੁਲਦੀਪ ਕੁਮਾਰ ਅਤੇ ਉਨ੍ਹਾਂ ਨਾਲ ਆਏ ਪੁਲਿਸ ਅਧਿਕਾਰੀਆਂ, ਕਵੀਸ਼ਰ ਅਤੇ ਲੇਖਕ ਵਾਹਿਗੁਰੂ ਪਾਲ ਸਿੰਘ ਬੁਰਜ ਕਲਾਰਾ ਨੂੰ ਵੀ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਇਸ ਮੌਕੇ ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ, ਪਨਗਰੇਨ ਦੇ ਚੇਅਰਮੈਨ ਤੇਜਪਾਲ ਸਿੰਘ ਗਿੱਲ, ਸਰਪੰਚ ਜਸਕਮਲਪ੍ਰੀਤ ਸਿੰਘ ਨਿੱਕਾ ਹਠੂਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਸ਼ਹਿਰੀਨ ਕੌਰ ਖਾਲਸਾ ਅਤੇ ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਨੇ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਵੱਲੋਂ 10ਵਾਂ ਵਿਰਸਾ ਸੰਭਾਲ ਗੱਤਕਾ ਕੱਪ ਕਰਵਾਉਣ ਲਈ ਪੁੱਟੇ ਕਦਮਾਂ ਦੀ ਸ਼ਲਾਘਾ ਕੀਤੀ ਅਤੇ ਜੇਤੂ ਟੀਮਾਂ ਨੂੰ ਮੁਬਾਰਕਾਂ ਦਿੱਤੀਆਂ, ਅੰਤ ਵਿੱਚ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਭਾਈ ਹਰਪ੍ਰੀਤ ਸਿੰਘ ਖਾਲਸਾ ਨੇ ਸਮੂਹ ਟੀਮਾਂ, ਜੱਜਮੈਂਟ ਵਾਲੀ ਟੀਮ, ਗ੍ਰਾਮ ਪੰਚਾਇਤ, ਨਗਰ ਨਿਵਾਸੀਆਂ ਐੱਨ ਆਰ ਆਈ ਵੀਰਾਂ ਅਤੇ ਗੱਤਕਾ ਕੱਪ ਲਈ ਸਹਿਯੋਗ ਕਰਨ ਵਾਲੀਆਂ ਸਾਰੀਆਂ ਸਤਿਕਾਰਯੋਗ ਸਖਸੀਅਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ, ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ, ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ, ਪ੍ਰਧਾਨ ਰਜਿੰਦਰ ਸਿੰਘ ਧਾਲੀਵਾਲ, ਜੇਈ ਤਰਲੋਚਨ ਸਿੰਘ ਹਠੂਰ, ਇਕਬਾਲ ਸਿੰਘ ਹਠੂਰ, ਪੰਚ ਮੁਖਤਿਆਰ ਸਿੰਘ ਕਲੇਰ, ਪੰਚ ਜਗਦੇਵ ਸਿੰਘ ਬੱਬੂ ਗਰੇਵਾਲ, ਪੰਚ ਪਾਲਾ ਸਿੰਘ, ਪੰਚ ਜਗਦੀਪ ਸਿੰਘ ਦੀਪਾ ਸਰਾਂ, ਦੇਸਰਾਜ ਸਿੰਘ ਖਾਲਸਾ, ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ, ਪਰਮਿੰਦਰ ਸਿੰਘ ਬਲਾਕ ਸੰਮਤੀ ਮੈਂਬਰ, ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਅਨੇਕਾਂ ਗੱਤਕਾ ਖਿਡਾਰੀ ਅਤੇ ਦਰਸ਼ਕ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243